ੴ ਵਾਹਿਗੁਰੂ ਜੀ ਕੀ ਫ਼ਤਹ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ

ਮਾਸਿਕ ਪੱਤਰ

# ਗੁਰਦੁਆਰਾ ਗਜ਼ਟ

ਪੋਹ ਨਾਨਕਸ਼ਾਹੀ ਸੰਮਤ ੫੪੯
ਅੰਕ ੧੨ ਜਿਲਦ ੬੪
ਦਸੰਬਰ ੨੦੧੭

ਸੰਪਾਦਕ ਦਿਲਜੀਤ ਸਿੰਘ 'ਬੇਦੀ'

**ਸਹਾਇਤਾ**

| ਦੇਸ਼ | ਵਿਦੇਸ਼ |
|---|---|
| ਸਾਲਾਨਾ ੨੦/- | ਸਾਲਾਨਾ ੫੦੦/- |
| ਲਾਈਫ਼ ੨੦੦/- | (ਹਵਾਈ ਡਾਕ) |

***Website : www.sgpc.net***
***E-mail : gurdwaragazette@gmail.com***
***info@sgpc.net***

***Phone: 0183-255 3956-60, Ext. 254***


## ਜ਼ਰੂਰੀ ਬੇਨਤੀ

ਸੰਗਤਾਂ ਦੀ ਸਹੂਲਤ ਨੂੰ ਮੁੱਖ-ਰਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪਾਂ ਦੀ ਸਾਂਭ-ਸੰਭਾਲ 'ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ', ਗੁਰਦੁਆਰਾ ਸ੍ਰੀ ਰਾਮਸਰ ਸਾਹਿਬ (ਨਜ਼ਦੀਕ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ 'ਸ਼ਹੀਦ') ਵਿਖੇ ਕਰਨ ਦਾ ਫ਼ੈਸਲਾ ਕੀਤਾ ਹੈ। ਪਾਵਨ ਬਿਰਧ ਸਰੂਪ ਲੈ ਕੇ ਆਈਆਂ ਸੰਗਤਾਂ ਇਥੋਂ ਹੀ ਪਾਵਨ ਸਰੂਪ ਵੀ ਪ੍ਰਾਪਤ ਕਰ ਸਕਦੀਆਂ ਹਨ। ਸੋ ਸਮੂਹ ਸੰਗਤਾਂ ਦੀ ਸੇਵਾ ਵਿਚ ਬਿਨੈ ਹੈ ਕਿ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਲਿਆਉਣ ਦੀ ਕ੍ਰਿਪਾਲਤਾ ਕਰਨ।

ਗੁਰੂ-ਪੰਥ ਦਾ ਦਾਸ,
ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

---


ਕੇਂਦਰੀ ਲਾਇਬ੍ਰੇਰੀ ਕਮੇਟੀ ਅਤੇ ਸੰਚਾਲਕ ਲੋਕ ਸੰਪਰਕ ਵਿਭਾਗ ਚੰਡੀਗੜ੍ਹ ਦੀ ਚਿੱਠੀ ਨੰ: ਲ. ਸ. ਵ. (ਲਾਇਬ)-੬੮/੧੦੨੫੯ ਮਿਤੀ ੨੦-੬-੬੭ ਰਾਹੀਂ ਸਰਕਾਰੀ ਲਾਇਬ੍ਰੇਰੀਆਂ ਲਈ ਪ੍ਰਵਾਨ ਹੈ।

---

ਗੋਲਡਨ ਆਫਸੈੱਟ ਪ੍ਰੈੱਸ, ਗੁਰਦੁਆਰਾ ਰਾਮਸਰ ਸਾਹਿਬ, ਸ੍ਰੀ ਅੰਮ੍ਰਿਤਸਰ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਲਈ **ਦਿਲਜੀਤ ਸਿੰਘ** ਪ੍ਰਿੰਟਰ ਤੇ ਪਬਲਿਸ਼ਰ ਨੇ ਛਪਵਾ ਕੇ ਦਫ਼ਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਤੋਂ ਜਾਰੀ ਕੀਤਾ।

***ਪ੍ਰਤੀ ਕਾਪੀ 2/-ਰੁਪਏ***


## ਲੇਖ ਸੂਚੀ


| *ਲੇਖ* | *ਪੰਨਾ* |
|---|---|
| ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਦੀ ਪਵਿੱਤਰ ਮਰਯਾਦਾ | ੪ |
| ਇਤਿਹਾਸਕ ਦਿਹਾੜੇ | ੫ |
| ਗੁਰਬਾਣੀ ਵਿਚਾਰ | ੭ |
| ਸੰਪਾਦਕੀ | ੮ |
| ਪ੍ਰੀਤਮ ਹਥਿ ਵਡਿਆਈਆ... *-ਦਿਲਜੀਤ ਸਿੰਘ ਬੇਦੀ* | ੧੦ |
| ਨਾਸਿਰੋ ਮਨਸੂਰ ਗੁਰ ਗੋਬਿੰਦ ਸਿੰਘ *-ਜਥੇ: ਗੋਬਿੰਦ ਸਿੰਘ ਲੌਂਗੋਵਾਲ* | ੧੩ |
| ਮਾਨਵਤਾ ਦੇ ਗੁਰੂ: ਸ੍ਰੀ ਗੁਰੂ ਗੋਬਿੰਦ ਸਿੰਘ ਜੀ *-ਡਾ. ਰੂਪ ਸਿੰਘ* | ੧੫ |
| ਪਾਵਨ ਪਰਮ ਸੂਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ *-ਡਾ. ਬਲਕਾਰ ਸਿੰਘ* | ੩੩ |
| ਖ਼ਬਰਨਾਮਾ | ੪੦ |
| ਕਾਰਵਾਈ (ਜਨਰਲ ਅਜਲਾਸ) | ੬੨ |
| ਹਿਸਾਬ-ਕਿਤਾਬ | ੭੨ |
| ***English Section*** | |
| Historical Events | 84 |
| Sri Guru Gobind singh Ji *- S. Surjit Singh 'Gandhi'* | 86 |

ੴ ਸਤਿਗੁਰ ਪ੍ਰਸਾਦਿ॥

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਦੀ ਪਵਿੱਤਰ ਮਰਯਾਦਾ

## (ਮਹੀਨਾ ਪੋਹ)

| | | |
|---|---|---|
| * | ਕਿਵਾੜ ਖੁੱਲ੍ਹਣ ਦਾ ਸਮਾਂ | ੩-੦੦ ਵਜੇ ਅੰਮ੍ਰਿਤ ਵੇਲੇ |
| * | ਕੀਰਤਨ ਆਰੰਭ | ੩-੦੦ ਵਜੇ ਅੰਮ੍ਰਿਤ ਵੇਲੇ |
| * | ਆਸਾ ਦੀ ਵਾਰ ਦਾ ਕੀਰਤਨ ਆਰੰਭ | ੪-੦੦ ਵਜੇ ਸਵੇਰੇ |
| * | ਪਾਲਕੀ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਚੱਲਣ ਦਾ ਸਮਾਂ | ੫-੦੦ ਵਜੇ ਸਵੇਰੇ |
| * | ਪਹਿਲਾ ਹੁਕਮਨਾਮਾ | ੫-੩੦ ਵਜੇ ਸਵੇਰੇ |
| * | ਪਹਿਲੀ ਅਰਦਾਸ | ੬-੦੦ ਵਜੇ ਸਵੇਰੇ |
| * | ਆਸਾ ਦੀ ਵਾਰ ਦੀ ਸਮਾਪਤੀ | ੭-੦੦ ਵਜੇ ਸਵੇਰੇ |
| * | ਦੂਸਰੀ ਅਰਦਾਸ ਤੇ ਹੁਕਮਨਾਮਾ | ੭-੧੫ ਵਜੇ ਤੱਕ ਸਵੇਰੇ |
| * | ਸ਼ਾਮ ਨੂੰ ਸੋਦਰੁ, ਰਹਰਾਸਿ ਸਾਹਿਬ ਦਾ ਪਾਠ ਸੂਰਜ ਛਿਪਣ ਉਪਰੰਤ ਸ਼ੁਰੂ ਹੁੰਦਾ ਹੈ। | |
| * | ਹੁਕਮਨਾਮਾ ਰਾਤ ਨੂੰ ਸਮਾਪਤੀ ਸਮੇਂ | ੯-੩੦ ਵਜੇ ਰਾਤ |
| * | ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਪਾਲਕੀ ਸਾਹਿਬ ਚੱਲਣ ਦਾ ਸਮਾਂ | ੯-੪੫ ਵਜੇ ਰਾਤ |
| * | ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚਣ ਦਾ ਸਮਾਂ | ੧੦-੦੦ ਵਜੇ ਰਾਤ |

* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਕਿਵਾੜ ਖੁੱਲ੍ਹਣ ਤੋਂ ਲੈ ਕੇ ਸਮਾਪਤੀ ਤਕ ਅਖੰਡ ਕੀਰਤਨ ਹੁੰਦਾ ਰਹਿੰਦਾ ਹੈ।
* ਰਾਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਜਾਣ ਉਪਰੰਤ ਇਕ ਘੰਟਾ ਸੇਵਾ ਤੇ ਸਫਾਈ ਆਦਿ ਉਪਰੰਤ ਇਸ਼ਨਾਨ ਕਰਾਉਣ ਦੀ ਸੇਵਾ ਸ਼ਰਧਾਲੂ, ਸੇਵਾਦਾਰਾਂ ਦੇ ਸਹਿਯੋਗ ਨਾਲ ਕਰਦੇ ਹਨ।
* ਇਸ਼ਨਾਨ ਸਮੇਂ ਮਿਲ ਕੇ ਪ੍ਰੇਮੀ ਇਸ਼ਨਾਨ ਕਰਾਉਂਦੇ ਹਨ ਅਤੇ ਨਾਲ ਬੜੇ ਹੀ ਪ੍ਰੇਮ ਸਹਿਤ ਰਸ-ਭਿੰਨੀ ਸੁਰ ਵਿਚ ਗੁਰਬਾਣੀ ਦੇ ਸ਼ਬਦ ਗਾਇਨ ਕਰਦੇ ਹਨ। ਇਸ਼ਨਾਨ ਆਦਿ ਦੀ ਸੇਵਾ ਕਰਾਉਣ ਉਪਰੰਤ ਵਿਛਾਈਆਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਿੰਘਾਸਨ ਸਜਾ ਕੇ ਅਰਦਾਸ ਹੁੰਦੀ ਹੈ ਤੇ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਦੀ ਹੈ।
* ਫਿਰ ਤਿੰਨ-ਪਹਿਰੇ ਦੀ ਚੌਂਕੀ ਦਾ ਕੀਰਤਨ ਆਰੰਭ ਹੁੰਦਾ ਹੈ।
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਵਿਚਕਾਰਲੀ ਛੱਤ ਅਤੇ ਗੁੰਬਦ ਵਿਚ ਹਰ ਵਕਤ ਅਖੰਡ ਪਾਠ ਸਾਹਿਬ ਚੱਲਦੇ ਹਨ, ਜਿਨ੍ਹਾਂ ਦਾ ਵਾਰੀ ਨਾਲ ਰੋਜ਼ਾਨਾ ਇਕ ਅਖੰਡ ਪਾਠ ਸਾਹਿਬ ਦਾ ਭੋਗ ਪੈਂਦਾ ਹੈ।

*ਪਾਠਕ/ਲੇਖਕ 'ਗੁਰਦੁਆਰਾ ਗਜ਼ਟ' ਲਈ ਰਚਨਾਵਾਂ, ਸਹਾਇਤਾ ਅਤੇ ਸੁਝਾਅ ਹੇਠ ਲਿਖੇ ਪਤੇ 'ਤੇ ਭੇਜਣ ਦੀ ਕ੍ਰਿਪਾਲਤਾ ਕਰਨ :*

**ਸਕੱਤਰ,**
***ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ-੧੪੩੦੦੬***
***ਫੋਨ : ੦੦੯੧-੧੮੩-੨੫੫੩੯੫੭,੫੮,੫੯***

# ੧੬ ਦਸੰਬਰ ਤੋਂ ੧੫ ਜਨਵਰੀ ਵਿਚਲੇ ਇਤਿਹਾਸਕ ਦਿਹਾੜੇ

| | | |
|---|---|---|
| ੧੬ ਦਸੰਬਰ | (ੳ) | ਭਰੋਵਾਲ ਦੀ ਸੰਧੀ ਅੰਗਰੇਜ਼ਾਂ ਅਤੇ ਸਿੱਖ ਰਾਜ ਲਾਹੌਰ ਦਰਮਿਆਨ ਹੋਈ। ਜਿਸ ਅਨੁਸਾਰ ਗੁਲਾਬ ਸਿੰਘ ਨੂੰ ਜੰਮੂ-ਕਸ਼ਮੀਰ ਦੇ ਮਹਾਰਾਜੇ ਦੇ ਤੌਰ 'ਤੇ ਮਾਨਤਾ ਮਿਲੀ ਅਤੇ ਹੈਨਰੀ ਲਾਰੈਂਸ ਨੂੰ ਲਾਹੌਰ ਦਰਬਾਰ ਵਿਖੇ ਬਤੌਰ ਬਰਤਾਨਵੀਂ ਰੈਜ਼ੀਡੈਂਟ ਨਿਯੁਕਤ ਕੀਤਾ ਗਿਆ। (੧੬-੧੨-੧੮੪੬) |
| | (ਅ) | ਅੰਮ੍ਰਿਤਸਰ ਵਿਖੇ ਇਕ ਸਿੱਖ ਕਨਵੈਨਸ਼ਨ ਹੋਈ, ਜਿਸ ਵਿਚ ਪੰਜਾਬੀ ਸੂਬੇ ਦੀ ਮੰਗ ਪਹਿਲੀ ਵਾਰ ਕੀਤੀ ਗਈ। (੧੬-੧੨-੧੯੫੦) |
| ੧੭ ਦਸੰਬਰ | | ਮਹਿਰਾਜ ਦੀ ਲੜਾਈ ਵਿਚ ਭਾਈ ਜੈਤਾ, ਭਾਈ ਸੁਖੀਆ ਮਾਂਡਨ ਤੇ ਸੈਂਕੜੇ ਹੋਰ ਸਿੰਘ ਸ਼ਹੀਦ ਹੋਏ। (੧੭-੧੨-੧੬੩੪) |
| ੧੮ ਦਸੰਬਰ | | ਮੁਦਕੀ ਦੇ ਸਥਾਨ 'ਤੇ ਅੰਗਰੇਜ਼ਾਂ ਅਤੇ ਸਿੱਖਾਂ ਦਰਮਿਆਨ ਪਹਿਲੀ ਜੰਗ ਸ਼ੁਰੂ ਹੋਈ। (੧੮-੧੨-੧੮੪੫) |
| ੧੯ ਦਸੰਬਰ | | ਪੰਜਾਬ ਅਸੈਂਬਲੀ ਨੇ ਪੰਜਾਬੀ ਬੋਲੀ ਨੂੰ ਸਰਕਾਰੀ ਬੋਲੀ ਹੋਣ ਦਾ ਬਿੱਲ ਪਾਸ ਕੀਤਾ। (੧੯-੧੨-੧੯੬੭) |
| ੨੨ ਦਸੰਬਰ | | ਤੀਜੀ ਗੋਲਮੇਜ਼ ਕਾਨਫਰੰਸ ਲੰਡਨ ਵਿਚ ਹੋਈ ਸਿੱਖਾਂ ਨੇ ਇਸ ਦਾ ਮੁਕੰਮਲ ਬਾਈਕਾਟ ਕੀਤਾ। (੨੨-੧੨-੧੯੩੨) |
| ੨੩ ਦਸੰਬਰ | | ਸਾਬਕਾ ਸਿੱਖ ਫੌਜੀਆਂ ਦੀ ਇਕ ਕਨਵੈਨਸ਼ਨ ਅੰਮ੍ਰਿਤਸਰ ਵਿਖੇ ਹੋਈ, ਇਸ ਵਿਚ ਹਜ਼ਾਰਾਂ ਦੀ ਗਿਣਤੀ ਵਿਚ ਸਾਬਕਾ ਸਿੱਖ ਫੌਜੀਆਂ ਨੇ ਧਰਮ ਯੁੱਧ ਮੋਰਚੇ ਦੀ ਹਮਾਇਤ ਕੀਤੀ। (੨੩-੧੨-੧੯੮੨) |
| ੨੪ ਦਸੰਬਰ | | ਅਕਾਲੀ ਜਥਾ ਖਰਾ ਸੌਦਾ ਬਾਰ ਨੇ ਜਥੇਦਾਰ ਕਰਤਾਰ ਸਿੰਘ ਝੱਬਰ ਨੂੰ ਆਪਣਾ ਮੁਖੀ ਚੁਣ ਲਿਆ। (੨੪-੧੨-੧੯੨੦) |
| ੨੭ ਦਸੰਬਰ | | ਸਿੱਖਾਂ ਨੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੀ ਸਟੇਜ ਤੋਂ ਉਸ ਸਮੇਂ ਦੇ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ਨੂੰ ਸਪੀਚ ਨਾ ਕਰਨ ਦਿੱਤੀ। (੨੭-੧੨-੧੯੫੩) |
| ੨੮ ਦਸੰਬਰ | | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਦੁਆਰਾ ਭਾਈ ਫੇਰੂ ਦਾ ਪ੍ਰਬੰਧ ਸੰਭਾਲਿਆ। (੨੮-੧੨-੧੯੨੨) |
| ੨੯ ਦਸੰਬਰ | | ਸ. ਮਹਿਤਾਬ ਸਿੰਘ ਨੇ ਸਰਬ ਪਾਰਟੀ ਕਨਵੈਨਸ਼ਨ ਦੇ ਲੀਡਰਾਂ ਨੂੰ ਮੁਖ਼ਾਤਿਬ ਹੁੰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਸਿੱਖਾਂ ਨੂੰ ਅਣਗੌਲਿਆਂ ਕੀਤਾ ਤਾਂ ਭਾਰਤ ਦੇ ਭਵਿੱਖ ਦਾ ਫੈਸਲਾ ਕਿਰਪਾਨ ਦੀ ਧਾਰ 'ਤੇ ਕੀਤਾ ਜਾਵੇਗਾ। (੨੯-੧੨-੧੯੨੮) |
| ੩੦ ਦਸੰਬਰ | | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਿਰਪਾਨ ਧਾਰਨ ਕਰਨ ਦੇ ਹੱਕ ਲਈ ਐਜੀਟੇਸ਼ਨ ਦਾ ਐਲਾਨ ਕੀਤਾ। (੩੦-੧੨-੧੯੩੫) |
| ੩੧ ਦਸੰਬਰ | (ੳ) | ਭਾਰਤ ਸਰਕਾਰ ਨੇ ਸਿੱਖਾਂ ਦੇ ਗੁਰਧਾਮਾਂ 'ਤੇ ਕਬਜ਼ਾ ਕਰਨ ਦੀ ਸਾਜ਼ਿਸ਼ ਵਜੋਂ ਗੁਰਦੁਆਰਾ ਬਿੱਲ ਵਿਚ ਸੋਧ ਕੀਤੀ। (੩੧-੧੨-੧੯੫੮) |
| | (ਅ) | ਪੰਜਾਬ ਸਰਕਾਰ ਨੇ ਇਹ ਮੰਨਿਆ ਕਿ ਸਾਲ ੧੯੮੭ ਵਿਚ ੩੨੮ ਸਿੱਖ ਮਾਰੇ ਗਏ ਅਤੇ ੩੭੫੧ ਗ੍ਰਿਫਤਾਰ ਕੀਤੇ ਗਏ ਹਨ। (੩੧-੧੨-੧੯੮੭) |

| | | |
|---|---|---|
| ੧ ਜਨਵਰੀ | | ਕਿਰਪਾਨ ਦੇ ਮੁੱਦੇ 'ਤੇ ਸਿੱਖਾਂ ਦੇ ਪਹਿਲੇ ਜਥੇ ਨੇ ਗ੍ਰਿਫਤਾਰੀ ਦਿੱਤੀ। (੧-੧-੧੯੩੬) |
| ੬ ਜਨਵਰੀ | | ਸ਼ਹੀਦ ਭਾਈ ਸਤਵੰਤ ਸਿੰਘ ਤੇ ਭਾਈ ਕੇਹਰ ਸਿੰਘ ਨੂੰ ਇੰਦਰਾ ਗਾਂਧੀ ਕਤਲ ਕਾਂਡ ਵਿਚ ਫਾਂਸੀ ਦਿੱਤੀ ਗਈ, ਫਾਂਸੀ ਤੋਂ ਬਾਅਦ ਇਨ੍ਹਾਂ ਸ਼ਹੀਦਾਂ ਦੀਆਂ ਲਾਸ਼ਾਂ ਦਾ ਸਸਕਾਰ ਜੇਲ੍ਹ ਦੇ ਅੰਦਰ ਹੀ ਕਰ ਦਿੱਤਾ ਗਿਆ ਅਤੇ ਇਸ ਸਾਰੀ ਕਾਰਵਾਈ ਦੌਰਾਨ ਸਾਰੇ ਪੰਜਾਬ ਵਿਚ ਕਰਫਿਊ ਲਗਾਇਆ ਗਿਆ। (੬-੧-੧੯੮੯) |
| ੭ ਜਨਵਰੀ | | ਸ਼੍ਰੋਮਣੀ ਕਮੇਟੀ ਦੀ ਨਵੀਂ ਅੰਤ੍ਰਿੰਗ ਕਮੇਟੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਤੇ ਸ਼੍ਰੋਮਣੀ ਕਮੇਟੀ ਨੇ ਗੁਰਦੁਆਰਾ ਗੰਗਸਰ ਜੈਤੋ ਦੇ ਮੋਰਚੇ ਤੇ ਸ਼ਹੀਦੀ ਜਥੇ ਭੇਜਣ ਦਾ ਫੈਸਲਾ ਕੀਤਾ। (੭-੧-੧੯੨੪) |
| ੯ ਜਨਵਰੀ | | ਅੰਮ੍ਰਿਤਸਰ ਵਿਖੇ ਬੁੱਧੀਜੀਵੀਆਂ ਦੀ ਇਕ ਕਾਨਫਰੰਸ ਹੋਈ ਜਿਸ ਵਿਚ ਧਰਮ ਯੁੱਧ ਮੋਰਚੇ ਦੀ ਹਮਾਇਤ ਕੀਤੀ ਗਈ। (੯-੧-੧੯੮੩) |
| ੧੧ ਜਨਵਰੀ | | ਭਾਈ ਸਤਵੰਤ ਸਿੰਘ ਤੇ ਭਾਈ ਕੇਹਰ ਸਿੰਘ ਦੀ ਅੰਤਮ ਅਰਦਾਸ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਕੀਤੀ ਗਈ। (੧੧-੧-੧੯੮੯) |
| ੧੨ ਜਨਵਰੀ | | ਸਿੱਖਾਂ ਨੇ ਸ੍ਰੀ ਅਨੰਦਪੁਰ ਸਾਹਿਬ ਦੇ ਗੁਰਧਾਮਾਂ ਦਾ ਪ੍ਰਬੰਧ ਸੰਭਾਲਿਆ। (੧੨-੧-੧੯੨੩) |
| ੧੩ ਜਨਵਰੀ | (ੳ) | ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਆਗਮਨ ਗੁਰਪੁਰਬ ਸਮੇਂ ਜੰਮੂ ਵਿਖੇ ਸੰਗਤਾਂ ਵੱਲੋਂ ਕੱਢੇ ਜਾ ਰਹੇ ਇਕ ਨਗਰ ਕੀਰਤਨ 'ਤੇ ਹਿੰਦੂਆਂ ਨੇ ਹਮਲਾ ਕਰ ਦਿੱਤਾ। ਇਸ ਵਿੱਚ ੯ ਸਿੱਖ ਸ਼ਹੀਦ ਹੋ ਗਏ। (੧੩-੧-੧੯੮੯) |
| | (ਅ) | ਸਿੱਖਾਂ ਅਤੇ ਅੰਗਰੇਜ਼ਾਂ ਦਰਮਿਆਨ ਚੇਲਿਆਂ ਵਾਲੀ ਦੇ ਸਥਾਨ 'ਤੇ ਇਕ ਮਹੱਤਵਪੂਰਨ ਲੜਾਈ ਹੋਈ ਜਿਸ ਵਿਚ ਅੰਗਰੇਜ਼ਾਂ ਦੇ ੧੩੨ ਅਫਸਰ ਅਤੇ ੨੪੪੬ ਫੌਜੀ ਜਵਾਨ ਮਾਰੇ ਗਏ। ਏਨੇ ਜ਼ਿਆਦਾ ਫੌਜੀ ਜਾਨੀ ਨੁਕਸਾਨ ਤੋਂ ਚਿੜ੍ਹ ਖਾ ਕੇ ਅੰਗਰੇਜ਼ ਫੌਜ ਨੇ ਕਈ ਦਿਨ ਆਮ ਸਿੱਖਾਂ ਦਾ ਕਤਲੇਆਮ ਕੀਤਾ। ਇਹ ਘਟਨਾ ਆਪਣੇ ਆਪ ਨੂੰ ਸੱਭਿਅਕ ਅਖਵਾਉਣ ਵਾਲੇ ਅੰਗਰੇਜ਼ਾਂ ਦੀ ਦਰਿੰਦਗੀ ਦਾ ਇਕ ਨਮੂਨਾ ਸੀ, ਜਿਸ ਨੇ ਸਿੱਖਾਂ 'ਤੇ ਹੋਏ ਪਹਿਲੇ ਮੁਗ਼ਲੀਆ ਅੱਤਿਆਚਾਰਾਂ ਨੂੰ ਵੀ ਮਾਤ ਪਾ ਦਿੱਤੀ। (੧੩-੧-੧੮੪੯) |
| ੧੪ ਜਨਵਰੀ | (ੳ) | ਗੁਰਦੁਆਰਾ ਰਕਾਬ ਗੰਜ ਦਿੱਲੀ ਦੀ ਬਾਹਰਲੀ ਦੀਵਾਰ ਬ੍ਰਿਟਿਸ਼ ਸਰਕਾਰ ਨੇ ਢਾਹ ਦਿੱਤੀ। (੧੪-੧-੧੯੧੪) |
| | (ਅ) | ਪੰਜਾਬ ਵਿਚ ਜ਼ਿਲ੍ਹਾ ਪੱਧਰ 'ਤੇ ਦਫਤਰੀ ਕੰਮ-ਕਾਜ ਪੰਜਾਬੀ ਵਿਚ ਹੋਣਾ ਸ਼ੁਰੂ ਹੋਇਆ। (੧੪-੧-੧੯੬੭) |
| | (ੲ) | ਫ਼ਾਜ਼ਿਲਕਾ ਤੇ ਅਬੋਹਰ ਦੇ ਇਲਾਕੇ ਪੰਜਾਬ ਵਿਚ ਰਹਿਣੇ ਚਾਹੀਦੇ ਹਨ ਜਾਂ ਹਰਿਆਣਾ ਨੂੰ ਦਿੱਤੇ ਜਾਣੇ ਚਾਹੀਦੇ ਹਨ, ਦੇ ਸੰਬੰਧ ਵਿਚ ਇਸ ਜ਼ੋਨ ਦੇ ੫੪ ਪਿੰਡਾਂ ਦੀ ਰਾਇ ਸ਼ੁਮਾਰੀ ਕੀਤੀ ਗਈ। ਇਸ ਰਾਇ ਸ਼ੁਮਾਰੀ ਦੌਰਾਨ ਇਨ੍ਹਾਂ ਪਿੰਡਾਂ ਦੇ ਪੰਜਾਬੀ ਬੋਲਣ ਵਾਲੇ ਹਿੰਦੂਆਂ ਨੇ ਆਪਣੀ ਮਾਤ-ਭਾਸ਼ਾ ਹਿੰਦੀ ਲਿਖਵਾਈ ਤੇ ਇਸ ਦੇ ਬਾਵਜੂਦ ਵੀ ਅਖੀਰਲੇ ਸਮੇਂ ਕੰਦੂ ਖੇੜਾ ਪਿੰਡ ਦੀ ਰਾਇ ਸ਼ੁਮਾਰੀ ਤੋਂ ਇਹ ਦੋਵੇਂ ਇਲਾਕੇ ਹਰਿਆਣਾ ਵਿਚ ਜਾਣੋਂ ਬਚ ਗਏ। ਕੰਦੂਖੇੜਾ ਰਾਇ ਸ਼ੁਮਾਰੀ ਵਿਚ ਸ. ਪ੍ਰਕਾਸ਼ ਸਿੰਘ ਬਾਦਲ ਨੇ ਅਹਿਮ ਰੋਲ ਅਦਾ ਕੀਤਾ। (੧੪-੧-੧੯੮੬) |

■

ਗੁਰਬਾਣੀ ਵਿਚਾਰ:

# ਪੋਖਿ ਤੁਖਾਰੁ ਨ ਵਿਆਪਈ...

ਪੋਖਿ ਤੁਖਾਰੁ ਨ ਵਿਆਪਈ ਕੰਠਿ ਮਿਲਿਆ ਹਰਿ ਨਾਹੁ ॥
ਮਨੁ ਬੇਧਿਆ ਚਰਨਾਰਬਿੰਦ ਦਰਸਨਿ ਲਗੜਾ ਸਾਹੁ ॥
ਓਟ ਗੋਵਿੰਦ ਗੋਪਾਲ ਰਾਇ ਸੇਵਾ ਸੁਆਮੀ ਲਾਹੁ ॥
ਬਿਖਿਆ ਪੋਹਿ ਨ ਸਕਈ ਮਿਲਿ ਸਾਧੂ ਗੁਣ ਗਾਹੁ ॥
ਜਹ ਤੇ ਉਪਜੀ ਤਹ ਮਿਲੀ ਸਚੀ ਪ੍ਰੀਤਿ ਸਮਾਹੁ ॥
ਕਰੁ ਗਹਿ ਲੀਨੀ ਪਾਰਬ੍ਰਹਮਿ ਬਹੁੜਿ ਨ ਵਿਛੁੜੀਆਹੁ ॥
ਬਾਰਿ ਜਾਉ ਲਖ ਬੇਰੀਆ ਹਰਿ ਸਜਣੁ ਅਗਮ ਅਗਾਹੁ ॥
ਸਰਮ ਪਈ ਨਾਰਾਇਣੈ ਨਾਨਕ ਦਰਿ ਪਈਆਹੁ ॥
ਪੋਖੁ ਸੁੋਹੰਦਾ ਸਰਬ ਸੁਖ ਜਿਸੁ ਬਖਸੇ ਵੇਪਰਵਾਹੁ ॥੧੧॥

*(ਪੰਨਾ ੧੩੫)*

ਪੋਹ ਦੇ ਮਹੀਨੇ ਜਿਸ ਜੀਵ-ਇਸਤਰੀ ਦੇ ਗਲ ਨਾਲ (ਹਿਰਦੇ ਵਿਚ) ਪ੍ਰਭੂ-ਪਤੀ ਲੱਗਾ ਹੋਇਆ ਹੋਵੇ, ਉਸ ਨੂੰ ਕੱਕਰ (ਮਨ ਦੀ ਕਠੋਰਤਾ, ਕੋਰਾਪਨ) ਜ਼ੋਰ ਨਹੀਂ ਪਾ ਸਕਦਾ, (ਕਿਉਂਕਿ) ਉਸ ਦੀ ਬਿਰਤੀ ਪ੍ਰਭੂ ਦੇ ਦੀਦਾਰ ਦੀ ਤਾਂਘ ਵਿਚ ਜੁੜੀ ਰਹਿੰਦੀ ਹੈ, ਉਸ ਦਾ ਮਨ ਪ੍ਰਭੂ ਦੇ ਸੋਹਣੇ ਚਰਨਾਂ ਵਿਚ ਬੱਝਾ ਰਹਿੰਦਾ ਹੈ।

ਜਿਸ ਜੀਵ-ਇਸਤਰੀ ਨੇ ਗੋਬਿੰਦ ਗੋਪਾਲ ਦਾ ਆਸਰਾ ਲਿਆ ਹੈ, ਉਸ ਨੇ ਪ੍ਰਭੂ-ਪਤੀ ਦੀ ਸੇਵਾ ਦਾ ਲਾਭ ਖੱਟਿਆ ਹੈ, ਮਾਇਆ ਉਸ ਨੂੰ ਪੋਹ ਨਹੀਂ ਸਕਦੀ, ਗੁਰੂ ਨੂੰ ਮਿਲ ਕੇ ਉਸ ਨੇ ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ ਚੁੱਭੀ ਲਾਈ ਹੈ। ਜਿਸ ਪਰਮਾਤਮਾ ਤੋਂ ਉਸ ਨੇ ਜਨਮ ਲਿਆ ਹੈ, ਉਸੇ ਵਿਚ ਉਹ ਜੁੜੀ ਰਹਿੰਦੀ ਹੈ, ਉਸ ਦੀ ਲਿਵ ਪ੍ਰਭੂ ਦੀ ਪ੍ਰੀਤ ਵਿਚ ਲੱਗੀ ਰਹਿੰਦੀ ਹੈ। ਪਾਰਬ੍ਰਹਮ ਨੇ (ਉਸ ਦਾ) ਹੱਥ ਫੜ ਕੇ (ਉਸ ਨੂੰ ਆਪਣੇ ਚਰਨਾਂ ਵਿਚ) ਜੋੜਿਆ ਹੁੰਦਾ ਹੈ, ਉਹ ਮੁੜ (ਉਸ ਦੇ ਚਰਨਾਂ ਤੋਂ) ਵਿਛੁੜਦੀ ਨਹੀਂ। (ਪਰ) ਉਹ ਸੱਜਣ ਪ੍ਰਭੂ ਬੜਾ ਅਪਹੁੰਚ ਹੈ, ਬੜਾ ਡੂੰਘਾ ਹੈ, ਮੈਂ ਉਸ ਤੋਂ ਲੱਖ ਵਾਰੀ ਕੁਰਬਾਨ ਹਾਂ। ਹੇ ਨਾਨਕ! (ਉਹ ਬੜਾ ਦਿਆਲ ਹੈ) ਦਰ ਉੱਤੇ ਡਿੱਗਿਆਂ ਦੀ ਉਸ ਪ੍ਰਭੂ ਨੂੰ ਇੱਜ਼ਤ ਰੱਖਣੀ ਹੀ ਪੈਂਦੀ ਹੈ।

ਜਿਸ ਉੱਤੇ ਉਹ ਬੇਪਰਵਾਹ ਪਰਮਾਤਮਾ ਮਿਹਰ ਕਰਦਾ ਹੈ, ਉਸ ਨੂੰ ਪੋਹ ਦਾ ਮਹੀਨਾ ਸੁਹਾਵਣਾ ਲੱਗਦਾ ਹੈ, ਉਸ ਨੂੰ ਸਾਰੇ ਹੀ ਸੁਖ ਮਿਲ ਜਾਂਦੇ ਹਨ ॥੧੧॥

■

*ਸੰਪਾਦਕੀ...*

# ਹਮ ਇਹ ਕਾਜ ਜਗਤ ਮੋ ਆਏ

*ਬਾਦਸ਼ਾਹ-ਦਰਵੇਸ਼, ਅੰਮ੍ਰਿਤ ਦੇ ਦਾਤੇ, ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਨੂਰਾਨੀ, ਅਦੁੱਤੀ ਤੇ ਅਜ਼ੀਮ ਸ਼ਖ਼ਸੀਅਤ ਦੁਨੀਆਂ ਦੇ ਇਤਿਹਾਸ ਵਿਚ ਸਭ ਤੋਂ ਨਿਰਾਲੀ ਤੇ ਲਾਸਾਨੀ ਹੈ। ਆਪ ਵੱਲੋਂ ਸਿੱਖੀ ਦੇ ਵਿਕਾਸ ਲਈ ਪਾਏ ਯੋਗਦਾਨ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਦਸਮ ਪਾਤਸ਼ਾਹ ਸਰਬ ਕਲਾ ਸਮਰੱਥ ਯੁਗ-ਪੁਰਸ਼ ਹੋਏ ਹਨ। ਉਨ੍ਹਾਂ ਨੇ ਬਿਖਮ ਘਾਲਣਾ, ਸੰਘਰਸ਼ ਅਤੇ ਕੁਰਬਾਨੀਆਂ ਸਦਕਾ ਹਿੰਦੁਸਤਾਨੀ ਸਮਾਜ ਵਿਚ ਅਜਿਹਾ ਇਨਕਲਾਬ ਪੈਦਾ ਕੀਤਾ ਜਿਸ ਦੀ ਮਿਸਾਲ ਮਨੁੱਖੀ ਇਤਿਹਾਸ ਵਿਚ ਅੱਜ ਤਕ ਨਹੀਂ ਮਿਲਦੀ।*

*ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਜੀਵਨ-ਉਦੇਸ਼ ਮਜ਼ਲੂਮਾਂ ਦੀ ਰੱਖਿਆ ਅਤੇ ਜਬਰ-ਜ਼ੁਲਮ ਦਾ ਟਾਕਰਾ ਕਰਨਾ ਸੀ। ਬਾਲ ਉਮਰੇ ਆਪ ਜੀ ਨੇ ਪਿਤਾ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਸ਼ਹਾਦਤ ਵਾਸਤੇ ਤੋਰ ਕੇ ਧਰਮ ਦੀ ਰੱਖਿਆ ਲਈ ਜੂਝਣ ਦਾ ਸੁਨੇਹਾ ਦਿੱਤਾ ਸੀ। ਗੁਰੂ ਜੀ ਨੇ ਆਉਣ ਵਾਲੇ ਹਾਲਾਤ ਬਾਰੇ ਸਪੱਸ਼ਟ ਕਰਦਿਆਂ ਕਿਹਾ ਸੀ ਕਿ ਉਨ੍ਹਾਂ ਨੇ ਇਸ ਬਿਖੜੇ ਕਾਰਜ ਦੀ ਪੂਰਤੀ ਲਈ ਕਿਸੇ ਹੋਰ ਉੱਤੇ ਟੇਕ ਰੱਖਣ ਦੀ ਥਾਂ ਕੇਵਲ ਇਕ ਪ੍ਰਭੂ ਦੀ ਓਟ ਲਈ ਹੈ। ਉਨ੍ਹਾਂ ਮਿਥਿਹਾਸ ਦੀਆਂ ਪਿਛਾਂਹ-ਖਿੱਚੂ ਕਦਰਾਂ-ਕੀਮਤਾਂ, ਪ੍ਰੰਪਰਾਵਾਂ ਵੰਗਾਰਦਿਆਂ ਫੁਰਮਾਇਆ ਕਿ ਉਨ੍ਹਾਂ ਨੂੰ ਇਨ੍ਹਾਂ ਵਿਚੋਂ ਕਿਸੇ ਦੀ ਵੀ ਕੋਈ ਪ੍ਰਵਾਹ ਨਹੀਂ:*

*ਪਾਂਇ ਗਹੇ ਜਬ ਤੇ ਤੁਮਰੇ ਤਬ ਤੇ ਕੋਊ ਆਂਖ ਤਰੇ ਨਹੀ ਆਨਯੋ॥...*
*ਸ੍ਰੀ ਅਸਿਪਾਨ ਕ੍ਰਿਪਾ ਤੁਮਰੀ ਕਰਿ ਮੈ ਨ ਕਹਯੋ ਸਭ ਤੋਹਿ ਬਖਾਨਯੋ॥੮੬੩॥*

*(ਸ੍ਰੀ ਦਸਮ ਗ੍ਰੰਥ, ਪੰਨਾ ੮੬੩)*

*ਇਤਿਹਾਸ ਇਸ ਗੱਲ ਦਾ ਸਾਖੀ ਹੈ ਕਿ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸ੍ਰੀ ਚਮਕੌਰ ਸਾਹਿਬ ਦੀ ਜੰਗ ਵਿਚ ਆਪਣੇ ਵੱਡੇ ਦੋ ਸਪੁੱਤਰਾਂ ਬਾਬਾ ਅਜੀਤ ਸਿੰਘ ਜੀ ਅਤੇ ਬਾਬਾ ਜੁਝਾਰ ਸਿੰਘ ਜੀ ਨੂੰ ਮੈਦਾਨੇ ਜੰਗ ਅੰਦਰ ਹੱਥੀਂ ਤੋਰਿਆ। ਦੋਹਾਂ ਸਾਹਿਬਜ਼ਾਦਿਆਂ ਨੇ ਦੁਸ਼ਮਣ ਦਲ ਨੂੰ ਭਾਜੜਾਂ ਪਾ ਦਿੱਤੀਆਂ। ਗੁਰੂ ਜੀ ਦੀ ਸਿੱਖਿਆ ਸਦਕਾ ਧਰਮ, ਅਣਖ ਅਤੇ ਮਨੁੱਖੀ ਆਜ਼ਾਦੀ ਲਈ ਲੜਾਈ ਲੜਦੇ ਹੋਏ ਦੋਵੇਂ ਵੱਡੇ ਸਾਹਿਬਜ਼ਾਦੇ ਸ਼ਹੀਦੀ ਪ੍ਰਾਪਤ ਕਰ ਗਏ।*

*ਦੂਜੇ ਪਾਸੇ ਗੁਰੂ ਜੀ ਦੇ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਦੀ ਗਵਾਹ ਸ੍ਰੀ ਫਤਹਿਗੜ੍ਹ ਸਾਹਿਬ ਦੀ ਪੂਜਣਯੋਗ ਧਰਤੀ ਹੈ। ਸੂਬਾ ਸਰਹਿੰਦ ਵੱਲੋਂ ਅਤਿਅੰਤ ਤਸੀਹਿਆਂ ਤੋਂ ਬਾਅਦ ਦੋਵੇਂ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਜੀ ਅਤੇ ਬਾਬਾ ਫਤਹਿ ਸਿੰਘ ਜੀ ਨੂੰ ਸ਼ਹੀਦ ਕੀਤਾ ਗਿਆ। ਸਾਹਿਬਜ਼ਾਦਿਆਂ ਦੀ ਸ਼ਹਾਦਤ ਤੋਂ ਪਿਛੋਂ ਮਾਤਾ ਗੁਜਰੀ ਜੀ ਵੀ ਠੰਡੇ ਬੁਰਜ ਵਿਚ ਸ਼ਹੀਦੀ ਪ੍ਰਾਪਤ ਕਰ ਗਏ।*

*ਦੁਨੀਆਂ ਦੇ ਇਤਿਹਾਸ ਅੰਦਰ ਧਰਮ ਦੀ ਰੱਖਿਆ ਅਤੇ ਮਜਲੂਮਾਂ ਤੇ ਹੁੰਦੇ ਜੁਲਮ ਵਿਰੁੱਧ ਕਿਸੇ ਰਹਿਬਰ ਨੇ ਅਜਿਹੀ ਕੁਰਬਾਨੀ ਨਹੀਂ ਕੀਤੀ ਹੋਵੇਗੀ। ਆਪਣਾ ਸਾਰਾ ਪਰਿਵਾਰ ਵਾਰ ਦੇਣਾ ਕੋਈ ਛੋਟੀ ਘਟਨਾ*

ਨਹੀਂ ਹੁੰਦੀ, ਪਰ ਇਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਹਿੱਸੇ ਆਇਆ ਹੈ। ਗੁਰੂ ਜੀ ਦੇ ਜੀਵਨ ਦਾ ਮਨੋਰਥ ਹੀ ਧਰਮ ਦੀ ਰਖਵਾਲੀ ਕਰਨਾ ਅਤੇ ਦੁਸ਼ਟਾਂ/ਜ਼ਾਲਮਾਂ ਦਾ ਖਾਤਮਾ ਕਰਨਾ ਸੀ। ਆਪ ਆਪਣੇ ਜੀਵਨ ਮਨੋਰਥ ਸਬੰਧੀ 'ਬਚਿਤ੍ਰ ਨਾਟਕ' ਅੰਦਰ ਬਿਆਨ ਕਰਦੇ ਹਨ:

ਹਮ ਇਹ ਕਾਜ ਜਗਤ ਮੋ ਆਏ॥
ਧਰਮ ਹੇਤ ਗੁਰਦੇਵ ਪਠਾਏ॥
ਜਹਾਂ ਜਹਾਂ ਤੁਮ ਧਰਮ ਬਿਥਾਰੋ॥
ਦੁਸਟ ਦੋਖੀਯਨਿ ਪਕਰਿ ਪਛਾਰੋ॥
ਯਾਹੀ ਕਾਜ ਧਰਾ ਹਮ ਜਨਮੰ॥
ਸਮਝ ਲੇਹੁ ਸਾਧੂ ਸਭ ਮਨਮੰ॥
ਧਰਮ ਚਲਾਵਨ ਸੰਤ ਉਬਾਰਨ॥
ਦੁਸਟ ਸਭਨ ਕੋ ਮੂਲ ਉਪਾਰਨਿ॥ (ਸ੍ਰੀ ਦਸਮ ਗ੍ਰੰਥ)

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸ਼ਖ਼ਸੀਅਤ ਵਿਚ ਗੁਣ ਹੀ ਗੁਣ ਨਜ਼ਰ ਆਉਂਦੇ ਹਨ। ਆਪ ਕੇਵਲ ਧਾਰਮਿਕ ਰਹਿਬਰ ਹੀ ਨਹੀਂ ਸਨ, ਸਗੋਂ ਆਪ ਮਹਾਨ ਸਮਾਜ ਸੁਧਾਰਕ, ਕਵੀਆਂ ਦੇ ਕਦਰਦਾਨ, ਸਫ਼ਲ ਸੈਨਾਪਤੀ, ਸ਼ਸਤਰਾਂ ਦੇ ਧਨੀ ਤੇ ਸੰਤ-ਸਿਪਾਹੀ ਸਨ। ਉਨ੍ਹਾਂ ਨੇ ਬੀਰ ਰਸ ਅਤੇ ਕੌਮੀ ਜਜ਼ਬੇ ਰਾਹੀਂ ਨਿਰਾਸ਼ ਹੋ ਚੁੱਕੀ ਕੌਮ ਵਿਚ ਨਵੀਂ ਉਮੰਗ ਅਤੇ ਉਤਸ਼ਾਹ ਪੈਦਾ ਕੀਤਾ। ਸਦੀਆਂ ਦੀ ਰਾਜਨੀਤਿਕ ਗੁਲਾਮੀ ਨੇ ਹਿੰਦੁਸਤਾਨੀ ਜਨਤਾ ਦੇ ਦਿਲ, ਦਿਮਾਗ ਨੂੰ ਡਰਪੋਕ ਤੇ ਕਾਇਰ ਬਣਾ ਦਿੱਤਾ ਸੀ। ਗੁਰੂ ਜੀ ਨੇ ਗੁਲਾਮੀ ਦੀਆਂ ਜ਼ੰਜੀਰਾਂ ਤੋੜਨ ਲਈ ਸੰਤ ਸਿਪਾਹੀਆਂ ਦੀ ਅਜਿਹੀ ਕੌਮ ਤਿਆਰ ਕਰਕੇ ਸੁਤੰਤਰ ਤੇ ਸੰਪੂਰਨ ਮਨੁੱਖੀ ਸਮਾਜ ਸਿਰਜਨ ਦੀ ਲੋੜ 'ਤੇ ਜ਼ੋਰ ਦਿੱਤਾ ਜਿਸ ਵਿਚ ਮਨੁੱਖ ਅਣਖ-ਆਨ ਨਾਲ ਜੀਵੇ ਅਤੇ ਹਰ ਤਰ੍ਹਾਂ ਦੀਆਂ ਦਾਨਵੀ ਸ਼ਕਤੀਆਂ ਨਾਲ ਲੋਹਾ ਲਵੇ। ਜਿਸ ਕਰਕੇ ਉਨ੍ਹਾਂ ਵਲੋਂ ਸਿਰਜਿਆ ਖ਼ਾਲਸਾ ਸਵਾ-ਸਵਾ ਲੱਖ ਨਾਲ ਟੱਕਰ ਲੈਣ 'ਚ ਸਮਰੱਥ ਹੋ ਗਿਆ। ਗੁਰੂ ਜੀ ਦੀ ਅਜ਼ੀਮ ਸ਼ਖ਼ਸੀਅਤ ਪ੍ਰਤੀ, ਯੋਗੀ ਅੱਲਾ ਯਾਰ ਖਾਨ ਲਿਖਦਾ ਹੈ:

ਕਰਤਾਰ ਕੀ ਸੁਗੰਧ ਵ ਨਾਨਕ ਕੀ ਕਸਮ ਹੈ।
ਜਿਤਨੀ ਭੀ ਹੋ ਗੋਬਿੰਦ ਕੀ ਤਾਰੀਫ ਵੋ ਕਮ ਹੈ।

(ਸ਼ਹੀਦਾਨਿ ਵਫ਼ਾ ਅਤੇ ਗੰਜ਼ਿ ਸ਼ਹੀਦਾਂ)

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਲੋਕਾਂ ਦੀ ਜ਼ਿੰਦਗੀ ਵਿਚ ਇਨਕਲਾਬੀ ਪਰਿਵਰਤਨ ਲਿਆਂਦਾ। ਉਨ੍ਹਾਂ ਨੇ ਮੁਰਦਾ ਹੋ ਚੁੱਕੀ ਕੌਮ ਵਿਚ ਅਜਿਹੀ ਰੂਹ ਫੂਕ ਦਿੱਤੀ ਕਿ ਸਿੱਖ ਦੀ ਸ਼ਖ਼ਸੀਅਤ ਹਰ ਪੱਖੋਂ ਤਗੜੀ ਅਤੇ ਬਲਵਾਨ ਹੋ ਗਈ। ਨਿਤਾਣਿਆ ਨੂੰ ਤਾਣ ਬਖ਼ਸ਼ਣ ਵਾਲੇ ਸਤਿਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਹਰ ਸਿੱਖ ਲਈ ਸਵੈ-ਮੰਥਨ ਜ਼ਰੂਰੀ ਹੈ। ਇਹ ਦਿਨ ਸਾਡੇ ਲਈ ਗੁਰੂ ਬਖਸ਼ੀ ਜੀਵਨ-ਜਾਚ ਦੇ ਧਾਰਨੀ ਬਣਨ ਲਈ ਅਹਿਦ ਦੀ ਘੜੀ ਹੈ। ਸੋ ਆਓ ਦਸਮ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ 'ਖੰਡੇ ਦੀ ਪਾਹੁਲ' ਦੇ ਧਾਰਨੀ ਵੀ ਬਣੀਏ, ਤਾਂ ਕਿ ਅਸੀਂ ਗੁਰੂ ਪਾਤਸ਼ਾਹ ਜੀ ਦੇ ਸੁਚੱਜੇ ਸਪੁੱਤਰ ਹੋਣ ਦਾ ਮਾਣ ਹਾਸਲ ਕਰ ਸਕਦੇ ਹਾਂ।

**-ਦਿਲਜੀਤ ਸਿੰਘ 'ਬੇਦੀ'**

# ਪ੍ਰੀਤਮ ਹਥਿ ਵਡਿਆਈਆ ਜੈ ਭਾਵੈ ਤੈ ਦੇਇ

*-ਦਿਲਜੀਤ ਸਿੰਘ ਬੇਦੀ**

ਇੱਕੀਵੀਂ ਸਦੀ ਵਿੱਚ ਵਿਸ਼ਵ ਭਰ ਵਿੱਚ ਕਈ ਤਬਦੀਲੀਆਂ ਵਾਪਰੀਆਂ ਹਨ, ਇਨ੍ਹਾਂ ਤਬਦੀਲੀਆਂ ਦੀ ਪਿੱਠਭੂਮੀ ਵੀਹਵੀਂ ਸਦੀ ਦੇ ਅੰਤਲੇ ਦਹਾਕੇ ਵਿੱਚ ਪਈ ਹੋਈ ਹੈ। ਇਸ ਨਵੀਂ ਸਦੀ ਵਿੱਚ ਸੰਚਾਰ, ਮਸ਼ੀਨ, ਵਿਗਿਆਨ ਤੇ ਤਕਨੀਕ ਨੇ ਇਨਕਲਾਬੀ ਤਬਦੀਲੀਆਂ ਲਿਆਂਦੀਆਂ ਹਨ। ਸਿੱਟੇ ਵਜੋਂ ਪੂੰਜੀਵਾਦੀ ਦ੍ਰਿਸ਼ਟੀ ਨੇ ਧਰਮ ਨੂੰ ਵੀ ਆਪਣੇ ਕਲਾਵੇ ਵਿੱਚ ਲੈਣ ਦੀ ਕੋਸ਼ਿਸ਼ ਕੀਤੀ ਹੈ। ਅਤਿ ਵਿਕਸਿਤ ਦੇਸ਼ਾਂ ਵਿੱਚ ਵੀ ਧਰਮ ਦੀ ਪਹਿਲਾਂ ਵਾਲੀ ਪ੍ਰਸੰਗਕਤਾ ਨਹੀਂ ਰਹਿ ਗਈ। ਪਰ ਏਸ਼ੀਆ ਮਹਾਂਦੀਪ ਵਿੱਚ ਧਰਮ ਦੀ ਭੂਮਿਕਾ ਨਿਰੰਤਰ ਬਰਕਰਾਰ ਹੈ। ਏਸ਼ੀਆਈਆਂ ਦੀ ਜੀਵਨ ਜਾਂਚ ਵਿੱਚ ਧਰਮ ਦੀ ਕੇਂਦਰੀ ਭੂਮਿਕਾ ਹੈ। ਏਸ਼ੀਆ ਦੀ ਇਕ ਘੱਟ-ਗਿਣਤੀ ਸਿੱਖਾਂ ਦੀ ਹੈ। ਆਪਣੇ ਦੇਸ਼ ਵਿੱਚ ਵੀ ਆਟੇ ਵਿੱਚ ਲੂਣ ਤੋਂ ਵੀ ਘੱਟ ਹੋਣ ਦੇ ਬਾਵਜੂਦ ਇਨ੍ਹਾਂ ਨੇ ਆਪਣੇ ਧਰਮ ਦੀ ਤਾਕਤ ਨਾਲ ਪੂਰੇ ਵਿਸ਼ਵ ਵਿੱਚ ਇਕ ਵੱਖਰੀ ਪਛਾਣ ਬਣਾਈ ਹੈ। ਹੁਣ ਸੰਸਾਰ ਵਿੱਚ ਸਿੱਖ ਆਪਣੀ ਸ਼ਨਾਖਤ ਦੀ ਸਮੱਸਿਆ ਨਾਲ ਜੂਝ ਰਹੇ ਹਨ, ਉਨ੍ਹਾਂ ਨੇ ਲੋਕ ਭਲਾਈ ਦੀ ਸੇਵਾ ਨਾਲ, ਕੁਦਰਤੀ ਆਫਤਾਂ ਸਮੇਂ ਦੁਖੀਆਂ ਦੀ ਮਦਦ ਕਰਨ ਨਾਲ, ਲੰਗਰ/ਪੰਗਤ ਦੀ ਸੇਵਾ ਨਾਲ, ਆਪਣੀ ਪਛਾਣ ਨੂੰ ਮੁੱਲਵਾਨ ਬਨਾਉਣ ਦੀ ਕੋਸ਼ਿਸ਼ ਕੀਤੀ ਹੈ।



ਗੁਰੂਘਰ ਦੇ ਅਨਿਨ ਸੇਵਕ ਅਤੇ ਸਿੱਖ ਧਰਮ 'ਚ ਅਤੁੱਟ ਵਿਸ਼ਵਾਸ ਰੱਖਣ ਵਾਲੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਜਿਹੀ ਸਖ਼ਸ਼ੀਅਤ ਹਨ, ਜੋ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਵਿਚਾਰਧਾਰਕ ਪੈੜ ਵਿੱਚ ਆਪਣੀ ਜੀਵਨ ਜਾਂਚ ਨੂੰ ਵਿਉਂਤਣ ਲਈ ਸਦਾ ਕਾਰਜਸ਼ੀਲ ਰਹੇ ਹਨ। ਭਾਈ ਗੋਬਿੰਦ ਸਿੰਘ ਲੌਂਗੋਵਾਲ ਜਿਹੇ ਸਾਊ ਗੁਰਸਿੱਖ ਵਿਅਕਤੀ ਨੂੰ ਚਾਰ ਵਾਰ ਪੰਜਾਬ ਵਿਧਾਨ ਸਭਾ ਦਾ ਮੈਂਬਰ ਅਤੇ ਮੰਤਰੀ ਪੱਦ 'ਤੇ ਰਹਿਣ ਦਾ ਮਾਣ ਹਾਸਲ ਹੈ। ਲੌਂਗੋਵਾਲ ਦੀ ਸ਼ਰਾਫਤ, ਸਿਦਕ ਦਿਲੀ ਤੇ ਦ੍ਰਿੜਤਾ ਦੀ ਲੋਕ ਮਿਸਾਲ ਦੇਂਦੇ ਹੋਣ ਅਜਿਹੇ ਵਿਅਕਤੀ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦੀ ਸੇਵਾ ਪ੍ਰਾਪਤ ਹੋਣੀ ਗੁਰੂ ਕ੍ਰਿਪਾ ਦਾ ਹੀ ਕਮਾਲ ਸਮਝਿਆ ਜਾਣਾ ਚਾਹੀਦਾ ਹੈ। ਉਨ੍ਹਾਂ ਦੀ ਵਿਅਕਤੀਗਤ ਨਿਰਮਾਣਤਾ, ਸਾਊਪੁਣਾ, ਸਾਫਗੋਈ ਤੇ ਗੁਰੂ ਟੇਕ ਉਨ੍ਹਾਂ ਦੀ ਸਖ਼ਸ਼ੀਅਤ ਦੇ ਪ੍ਰਮੁੱਖ ਗੁਣ ਮੰਨੇ ਜਾ ਰਹੇ ਹਨ। ਗੁਰਬਾਣੀ ਸਾਡੀ ਅਗਵਾਈ ਕਰਦੀ ਹੈ ਕਿ **"ਪ੍ਰੀਤਮ ਹਥਿ ਵਡਿਆਈਆ ਜੈ ਭਾਵੈ ਤੈ ਦੇਇ॥"**

ਜਿੰਨੇ ਮਰਜ਼ੀ ਸਿਆਸੀ ਜੋੜ-ਤੋੜ ਹੋਣ, ਜਿੰਨੀਆਂ ਮਰਜ਼ੀ ਲੀਡਰਾਂ ਦੀਆਂ ਤਰਜੀਹਾਂ ਹੋਣ, ਜੇਹੋ ਜਿਹੇ ਮਰਜ਼ੀ ਹਾਲਾਤ ਹੋਣ ਅਕਾਲ ਪੁਰਖ ਨੇ ਗੁਰੂ ਘਰ ਦੀ ਸੇਵਾ ਉਸ ਨੂੰ ਹੀ ਬਖਸ਼ਣੀ ਹੈ, ਜਿਸ ਤੇ ਉਸ ਦੀ ਮੇਹਰ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦੀ ਚੋਣ ਦੇ ਪ੍ਰਸੰਗ ਵਿੱਚ ਲੌਂਗੋਵਾਲ ਦੀ ਉਮੀਦਵਾਰੀ ਦਾ ਕਿਧਰੇ ਜ਼ਿਕਰ ਤਕ ਨਹੀਂ ਸੀ। ਜੇ ਫਿਰ ਵੀ ਅਕਾਲ ਪੁਰਖ ਸਿੱਖਾਂ ਦੀ ਪਾਰਲੀਮੈਂਟ ਮੰਨੀ ਜਾਂਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪ੍ਰਧਾਨਗੀ ਦੀ ਸੇਵਾ ਉਸਨੂੰ ਦੇਂਦਾ ਹੈ ਤਾਂ ਨਿਰਸੰਦੇਹ ਇਸ ਵਿੱਚ ਉਸ ਪਰਮਪਿਤਾ ਪ੍ਰਮਾਤਮਾ ਦੀ ਕੋਈ ਤਾਂ ਮਸਲਹਤ ਹੋਵੇਗੀ।

ਅੱਜਕਲ੍ਹ ਇਹ ਵੀ ਚਰਚਾ ਹੈ ਕਿ ਡੇਰਾ ਸੱਚਾ ਸੌਦਾ ਜਾਣ ਕਾਰਨ ਉਨ੍ਹਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ

---

**ਐਡੀ: ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।*

ਸਜ਼ਾ ਦਿੱਤੇ ਜਾਣ ਦੇ ਵੇਰਵੇ ਦਿੱਤੇ ਜਾ ਰਹੇ ਹਨ।

**ਭੁਲਣ ਅੰਦਰਿ ਸਭੁ ਕੋ ਅਭੁਲੁ ਗੁਰੂ ਕਰਤਾਰੁ॥**

ਜੇ ਉਹ ਵਿਵਾਦਿਤ ਡੇਰੇ ਗਏ ਵੀ ਹੋਣ ਤਾਂ ਸਿੱਖ ਰਵਾਇਤ ਅਨੁਸਾਰ ਉਨ੍ਹਾਂ ਸਜ਼ਾ ਵੀ ਭੁਗਤ ਲਈ ਤਾਂ ਫਿਰ ਉਸ ਗੱਲ ਦੀ ਬਾਰ-ਬਾਰ ਚਰਚਾ ਦੇ ਕੀ ਅਰਥ ਰਹਿ ਜਾਂਦੇ ਹਨ? ਜੇ ਅਸੀਂ ਫਿਰ ਵੀ ਉਸਨੂੰ ਬਾਰ-ਬਾਰ ਦਹਰਾਉਂਦੇ ਹਾਂ ਤਾਂ ਅਸੀਂ ਕਿਸ ਕਿਸਮ ਦੇ ਸਿੱਖ ਹਾਂ? ਨਾ ਅਕਾਲ ਤਖ਼ਤ ਸਾਹਿਬ ਨੂੰ ਮੰਨਦੇ, ਨਾ ਉਸ ਦੀ ਦਿੱਤੀ ਸਜ਼ਾ ਨੂੰ ਮੰਨਦੇ ਹਾਂ? ਫਿਰ ਇਹ ਕਿਸ ਤਰ੍ਹਾਂ ਦੀ ਸਿੱਖੀ ਹੈ, ਜੋ ਅੱਜਕਲ੍ਹ ਅਖ਼ਬਾਰਾਂ ਦੀ ਚਰਚਾ ਵਿੱਚ ਹੈ। ਜੇ ਕੋਈ ਵਿਅਕਤੀ ਰਾਜਨੀਤੀ ਵਿੱਚ ਵੀ ਰਹੇ ਅਤੇ ਲੋਕ ਪ੍ਰਤੀਨਿਧ ਵਜੋਂ ੪ ਵਾਰ ਐਮ.ਐਲ.ਏ ਵੀ ਬਣੇ ਮੰਤਰੀ ਪਦ ਤੇ ਵੀ ਰਹਿ ਚੁੱਕੇ ਹਨ, ਉਸ ਉੱਤੇ ਸਿਆਸੀ, ਸਮਾਜੀ, ਇਖਲਾਕੀ ਪੱਧਰ ਤੇ ਕੋਈ ਦਾਗ ਵੀ ਨਾ ਹੋਵੇ, ਪਰ ਸਿਰਫ ਨਿੰਦਣ ਲਈ ਕਿਸੇ ਨੂੰ ਨਿੰਦੀ/ਭੰਡੀ ਜਾਈਏ, ਇਹ ਤਾਂ ਸਿਰਫ ਬਦਲਾ ਲਊ ਪ੍ਰਵਿਰਤੀ ਦੀ ਲਖਾਇਕ ਹੈ। ਵਿਰੋਧ ਉਸਾਰੂ ਹੋਣਾ ਚਾਹੀਦਾ ਹੈ, ਨਾਹ ਪੱਖੀ ਨਹੀਂ। ਇਹ ਵਿਰੋਧ ਕੇਵਲ ਤਾਂ ਕੇਵਲ ਨਾਹ ਪੱਖੀ ਹੈ। ਅਜਿਹਾ ਵਿਰੋਧ ਅਕਸਰ ਨਕਾਰਾਤਮਕ ਵਾਤਾਵਰਣ ਪੈਦਾ ਕਰਦਾ ਹੈ। ਵਿਰੋਧ ਸਕਾਰਾਤਮਕ ਹੋਵੇ ਤਾਂ ਉਸ ਦੇ ਨਤੀਜੇ ਕੁਝ ਹੋਰ ਮਿਲਣਗੇ।

ਇਸ ਰੁਝਾਨ ਨੂੰ ਠੱਲ੍ਹ ਪੈਣੀ/ਪਾਉਣੀ ਚਾਹੀਦੀ ਹੈ, ਅਜਿਹੀ ਪ੍ਰਵਿਰਤੀ ਦਾ ਕੌਮ ਨੂੰ ਕੋਈ ਲਾਭ ਨਹੀਂ ਹੋਣ ਲੱਗਾ, ਸਗੋਂ ਕੌਮ ਨਿਰੰਤਰ ਵੰਡੀਆਂ ਵਿੱਚ ਵੰਡੀ ਜਾ ਰਹੀ ਹੈ। ਸਿੱਖ ਕੌਮ ਦੀਆਂ ਬਹੁਤ ਵੱਡੀਆਂ ਦੋ ਹੀ ਸੰਸਥਾਵਾਂ ਹਨ, ਇਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ। ਸ਼੍ਰੋਮਣੀ ਕਮੇਟੀ ਇਕ ਸੰਵਿਧਾਨਿਕ ਲੋਕਤੰਤਰਿਕ ਸੰਸਥਾ ਹੈ, ਏਥੇ ਬਹੁਸੰਮਤੀ ਦੀ ਰਾਜਨੀਤੀ ਹੀ ਚਲੇਗੀ, ਜਿਵੇਂ ਹੋਰਨਾਂ ਲੋਕਤੰਤਰਿਕ ਸੰਸਥਾਵਾਂ ਵਿੱਚ ਹੁੰਦਾ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਛੇਵੇਂ ਗੁਰੂ ਹਰਿਗੋਬਿੰਦ ਸਾਹਿਬ ਵੱਲੋਂ ਸਥਾਪਿਤ ਕੀਤੀ ਗਈ ਰਵਾਇਤੀ, ਇਤਿਹਾਸਕ, ਅਤੇ ਧਾਰਮਿਕ ਤੌਰ ਤੇ ਸਿੱਖਾਂ ਦੀ ਸਰਵਉੱਚ ਸੰਸਥਾ ਹੈ। ਇਸ ਲਈ ਜੇ ਉਹ ਸੰਸਥਾ ਸਿੱਖੀ ਅਤੇ ਪੰਥਕ ਹਿੱਤ ਵਿੱਚ ਕੋਈ ਫੈਸਲਾ ਦਿੰਦੀ ਹੈ ਤਾਂ ਉਸਦੀ ਪਾਲਣਾ ਕਰਨੀ ਹਰ ਸਿੱਖ ਦਾ ਫਰਜ਼ ਬਣਦਾ ਹੈ। ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਬਿਰਾਜਮਾਨ ਗੁਰਸਿੱਖ ਵਿਅਕਤੀ ਵੀ ਇਨਸਾਨਾਂ ਦੀ ਸ਼੍ਰੇਣੀ ਵਿੱਚ ਹਨ ਅਤੇ ਕਿਸੇ ਵੀ ਸਿੱਖ ਕੋਲੋਂ ਵਕਤੀ ਤੌਰ 'ਤੇ ਕੁਤਾਹੀ ਹੋਣ ਦੀਆਂ ਸੰਭਾਵਨਾਵਾਂ ਹੋ ਸਕਦੀਆਂ ਹਨ, ਵਿਅਕਤੀਗਤ ਵਿਰੋਧ ਵੀ ਹੋ ਸਕਦੇ ਹਨ ਪਰ ਇਸ ਨਾਲ ਸੰਸਥਾਵਾਂ ਦਾ ਮਹੱਤਵ/ਗੌਰਵ ਤਾਂ ਨਹੀਂ ਘਟਾ ਸਕਦੇ। ਜਿਨ੍ਹਾਂ ਦੀ ਸਿਰਜਣਾ ਸਾਡੇ ਵੱਡ-ਵਡੇਰਿਆ ਨੇ ਲੰਮੀਂ ਜੱਦੋ-ਜਹਿਦ ਤੇ ਬੇਅੰਤ ਕੁਰਬਾਨੀਆਂ ਦੇ ਕੇ ਕੀਤੀ ਹੋਵੇ। ਅਸੀਂ ਸਮਝਦੇ ਹਾਂ ਕਿ ਸਿਰਫ ਵਿਰੋਧ ਲਈ ਹੀ ਵਿਰੋਧੀ ਭੂਮਿਕਾ ਨਿਭਾਅ ਕੇ ਅਸੀਂ ਕੌਮ ਦਾ ਕੁਝ ਨਹੀਂ ਸਵਾਰ ਸਕਦੇ। ਕੌਮ ਉਸਾਰੀ ਲਈ ਸਾਨੂੰ ਸਿਹਤਮੰਦ ਦ੍ਰਿਸ਼ਟੀਕੋਣ ਅਪਨਾ ਕੇ ਉਸਾਰੂ ਸੋਚ ਦਾ ਪ੍ਰਗਟਾਵਾ ਕਰਨਾ ਪਵੇਗਾ ਅਤੇ ਸਿੱਖ ਧਰਮ ਦੀ ਮੁਆਫ਼ ਕਰਨ ਦੀ ਪਰੰਪਰਾ ਦੇ ਤਰਕ ਨੂੰ ਵੀ ਅੰਗਸੰਗ ਰੱਖ ਕੇ ਸਮਝਣਾ ਪਵੇਗਾ। ਵਿਰੋਧ ਅਸਭਿਅਕ ਨਹੀਂ ਹੋਣਾ ਚਾਹੀਦਾ।

ਅਸੀਂ ਗੋਬਿੰਦ ਸਿੰਘ ਲੌਂਗੋਵਾਲ ਦੀ ਵਕਾਲਤ ਨਹੀਂ ਕਰ ਰਹੇ, ਸਗੋਂ ਉਸ ਰੁਝਾਨ ਦੇ ਵਿਰੁੱਧ ਹਾਂ, ਜਿਹੜਾ ਸਿਰਫ ਭੰਡੀ ਪ੍ਰਚਾਰ ਲਈ ਨਿੰਦਾ ਕਰਕੇ ਪੰਥ ਦਾ ਹੀ ਨੁਕਸਾਨ ਨਹੀਂ ਕਰਦਾ, ਸਗੋਂ ਪੰਥ ਵਿਰੋਧੀ ਸ਼ਕਤੀਆਂ ਦਾ ਹੱਥਠੋਕਾ ਵੀ ਬਣਦਾ ਹੈ, ਜੋ ਸ਼ਹਿ ਲੈ ਕੇ ਬੈਠੀਆਂ ਹਨ ਤੇ ਸਿੱਖ ਧਰਮ ਕੌਮ ਨੂੰ ਹੜੱਪ ਜਾਣਾ ਚਾਹੁੰਦੀਆਂ ਹਨ। ਵਰਤਮਾਨ ਪ੍ਰਧਾਨ ਸਾਹਿਬ ਨੂੰ ਕੰਮ ਕਰਨ ਦਾ ਮੌਕਾ ਦੇਣਾ ਚਾਹੀਦਾ ਹੈ ਤਾਂ ਜੋ ਉਹ ਆਪਣੀ ਸੋਚ ਤੇ ਨੀਤੀਆਂ ਤੇ ਅਮਲ ਕਰਨ ਸਕਣ। ਫਿਰ ਹੀ ਉਨ੍ਹਾਂ ਦੀ ਕਾਰਜਸ਼ੈਲੀ ਦਾ ਮੁਲੰਕਣ ਹੋ ਸਕਦਾ ਹੈ। ਜੇ ਉਹ ਲੋਕ ਤੰਤਰਿਕ ਵਿਧੀ ਰਾਹੀਂ ੧੫੪ ਵੋਟਾਂ ਲੈ ਕੇ ਵਿਧਾਨਿਕ ਚੋਣ ਪ੍ਰਣਾਲੀ ਰਾਹੀ ਅੱਗੇ ਆਏ ਹਨ ਤਾਂ ਉਨ੍ਹਾਂ ਨੂੰ ਬਣਦਾ ਅਧਿਕਾਰ ਤੇ ਸਤਿਕਾਰ ਦੇਂਦੇ ਹੋਏ ਉਨ੍ਹਾਂ ਨੂੰ ਨਿਰਭੈਅ ਹੋ ਕੇ ਕੰਮ ਕਰਨ ਲਈ ਮੌਕਾ 'ਤੇ ਮਾਹੌਲ ਦੇਣਾ ਸਾਡਾ ਵੀ ਫਰਜ਼ ਬਣਦਾ ਹੈ। ਜੇ ਸਾਨੂੰ ਉਨ੍ਹਾਂ ਦੀ ਕਾਰਜਸ਼ੈਲੀ ਪੰਸਦ ਨਹੀਂ ਆਉਂਦੀ ਜਾਂ ਕੌਮ ਦੀਆਂ ਇੱਛਾਵਾਂ ਤੇ ਖਰੀ ਨਹੀਂ ਉਤਰਦੀ ਤਾਂ ਵਿਚਾਰਧਾਰਕ ਵਿਰੋਧ ਦਾ ਪ੍ਰਗਟਾਵਾ ਕਰਨਾ ਸਾਡਾ ਸਾਰਿਆਂ ਦਾ ਹੱਕ ਹੈ। ਉਨ੍ਹਾਂ ਦੀ ਕੰਮ ਕਰਨ ਦੀ ਸ਼ੈਲੀ ਨੇ ਹੀ ਇਹ ਸਿੱਧ ਕਰਨਾ ਹੈ ਕਿ ਉਨ੍ਹਾਂ ਦੀ ਪਹਿਲੇ ਪ੍ਰਧਾਨਾਂ ਨਾਲੋਂ ਕੀ ਵੱਖਰਤਾ ਹੈ। ਉਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਰਾਹੀਂ ਕੌਮ ਨੂੰ

ਕਿਵੇਂ ਅਗਵਾਈ ਦੇ ਸਕਦੇ ਹਨ। ਜਿਹੜੀਆਂ ਸੰਸਥਾਵਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧੀਨ ਕੰਮ ਕਰਦੀਆਂ ਹਨ, ਉਨ੍ਹਾਂ ਨੂੰ ਹੋਰ ਸੁਚਾਰੂ ਕਿਵੇਂ ਬਣਾਇਆ ਜਾ ਸਕਦਾ ਹੈ। ਉਨ੍ਹਾਂ ਨੇ ਆਪਣੇ ਪਹਿਲੇ ਐਲਾਨ ਵਿੱਚ ਧਰਮ ਪ੍ਰਚਾਰ ਤੇ ਪ੍ਰਸਾਰ ਨੂੰ ਸਭ ਤੋਂ ਮਹੱਤਵਪੂਰਨ ਮੰਨਿਆ ਹੈ। ਕਿਉਂਕਿ ਦੇਸ਼ ਵਿਦੇਸ਼ ਦੇ ਸਿੱਖਾਂ ਦੇ ਦਿਲਾਂ ਅੰਦਰ ਸਭ ਤੋਂ ਵੱਡੀ ਚਿੰਤਾ ਇਹੀ ਹੈ ਕਿ ਨਵੀਂ ਪੀੜ੍ਹੀ ਅੰਦਰ ਸਿੱਖੀ ਦੇ ਸੰਚਾਰ ਲਈ ਅਸੀਂ ਕੀ ਕੁਝ ਕਰ ਰਹੇ ਹਾਂ। ਅਸੀਂ ਸਮਝਦੇ ਹਾਂ ਕਿ ਇਸ ਬਾਰੇ ਠੋਸ ਰਣਨੀਤੀ, ਯੋਜਨਾਬੰਦੀ ਤੇ ਕ੍ਰਿਆਤਮਿਕ ਵਿਧੀ ਵਿਧਾਨ ਤਿਆਰ ਕੀਤਾ ਜਾਣਾ ਚਾਹੀਦਾ ਹੈ। ਜਿਸ ਰਾਹੀਂ ਨਵੀਂ ਪੀੜ੍ਹੀ ਦੇ ਵਿਗਿਆਨਕ ਵਾਤਾਵਰਣ ਵਿੱਚ ਸਿੱਖਿਆ ਪ੍ਰਾਪਤ ਕਰ ਰਹੇ ਵਿਦਿਆਰਥੀਆਂ ਨੂੰ ਤਾਰਕਿਕ ਪੱਧਰ ਤੇ ਸਿੱਖੀ ਦੇ ਲੜ ਲਾਇਆ ਜਾ ਸਕੇ। ਇਹ ਆਪਣੇ ਆਪ ਵਿਚ ਹੀ ਬਹੁਤ ਵੱਡੀ ਸੇਵਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਵਿਦਿਅਕ ਤੇ ਤਕਨੀਕੀ ਸੰਸਥਾਵਾਂ ਨੂੰ ਹੋਰ ਵਡੇਰੀ ਤੇ ਮਿਆਰੀ ਸਿੱਖਿਆ ਦੇ ਕੇਂਦਰ ਬਨਾਉਣ ਲਈ ਉਚੇਚੀ ਤਵੱਜੋਂ ਦਿੱਤੀ ਜਾਵੇ। ਇਹ ਵੀ ਸਮਝਿਆ ਜਾ ਰਿਹਾ ਹੈ ਕਿ ਪ੍ਰਧਾਨਗੀ ਦਾ ਰਾਹ ਸਿੱਧਾ ਤੇ ਸਾਫ਼ ਨਹੀਂ ਹੈ। ਵੱਡੀਆਂ ਚੁਨੌਤੀਆਂ ਤੇ ਵੰਗਾਰਾਂ ਮੂੰਹ ਅੱਡੀ ਖੜ੍ਹੀਆਂ ਹਨ। ਸ੍ਰ. ਲੌਂਗੋਵਾਲ ਦੇ ਹਮਾਇਤੀ ਪਾਰਟੀਆਂ ਤੇ ਜਥੇਬੰਦੀਆਂ ਨੂੰ ਵਿਸ਼ਾਲ ਸੋਚ ਅਪਨਾ ਕੇ ਆਪਣਾ ਘੇਰਾ ਖੁੱਲਾ ਕਰਨਾ ਪਵੇਗਾ। ਲੋਕ ਭਾਵਨਾਵਾਂ ਅਨੁਸਾਰ ਦੇਸ਼ ਤੇ ਵਿਦੇਸ਼ ਦੇ ਸਿੱਖ ਆਗੂਆਂ ਤੇ ਸੰਗਤ ਨੂੰ ਸ਼੍ਰੋਮਣੀ ਕਮੇਟੀ ਦੇ ਸਿਧਾਂਤਕ ਪਲੇਟਫਾਰਮ ਨਾਲ ਜੋੜਨਾ ਪਵੇਗਾ। ਇਸ ਸੰਸਥਾ ਨੂੰ ਸੰਸਾਰ ਦੇ ਸਿੱਖਾਂ ਦੀ ਬਨਾਉਣ ਲਈ ਪੂਰਨ ਸਹਿਯੋਗ ਤੇ ਕਪਟ ਰਹਿਤ ਮਿਲਵਰਤਨ ਦੀ ਲੋੜ ਹੈ।

ਇਤਿਹਾਸ ਗਵਾਹ ਹੈ ਕਿ ਜਿਨ੍ਹਾਂ ਲੋਕਾਂ ਨੇ ਸਮੇਂ ਸਿਰ ਠੀਕ ਅਗਵਾਈ ਨਹੀਂ ਦਿੱਤੀ, ਉਸ ਨੂੰ ਇਤਿਹਾਸ ਨੇ ਕਦੇ ਬਖਸ਼ਿਆ ਨਹੀਂ। ਮੈਨੂੰ ਪੂਰਨ ਆਸ ਹੈ ਕਿ ਸ੍ਰ. ਗੋਬਿੰਦ ਸਿੰਘ ਲੌਂਗੋਵਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੂਲ ਆਦਰਸ਼ਾਂ ਤੇ ਉਦੇਸ਼ਾਂ ਦੀ ਪਾਲਣਾ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛਡਣਗੇ ਅਤੇ ਅਕਾਲ ਪੁਰਖ ਉਨ੍ਹਾਂ ਦੇ ਅੰਗਸੰਗ ਰਹੇ ਤੇ ਉਹ ਕੌਮ ਲਈ ਗੁਣਕਾਰੀ ਤੇ ਫੈਸਲਾਕੁੰਨ ਭੂਮਿਕਾ ਨਿਭਾਉਣ ਵਿੱਚ ਜ਼ਰੂਰ ਸਫ਼ਲ ਹੋਣਗੇ। ■


## ਪਾਠਕਾਂ ਦੇ ਧਿਆਨ ਯੋਗ

ਆਪ ਜੀ ਦਾ ਹਰਮਨ ਪਿਆਰਾ ਮਾਸਿਕ ਪਰਚਾ 'ਗੁਰਦੁਆਰਾ ਗਜ਼ਟ' ਨਿਰੰਤਰ ਆਪ ਦੀ ਸੇਵਾ ਵਿਚ ਭੇਜਿਆ ਜਾ ਰਿਹਾ ਹੈ। ਵਧੀਆ ਕਾਗਜ਼ ਤੇ ਰੰਗਦਾਰ ਛਪਾਈ ਕਾਰਨ ਇਸ 'ਤੇ ਕਾਫ਼ੀ ਖਰਚ ਆਉਂਦਾ ਹੈ। ਇਹ ਸਭ ਆਪ ਜੀ ਵੱਲੋਂ ਭੇਜੀ ਜਾਣ ਵਾਲੀ ਯਥਾ-ਸ਼ਕਤਿ ਮਾਇਆ ਨਾਲ ਹੀ ਸੰਭਵ ਹੈ। ਜਿਨ੍ਹਾਂ ਪਾਠਕ ਵੀਰਾਂ ਦੀ ਸਾਲਾਨਾ ਸਹਾਇਤਾ (ਮਾਇਆ) ਸਮਾਪਤ ਹੋ ਚੁੱਕੀ ਹੈ, ਉਨ੍ਹਾਂ ਨੂੰ ਸਨਿਮਰ ਬੇਨਤੀ ਹੈ ਕਿ ਸਹਾਇਤਾ ਭੇਜਣ/ਜਮ੍ਹਾਂ ਕਰਾਉਣ ਦੀ ਖੇਚਲ ਕਰਨ।

*ਸਹਾਇਤਾ ਬੈਂਕ ਡਰਾਫਟ ਜਾਂ ਮਨੀਆਰਡਰ ਰਾਹੀਂ **ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ** ਦੇ ਪਤੇ 'ਪੁਰ ਭੇਜੀ ਜਾ ਸਕਦੀ ਹੈ। ਇਸ ਤੋਂ ਇਲਾਵਾ ਦਫ਼ਤਰ ਵਿਖੇ ਖਜ਼ਾਨਚੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਗੁਰਮਤਿ ਲਿਟਰੇਚਰ ਹਾਊਸ 'ਤੇ ਨਕਦ ਵੀ ਜਮ੍ਹਾਂ ਕਰਵਾਈ ਜਾ ਸਕਦੀ ਹੈ।

**-ਸੰਪਾਦਕ**

# ਨਾਸਿਰੋ ਮਨਸੂਰ ਗੁਰ ਗੋਬਿੰਦ ਸਿੰਘ

*ਜਥੇਦਾਰ ਗੋਬਿੰਦ ਸਿੰਘ ਲੌਂਗੋਵਾਲ*

ਸੰਤ ਸਿਪਾਹੀ ਮਰਦ ਅਗੰਮੜੇ ਕਲਗੀਧਰ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਸਾਰਾ ਜੀਵਨ ਬਹੁਪੱਖੀ ਰੂਪ ਵਿਚ ਦ੍ਰਿਸ਼ਟੀਗੋਚਰ ਹੁੰਦਾ ਹੈ। ਉਨ੍ਹਾਂ ਆਪਣੀ ੪੨ ਕੁ ਸਾਲਾਂ ਦੀ ਉਮਰ ਹੰਢਾਉਂਦਿਆਂ ਹੋਇਆਂ ਉਹ ਕਾਰਜ ਕਰ ਦਿਖਾਏ ਜੋ ਸੰਸਾਰੀ ਲੋਕਾਂ ਦੇ ਭਵਿੱਖ ਲਈ ਰਾਹ-ਦਰਸਾਊ ਸਾਬਤ ਹੋਏ। ਪਟਨਾ ਸਾਹਿਬ (ਬਿਹਾਰ) ਵਿਖੇ ਸੰਸਾਰ ਆਗਮਨ ਅਤੇ ਬਚਪਨ ਦੀਆਂ ਲੀਲ੍ਹਾਵਾਂ ਤੋਂ ਲੈ ਕੇ ਨੰਦੇੜ ਸਾਹਿਬ (ਮਹਾਂਰਾਸ਼ਟਰ) ਵਿਖੈ ਜੋਤੀ-ਜੋਤ ਸਮਾਉਣ ਤਕ ਦਾ ਜੀਵਨ-ਸਫ਼ਰ ਅਨਗਿਣਤ ਹੈਰਾਨ ਕਰਨ ਵਾਲੇ ਕਾਰਨਾਮਿਆਂ ਨਾਲ ਭਰਪੂਰ ਹੈ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਦਾ ਉਦੇਸ਼ ਧਰਮ ਦੀ ਸਥਾਪਨਾ, ਮਜ਼ਲੂਮਾਂ ਦੀ ਰਾਖੀ ਅਤੇ ਜਬਰ-ਜ਼ੁਲਮ ਦਾ ਡੱਟ ਕੇ ਟਾਕਰਾ ਕਰਨਾ ਸੀ। ਉਹ ਜਾਣਦੇ ਸਨ ਕਿ ਲੋਕਾਂ ਦੀ ਗੁਲਾਮ ਮਾਨਸਿਕਤਾ ਦਾ ਕਾਰਨ ਅਧਰਮ ਦੇ ਬੋਲਬਾਲੇ ਕਰਕੇ ਸੀ। ਇਸੇ ਲਈ ਉਨ੍ਹਾਂ ਨੇ ਜਬਰ-ਜ਼ੁਲਮ ਖਿਲਾਫ ਸਿੱਖਾਂ ਨੂੰ ਲਾਮਬੰਦ ਕੀਤਾ ਅਤੇ ਧਰਮ ਯੁੱਧ ਦਾ ਰਾਹ ਚੁਣਿਆ। ਆਪ ਆਪਣੇ ਉਦੇਸ਼ ਨੂੰ 'ਬਚਿਤ੍ਰ ਨਾਟਕ' ਵਿਚ ਸਪਸ਼ਟ ਕਰਦਿਆਂ ਫੁਰਮਾਉਂਦੇ ਹਨ:

**ਹਮ ਇਹ ਕਾਜ ਜਗਤ ਮੋ ਆਏ॥ ਧਰਮ ਹੇਤ ਗੁਰਦੇਵ ਪਠਾਏ॥**
**ਜਹਾਂ ਤਹਾਂ ਤੁਮ ਧਰਮ ਬਿਥਾਰੋ॥ ਦੁਸਟ ਦੋਖੀਅਨਿ ਪਕਰਿ ਪਛਾਰੋ॥੪੨॥**

ਇਸ ਕਰਕੇ ਉਨ੍ਹਾ ਦਾ ਆਗਮਨ ਭਾਰਤੀ ਇਤਿਹਾਸ ਵਿਚ ਇਕ ਇਨਕਲਾਬ ਦਾ ਆਗਾਜ ਸੀ। ਉਸ ਸਮੇਂ ਅਮਾਨਵੀ ਸੰਕਟਾਂ ਵਿਚ ਘਿਰੇ ਹੋਏ ਸਮਾਜ ਵਿਚ ਮਨੁੱਖੀ ਅਜਾਦੀ ਤੇ ਸਭਿਆਚਾਰ ਨੂੰ ਕਾਇਮ ਰੱਖਣਾ ਅਸੰਭਵ ਜਾਪਦਾ ਸੀ। ਉਨ੍ਹਾ ੯ ਸਾਲ ਦੀ ਛੋਟੀ ਉਮਰੇ ਆਪਣੇ ਪਿਤਾ ਜੀ ਨੂੰ ਮਜ਼ਲੂਮਾਂ ਅਤੇ ਧਰਮ ਦੀ ਰੱਖਿਆ ਲਈ ਸ਼ਹਾਦਤ ਦੇਣ ਲਈ ਤੋਰਿਆ, ਖਾਲਸਾ ਪੰਥ ਦੀ ਸਿਰਜਨਾ ਕੀਤੀ,ਜ਼ੁਲਮ ਵਿਰੁੱਧ ਅਨੇਕਾਂ ਧਰਮ ਯੁੱਧ ਲੜੇ ਅਤੇ ਮੁਰਦਾ ਹੋ ਚੁੱਕੀ ਕੌਮ ਵਿਚ ਨਵੀਂ ਰੂਹ ਫੂਕਦਿਆਂ ਔਰੰਗਜ਼ੇਬ ਦੇ ਵਿਸ਼ਾਲ ਸਾਮਰਾਜ ਨਾਲ ਟੱਕਰ ਲਈ। ਆਪ ਨੇ ਅਖੌਤੀ ਨੀਚ ਜਾਤੀਆਂ ਦੇ ਲੋਕਾਂ ਨੂੰ ਸੀਨੇ ਨਾਲ ਲਗਾਇਆ ਅਤੇ ਆਪਣੀਆਂ ਸਾਰੀਆਂ ਪ੍ਰਾਪਤੀਆਂ ਉਨ੍ਹਾ ਨੂੰ ਹੀ ਸਮਰਪਿਤ ਕਰਦਿਆਂ ਫੁਰਮਾਇਆ,

**'ਇਨ ਹੀ ਕੀ ਕ੍ਰਿਪਾ ਕੇ ਸਜੇ ਹਮ ਹੈਂ, ਨਹੀਂ ਮੋ ਸੋ ਗਰੀਬ ਕਰੋਰ ਪਰੇ॥'**

ਉਸ ਸਮੇਂ ਦੇ ਮੁਗਲ ਬਾਦਸ਼ਾਹ ਔਰੰਗਜੇਬ ਵੱਲੋਂ ਗੁਲਾਮ ਭਾਰਤੀਆਂ ਤੇ ਕਈ ਤਰਾਂ ਦੀਆਂ ਬੰਦਸ਼ਾਂ ਲਗਾਈਆਂ ਹੋਈਆਂ ਸਨ। ਗੁਰੂ ਜੀ ਨੇ ਸਾਹ-ਸਤਹੀਨ ਹੋਏ ਲੋਕਾਂ ਵਿਚ ਸਾਹਸ ਭਰਨ ਲਈ ਅਨੰਦਪੁਰ ਦੀਆਂ ਪਹਾੜੀਆਂ ਵਿਚ ਰਣਜਿਤ ਨਗਾਰੇ ਤੇ ਚੋਟਾਂ ਲਗਵਾਈਆਂ, ਕੇਸਰੀ ਨਿਸ਼ਾਨ ਸਾਹਿਬ ਝੁਲਾਏ, ਘੋੜ-ਸਵਾਰੀ ਤੇ ਸ਼ਸਤਰ ਵਿਦਿਆ ਦਾ ਪ੍ਰਬੰਧ ਕੀਤਾ। ਇਸ ਦੇ ਨਾਲ ਹੀ ਗੁਰੂ ਜੀ ਨੇ ਲੋਕਾਂ ਅੰਦਰ ਬਹਾਦਰੀ ਪੈਦਾ ਕਰਨ ਲਈ ਬੀਰ-ਰਸੀ ਸਾਹਿਤ ਦੀ ਸਿਰਜਨਾ ਕੀਤੀ ਤੇ ਕਰਵਾਈ। ਗੁਰੂ ਜੀ ਨੇ ਐਸਾ ਬੀਰ-ਰਸੀ ਸਾਹਿਤ ਪੈਦਾ ਕੀਤਾ ਜਿਸ ਨੇ ਬੁਜ਼ਦਿਲਾਂ ਤੇ ਕਾਇਰਾਂ ਵਿਚ ਅਜਿਹੀ ਬੀਰਤਾ ਪੈਦਾ ਕੀਤੀ ਕਿ ਗੁਰੂ ਕੇ ਸਿੱਖ ਸਵਾ-ਸਵਾ ਲੱਖ ਨਾਲ ਇਕੱਲੇ ਲੜ ਗਏ।

ਉਨ੍ਹਾਂ ਨੇ ਅਖੌਤੀ ਧਾਰਮਿਕ ਲੋਕਾਂ ਵੱਲੋਂ ਕੀਤੇ ਜਾ ਰਹੇ ਪਾਖੰਡਾਂ ਦਾ ਖ਼ੂਬ ਪਾਜ ਉਘੇੜਿਆ। ਉਨ੍ਹਾਂ ਆਪਣੀ

*ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।

ਬਾਣੀ ਵਿਚ ਪਾਖੰਡਾਂ ਅਤੇ ਕਰਮਕਾਡਾਂ ਦੀ ਨਿਖੇਧੀ ਕਰਦਿਆਂ ਲੋਕਾਂ ਨੂੰ ਸੱਚੇ-ਸੁੱਚੇ ਜੀਵਨ ਦੇ ਧਾਰਨੀ ਹੋਣ ਦੀ ਪ੍ਰੇਰਨਾ ਕੀਤੀ। ਗੁਰੂ ਸਾਹਿਬ ਆਪਣੀ ਬਾਣੀ ਵਿਚ ਦੱਸਦੇ ਹਨ ਕਿ ਮੂਰਤੀ-ਪੂਜਾ, ਬੁੱਤ-ਪੂਜਾ, ਤੀਰਥ ਯਾਤਰਾ ਜਾਂ ਸਮਾਧੀਆਂ ਨਾਲ ਅਕਾਲ-ਪੁਰਖ ਦੀ ਭਗਤੀ ਤੇ ਪ੍ਰਾਪਤੀ ਨਹੀਂ ਹੋ ਸਕਦੀ। ਉਨ੍ਹਾਂ ਨੇ ਧਾਰਮਿਕ ਪ੍ਰਪੰਚਾਂ ਅਤੇ ਦਿਸ਼ਾਹੀਨ ਕਰਮਕਾਂਡਾਂ ਦਾ ਖੰਡਨ ਕਰਦਿਆਂ ਲੋਕਾਂ ਨੂੰ 'ਸੱਚੇ' ਮਾਰਗ ਦੇ ਧਾਰਨੀ ਹੋਣ ਲਈ ਪ੍ਰੇਰਿਆ। ਗੁਰੂ ਜੀ ਦਾ ਫੁਰਮਾਨ ਹੈ:

**ਕਹਾ ਭਯੋ ਜੋ ਦੋਊ ਲੋਚਨ ਮੂੰਦ ਕੈ ਬੈਠਿ ਰਹਿਓ ਬਕ ਧਿਆਨ ਲਗਾਇਓ॥**
**ਨ੍ਹਾਤ ਫਿਰਿਓ ਲੀਏ ਸਾਤ ਸਮੁੰਦ੍ਰਨਿ ਲੋਕ ਗਯੋ ਪਰਲੋਕ ਗਵਾਇਓ॥**
**ਬਾਸ ਕੀਓ ਬਿਖਿਆਨ ਸੋ ਬੈਠ ਕੈ ਐਸੇ ਹੀ ਐਸੇ ਸੁ ਬੈਸ ਬਿਤਾਇਓ॥**
**ਸਾਚੁ ਕਹੋਂ ਸੁਨ ਲੇਹੁ ਸਭੈ ਜਿਨ ਪ੍ਰੇਮ ਕੀਓ ਤਿਨ ਹੀ ਪ੍ਰਭ ਪਾਇਓ॥੯॥੨੯॥**

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਕਦੇ ਵੀ ਆਪਣੇ ਆਪ ਨੂੰ ਪਰਮਾਤਮਾ ਨਹੀਂ ਅਖਵਾਇਆ ਅਤੇ ਨਾ ਹੀ ਆਪਣੇ ਨਾਮ ਤੇ ਧਰਮ ਚਲਾਇਆ, ਸਗੋਂ ਉਨ੍ਹਾਂ ਨੇ ਆਪਣੇ ਆਪ ਨੂੰ ਪਰਮਾਤਮਾ ਦਾ ਦਾਸ, ਸੇਵਕ ਦਸਦਿਆਂ ਸਖਤ ਹਦਾਇਤ ਕੀਤੀ ਕਿ:

**'ਜੋ ਹਮ ਕੋ ਪਰਮੇਸਰ ਉਚਿਰਹੈਂ॥ ਤੇ ਸਭ ਨਰਕ ਕੁੰਡ ਮਹਿ ਪਰਿਹੈਂ॥**
**ਮੋ ਕੌ ਦਾਸ ਤਵਨ ਕਾ ਜਾਨੋ॥ ਯਾ ਮੈ ਭੇਦ ਨ ਰੰਚ ਪਛਾਨੋ'॥੩੨॥ (ਬਚਿਤ੍ਰ ਨਾਟਕ)**

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵਿਚ ਮਨੁੱਖਤਾ ਨੂੰ ਸੰਗਠਤ ਕਰਨ ਦੀ ਬਾ-ਕਮਾਲ ਸ਼ਕਤੀ ਸੀ। ਗੁਰੂ ਜੀ ਦੇ ਉਪਦੇਸ਼ਾਂ ਦਾ ਅਸਰ ਉਨ੍ਹਾਂ ਦੇ ਸੇਵਕਾਂ ਨੇ ਭਰਪੂਰ ਕਬੂਲਿਆ ਅਤੇ ਉਹ ਯੋਧੇ ਬਣ ਵਿਚਰਨ ਲੱਗੇ, ਜੋ ਆਪਣੇ ਗੁਰੂ ਦੇ ਇਕ ਇਸ਼ਾਰੇ 'ਤੇ ਜਾਨਾਂ ਵਾਰਨ ਲਈ ਹਰ ਵਕਤ ਤਿਆਰ ਰਹਿੰਦੇ। ਦਸਵੇਂ ਪਾਤਸ਼ਾਹ ਨੇ ਚਮਕੌਰ ਦੇ ਜੰਗ ਅੰਦਰ ਆਪਣੇ ਵੱਡੇ ਸਾਹਿਬਜ਼ਾਦਿਆਂ ਨੂੰ ਆਪਣੇ ਹੱਥੀਂ ਤਿਆਰ ਕਰ ਸ਼ਹਾਦਤਾਂ ਲਈ ਤੋਰਿਆ। ਛੋਟੇ ਸਾਹਿਬਜ਼ਾਦੇ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਤੋਂ ਪਿਛੋਂ ਵੀ ਪਰਮਾਤਮਾ ਦਾ ਸ਼ੁਕਰ ਅਦਾ ਕੀਤਾ।

ਉਨ੍ਹਾ ਨੇ ਆਪਣੇ ਜੀਵਨ ਵਿਚ ਕਈ ਉਤਾਰ ਚੜ੍ਹਾਅ ਵੇਖੇ, ਦੁਸ਼ਮਣ ਦੇ ਘੇਰੇ ਸਮੇਂ ਭੁੱਖਾਂ ਕੱਟੀਆਂ, ਉਨੀਂਦਰੇ ਰਹੇ। ਮਾਛੀਵਾੜੇ ਦੇ ਜੰਗਲਾਂ ਵਿਚ ਨੰਗੇ ਪੈਰੀਂ ਸਫਰ ਕੀਤਾ, ਧਰਮ ਯੁੱਧ ਵਿਚ ਆਪਣਾ ਸਾਰਾ ਪ੍ਰੀਵਾਰ ਵਾਰ ਦਿੱਤਾ ਪਰ ਏਨੀਆਂ ਕਠਿਨਾਈਆਂ ਦੇ ਬਾਵਜੂਦ ਵੀ ਕੋਈ ਸ਼ਿਕਵਾ ਜਾਂ ਸ਼ਿਕਾਇਤ ਨਹੀਂ ਕੀਤੀ ਸਗੋਂ ਪਰਮਾਤਮਾ ਦਾ ਸ਼ੁਕਰਾਨਾ ਕੀਤਾ।

ਅੱਜ ਮਨੁੱਖਤਾ ਨੂੰ ਉਨ੍ਹਾ ਦੁਆਰਾ ਪਾਏ ਗਏ ਪੂਰਨਿਆਂ 'ਤੇ ਚੱਲਣ ਦੀ ਸਖਤ ਜਰੂਰਤ ਹੈ। ਅੱਜ ਦਾ ਮਨੁੱਖ ਉਨ੍ਹਾ ਦੁਆਰਾ ਦਿਖਾਈ ਗਈ ਕੁਰਬਾਨੀ ਅਤੇ 'ਮਾਨਸ ਕੀ ਜਾਤ ਸਬੈ ਏਕੈ ਪਹਿਚਾਨਬੋ' ਅਨੁਸਾਰ ਕੀਤੇ ਗਏ ਪ੍ਰਣ ਨੂੰ ਭੁੱਲਦਾ ਜਾ ਰਿਹਾ ਹੈ। ਮਨੁੱਖ ਅੱਜ ਫਿਰ ਸਹਿਣਸ਼ੀਲਤਾ ਅਤੇ ਤਿਆਗ ਦੀ ਭਾਵਨਾ ਨੂੰ ਛੱਡ ਕੇ ਲਾਈਲੱਗ ਮਾਨਸਿਕਤਾ ਦਾ ਸ਼ਿਕਾਰ ਹੋ ਕੇ ਡੇਰਾਵਾਦ, ਗੁਰੂ-ਡੰਮ੍ਹ ਅਤੇ ਫੋਕਟ ਧਾਰਮਿਕ ਕਰਮ-ਕਾਂਡਾਂ ਵਿਚ ਫਸਦਾ ਜਾ ਰਿਹਾ ਹੈ। ਅੱਜ ਅਸੀਂ ਆਪਣੇ ਸ਼ਾਨਾਮੱਤੇ ਇਤਿਹਾਸ ਅਤੇ ਕੌਮੀ ਵਿਰਸੇ ਤੋਂ ਦੂਰ ਹੁੰਦੇ ਜਾ ਰਹੇ ਹਾਂ। ਇਸ ਕਰਕੇ ਸਾਨੂੰ ਇਕ-ਦੂਜੇ ਨੂੰ ਕੋਸਣ ਦੀ ਬਜਾਏ ਰਲ-ਮਿਲ ਕੇ ਕੌਮ ਨੂੰ ਤਰੱਕੀ ਦੇ ਰਾਹ 'ਤੇ ਤੋਰਨ ਦਾ ਉਪਰਾਲਾ ਕਰਨਾ ਪਵੇਗਾ ਅਤੇ ਇਸ ਰਸਤੇ 'ਤੇ ਚੱਲਦਿਆਂ ਗੁਰੂ ਸਦਾ ਅੰਗ-ਸੰਗ ਸਹਾਈ ਹੋਵੇਗਾ। ਆਓ ! ਦਸ਼ਮੇਸ਼ ਪਿਤਾ ਜੀ ਦੇ ਪ੍ਰਕਾਸ਼ ਪੁਰਬ ਮੌਕੇ 'ਤੇ ਖੰਡੇ ਬਾਟੇ ਦਾ ਅੰਮ੍ਰਿਤ ਛਕੀਏ ਅਤੇ ਗੁਰੂ ਦੇ ਦਰਸਾਏ ਮਾਰਗ ਤੇ ਚੱਲੀਏ।

■

# ਮਾਨਵਤਾ ਦੇ ਗੁਰੂ: ਸ੍ਰੀ ਗੁਰੂ ਗੋਬਿੰਦ ਸਿੰਘ ਜੀ

*-ਡਾ. ਰੂਪ ਸਿੰਘ**

ਬਾਦਸ਼ਾਹ ਦਰਵੇਸ਼, ਮਾਨਵਤਾ ਦੇ ਗੁਰੂ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਰੂਹਾਨੀ ਪ੍ਰਤਿਭਾ ਨੂੰ ਬਿਆਨ ਕਰਨਾ ਅਕੱਥ ਨੂੰ ਕਥਣ ਦੇ ਤੁੱਲ ਹੈ। ਇਹ ਇਵੇਂ ਹੀ ਹੈ ਜਿਵੇਂ ਮਘਦੇ ਸੂਰਜ ਦੀ ਕੈਮਰੇ ਨਾਲ ਤਸਵੀਰ ਲੈਣਾ। ਦਿਬ-ਦੈਵੀ ਸ਼ਖ਼ਸੀਅਤਾਂ ਦੇ ਦਰਸ਼ਨ ਸੰਸਾਰਿਕ ਅੱਖਾਂ ਨਾਲ ਨਹੀਂ ਕੀਤੇ ਜਾ ਸਕਦੇ, ਨਾ ਹੀ ਇਹਨਾਂ ਨੂੰ ਪ੍ਰਚਲਤ ਧਾਰਮਿਕ, ਸਮਾਜਿਕ ਤੇ ਸੰਸਾਰਿਕ ਸ਼ਬਦਾਵਲੀ 'ਚ ਬਿਆਨ ਕੀਤਾ ਜਾ ਸਕਦਾ ਹੈ। ਮਹਾਂਕਵੀ ਸੰਤੋਖ ਸਿੰਘ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਦਰਸ਼ਨਾਂ ਬਾਰੇ ਲਿਖਦੇ ਹਨ :

**ਦੂਰਨਰਿੱਖ ਦਰਸ਼ਨ ਸਤਿਗੁਰ ਕੇ**

ਭਗਵਤ ਗੀਤਾ ਅਨੁਸਾਰ ਜਦ ਅਰਜਨ ਨੇ ਭਗਵਾਨ ਕ੍ਰਿਸ਼ਨ ਦੇ ਸ਼ੁਧ ਸਰੂਪ ਦੇ ਦਰਸ਼ਨ ਕਰਨ ਲਈ ਤਮੰਨਾ ਜ਼ਾਹਿਰ ਕੀਤੀ, ਤਦ ਭਗਵਾਨ ਕ੍ਰਿਸ਼ਨ ਨੇ ਸਪੱਸ਼ਟ ਕੀਤਾ ਕਿ ਰੂਹਾਨੀ ਅੱਖਾਂ ਹੀ ਰੂਹਾਨੀ ਰੂਹਾਂ ਦੇ ਦੀਦਾਰ ਕਰ ਸਕਦੀਆਂ ਹਨ।

**ਦਿਵਯਮ ਦਦਾਮਿ ਤੇ ਚਕਸ਼ੂ।** (੧੧-੮)

ਗੁਰਮਤਿ ਵਿਚਾਰਧਾਰਾ ਅਨੁਸਾਰ 'ਅਕਾਲ ਪੁਰਖ', 'ਪ੍ਰਭੂ_ਪਰਮਾਤਮਾ' ਤੇ 'ਗੁਰੂ-ਜੋਤਿ' 'ਜਨਮ-ਮਰਨ' ਤੋਂ ਰਹਿਤ ਹੈ। ਜੋਤਿ ਸਦੀਵੀ ਹੋਣ ਕਰਕੇ ਸਮੇਂ-ਸਥਾਨ ਦੀਆਂ ਸੀਮਾਵਾਂ ਤੋਂ ਸੁਤੰਤਰ ਹੈ। ਇਹੀ ਕਾਰਣ ਹੈ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਤੋਂ ਲੈ ਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ, ਗੁਰੂ ਖਾਲਸਾ-ਪੰਥ ਤੇ ਗੁਰੂ-ਗ੍ਰੰਥ ਜੋਤਿ ਰੂਪ ਵਿੱਚ ਪ੍ਰਗਟ ਹੋਣ ਦੇ ਪ੍ਰਮਾਣਕ, ਸਮਕਾਲੀ-ਸਾਰਥਕ ਅਨੇਕਾਂ ਹਵਾਲੇ ਮਿਲਦੇ ਹਨ। ਭਾਈ ਗੁਰਦਾਸ ਜੀ ਗੁਰੂ ਨਾਨਕ ਜੋਤਿ ਦੇ ਪ੍ਰਗਟ ਹੋਣ ਨੂੰ 'ਸਤਿਗੁਰ ਨਾਨਕ ਪ੍ਰਗਟਿਆ', 'ਵਡਾ ਪੁਰਖੁ ਪਰਗਟਿਆ ਕਲਿਜੁਗਿ ਅੰਦਰਿ ਜੋਤਿ ਜਗਾਈ', ਸ੍ਰੀ ਗੁਰੂ ਅਰਜਨ ਦੇਵ ਜੀ 'ਪ੍ਰਗਟ ਭਈ ਸਗਲੇ ਜੁਗ ਅੰਤਰਿ ਗੁਰ ਨਾਨਕ ਕੀ ਵਡਿਆਈ', ਸ੍ਰੀ ਗੁਰੂ ਗੋਬਿੰਦ ਸਿੰਘ ਜੀ ਬਾਰੇ ਭਾਈ ਗੁਰਦਾਸ ਦੂਜਾ 'ਵਹ ਪ੍ਰਗਟਿਓ ਮਰਦ ਅਗੰਮੜਾ ਵਰੀਆਮ ਇਕੇਲਾ' ਅਤੇ ਸਰਬ ਲੋਹ ਗ੍ਰੰਥ ਵਿਚ ਖਾਲਸਾ ਪੰਥ ਬਾਰੇ 'ਪ੍ਰਗਟਿਓ ਖਾਲਸਾ ਪ੍ਰਮਾਤਮ ਕੀ ਮੌਜ' ਤੇ ਅਖੀਰ ਸ਼ਬਦ-ਗੁਰੂ, ਦਸਾਂ ਪਾਤਸ਼ਾਹੀਆਂ ਦੀ ਜੋਤਿ ਨੂੰ 'ਪ੍ਰਗਟ ਗੁਰਾਂ ਕੀ ਦੇਹਿ' ਦੇ ਰੂਪ ਵਿੱਚ ਬਿਆਨ ਕੀਤਾ ਗਿਆ, ਜਿਸ ਨੂੰ 'ਸਭ ਸਿਖਨ ਕੋ ਹੁਕਮ ਹੈ', ਦੇ ਰੂਪ 'ਚ ਮੰਨਿਆ ਜਾਂਦਾ ਹੈ। ਅਸੀਂ ਗੁਰੂ-ਸਾਹਿਬਾਨ ਬਾਰੇ ਜੋ ਸੰਸਾਰਿਕ ਸ਼ਬਦਾਵਲੀ 'ਚ ਬਿਆਨ ਕਰਨ ਦਾ ਯਤਨ ਕਰਦੇ ਹਾਂ ਉਹ ਸਥੂਲ-ਸਰੂਪ ਸਰੀਰ ਦਾ ਬਿਆਨ ਹੁੰਦਾ ਹੈ, ਅਦਿਖ ਗੁਰੂ-ਜੋਤਿ ਦਾ ਨਹੀਂ। ਉਪਰੋਕਤ ਸੰਖੇਪ ਵਿਵਰਣ ਤੋਂ ਸਪੱਸ਼ਟ ਹੈ ਕਿ ਗੁਰੂ-ਜੋਤਿ ਪ੍ਰਕਾਸ਼ਮਾਨ-ਪ੍ਰਗਟ ਹੁੰਦੀ ਹੈ ਜੋ ਜਨਮ-ਮਰਨ ਤੋਂ ਰਹਿਤ ਹੈ। ਗੁਰਬਾਣੀ ਸਪੱਸ਼ਟ ਕਰਦੀ ਹੈ :

**ਗੋਬਿੰਦ ਲੋਕ ਨਹੀ ਜਨਮਿ ਮਰਹਿ॥** (ਪੰਨਾ ੨੧੧)

ਬਾਲ ਗੋਬਿੰਦ ਰਾਏ ਨੇ ਆਦਿ ਗੁਰੂ, ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਧਰਤ ਸੁਹਾਵੀ ਪਟਨਾ ਸਾਹਿਬ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਤੇ ਮਾਤਾ ਗੁਜਰੀ ਜੀ ਦੇ ਘਰ ਪ੍ਰਗਟ ਹੋ ਬਾਲ ਵਰੇਸ ਦੇ ਅਗੰਮੀ ਕੌਤਕ ਕੀਤੇ। ਮਾਤਾ ਗੁਜਰੀ ਜੀ ਦੀ ਨਿਗਰਾਨੀ 'ਚ ਆਉਣ ਵਾਲੇ ਸਮੇਂ ਦੇ ਹਾਣੀ ਬਣਨ ਲਈ ਸਿਖਿਆ ਪ੍ਰਾਪਤ ਕੀਤੀ। ਮਸਨੂਈ ਜੰਗੀ ਅਭਿਆਸ ਕੀਤੇ, ਸਮੇਂ ਦੀ ਬਾਦਸ਼ਾਹੀ ਦਾ ਬਾਲ ਅਵਸਥਾ ਸਮੇਂ ਬਾਗੀ ਸੁਰ 'ਚ ਮੂੰਹ ਚੜਾ ਖਿੱਲੀ ਉਡਾਈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਮੂਲ ਨਾਂ 'ਗੋਬਿੰਦ ਰਾਇ' ਹੈ। ਗੋਬਿੰਦ ਦਾ ਅਰਥ-ਭਾਵ ਸਰਵਕਾਲੀ, ਸਮੇਂ ਸਥਾਨ ਤੋਂ ਸੁਤੰਤਰ ਹਰੀ ਪਰਮਾਤਮਾ ਹੈ। ਕੋਸ਼ਾਂ ਵਿਚ ਵੀ ਗੋਬਿੰਦ ਦਾ ਸ਼ਾਬਦਿਕ ਅਰਥ ਵਾਹਿਗੁਰੂ, ਪ੍ਰਿਥਵੀ-ਪਾਲਕ, ਕਰਤਾਰ, ਪਾਰਬ੍ਰਹਮ, ਗੁਣਾਂ ਦਾ ਸਮੁੰਦ੍ਰ ਆਦਿ ਕੀਤੇ ਮਿਲਦੇ ਹਨ। ਗੁਰਬਾਣੀ ਇਨ੍ਹਾਂ ਅਰਥਾਂ ਨੂੰ ਸਪਸ਼ਟ ਕਰਦੀ ਹੈ :

**ਮੁੱਖ ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।*

**ਪਾਰਬ੍ਰਹਮ ਪਰਮੇਸੁਰ ਗੋਬਿੰਦ॥**
**ਕ੍ਰਿਪਾ ਨਿਧਾਨ ਦਇਆਲ ਬਖਸੰਦ॥** (ਪੰਨਾ ੨੯੩)
**ਸਭੁ ਗੋਬਿੰਦੁ ਹੈ ਸਭੁ ਗੋਬਿੰਦੁ ਹੈ ਗੋਬਿੰਦ ਬਿਨੁ ਨਹੀ ਕੋਈ॥** (ਪੰਨਾ ੪੮੫)
**ਗੋਬਿੰਦ ਮਿਲਣ ਕੀ ਇਹ ਤੇਰੀ ਬਰੀਆ॥** (ਪੰਨਾ ੩੭੮)
**ਦੁਸਟ ਹਰਨਾ ਸ੍ਰਿਸਟ ਕਰਨਾ ਦਯਾਲ ਲਾਲ ਗੋਬਿੰਦ॥** (ਸ੍ਰੀ ਦਸਮ ਗ੍ਰੰਥ)

'ਰਾਇ' ਸ਼ਬਦ ਦੇ ਸ਼ਾਬਦਿਕ ਅਰਥ-ਸੰਗਯਾ ਦੇ ਰੂਪ 'ਚ ਰਾਜਾ, ਅਮੀਰ, ਮਾਲਕ, ਪ੍ਰਭੂ, ਵਾਹਿਗੁਰੂ, ਕਰਤਾਰ, ਪਾਰਬ੍ਰਹਮ ਕੀਤੇ ਮਿਲਦੇ ਹਨ। ਗੁਰਬਾਣੀ ਦੇ ਪਾਵਨ ਉਪਦੇਸ਼ ਹਨ:

**ਨਾਨਕ ਮਨਹੁ ਨ ਬੀਸਰੈ ਗੁਣ ਨਿਧਿ ਗੋਬਿਦ ਰਾਇ॥** (ਪੰਨਾ ੨੫੫)
**ਤਤਾ ਤਾ ਸਿਉ ਪ੍ਰੀਤਿ ਕਰਿ ਗੁਣ ਨਿਧਿ ਗੋਬਿਦ ਰਾਇ॥** (ਪੰਨਾ ੨੫੬)
**ਆਪੁ ਤਜਹੁ ਗੋਬਿੰਦ ਭਜਹੁ ਸਰਨਿ ਪਰਹੁ ਹਰਿ ਰਾਇ॥** (ਪੰਨਾ ੨੯੮)
**ਗੁਰੁ ਨਾਨਕੁ ਤੁਠਾ ਮਿਲਿਆ ਹਰਿ ਰਾਇ॥** (ਪੰਨਾ ੩੭੫)
**ਅੰਤਰਿ ਰਾਮ ਰਾਇ ਪ੍ਰਗਟੇ ਆਇ॥** (ਪੰਨਾ ੧੧੪੧)

'ਗੋਬਿੰਦ ਰਾਇ' ਦੇ ਅਗੇਤਰ-ਪਿਛੇਤਰ ਵਿਸ਼ੇਸ਼ਣ ਜਿਤਨੇ ਮਰਜ਼ੀ ਸ਼ਰਧਾ-ਭਾਵਨਾ, ਸਤਿਕਾਰ ਨਾਲ ਲਗਾ ਦੇਈਏ, ਆਪਣੇ ਮਨ ਦੀ ਤਸੱਲੀ ਹੋ ਜਾਵੇਗੀ ਪਰ 'ਗੋਬਿੰਦ' ਦੇ ਗੁਣਾਂ ਦਾ ਗਾਇਨ, ਅਕਥ ਕਥਾ ਕਥੀ ਨ ਜਾਇ ਦੀ ਅਵਸਥਾ ਹੈ। ਗੋਬਿੰਦ ਸ਼ਬਦ ਦਾ ਕੋਈ ਬਦਲ ਨਹੀਂ। ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਫੁਰਮਾਣ ਹੈ:

**ਗੋਬਿੰਦ ਗੋਬਿੰਦ ਗੋਬਿੰਦ ਸੰਗਿ ਨਾਮਦੇਉ ਮਨੁ ਲੀਣਾ॥**
**ਆਢ ਦਾਮ ਕੋ ਛੀਪਰੋ ਹੋਇਓ ਲਾਖੀਣਾ॥** (ਪੰਨਾ ੪੮੭)

ਗੋਬਿੰਦ ਨਾਮ 'ਚ ਐਸੀ ਸ਼ਕਤੀ ਹੈ ਕਿ ਭਗਤ ਨਾਮਦੇਵ ਜਿਸਨੂੰ ਅੱਧੀ ਦਮੜੀ ਦਾ ਨਹੀਂ ਸਨ ਮੰਨਦੇ ਉਹੀ ਗੋਬਿੰਦ ਗੋਬਿੰਦ ਕਰਦਿਆਂ 'ਗੋਬਿੰਦ' ਰੂਪ ਹੋ ਲਖੀਣਾ ਭਾਵ ਲੱਖਾਂ ਦਾ ਹੋ ਗਿਆ, ਅਮੋਲਕ-ਅਮਰ ਹੋ ਗਿਆ। ਲੋਕ ਉਸ ਦੇ ਨਾਮ ਨਾਲ ਜੁੜ ਗਏ। ਦੂਸਰੇ ਪਾਸੇ ਅਸੀਂ ਤਕਦੇ ਹਾਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਵਿੱਤਰ ਨਾਮ ਦਾ 'ਗੋਬਿੰਦ' ਸ਼ਬਦ ਉਸ ਹੀ ਨਿਰੰਕਾਰੀ ਜੋਤਿ ਦੇ ਅਰਥਾਂ, ਭਾਵਾਂ ਤੇ ਭਾਵਨਾ 'ਚੋਂ ਵਰਤਿਆ ਗਿਆ ਹੈ। ਗੋਬਿੰਦ ਦੇ ਬਿਸਰਨ ਨਾਲ ਤਾਂ ਆਤਮਿਕ ਮੌਤ ਹੈ-''ਮਰਣੰ ਬਿਸਰਣੰ ਗੋਬਿੰਦਹ॥''

ਦਸਮੇਸ਼ ਪਿਤਾ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਪਟਨੇ ਦੀ ਧਰਤੀ 'ਤੇ ਪ੍ਰਗਟ ਹੋਏ ਇਹ ਇਕ ਪ੍ਰਤੱਖ ਪ੍ਰਮਾਣ ਹੈ :

**ਤਹੀ ਪ੍ਰਕਾਸ ਹਮਾਰਾ ਭਯੋ॥**
**ਪਟਨਾ ਸਹਰ ਬਿਖੈ ਭਵ ਲਯੋ॥** (ਬਚਿਤ੍ਰ ਨਾਟਕ, ਅਧਿ: ੭)
**ਵਹ ਪ੍ਰਗਟਿਓ ਪੁਰਖ ਭਗਵੰਤ ਰੂਪ ਗੁਰ ਗੋਬਿੰਦ ਸੂਰਾ।...**
**ਉਹੁ ਗੁਰੂ ਗੋਬਿੰਦ ਹੋਇ ਪ੍ਰਗਟਿਓ ਦਸਵਾਂ ਅਵਤਾਰਾ।** (ਭਾਈ ਗੁਰਦਾਸ ਦੂਜਾ)

ਜਨਮ-ਮਰਨ ਸੰਸਾਰੀ ਲੋਕਾਈ ਵਾਸਤੇ ਹੈ ਜੋ ਵਿਕਾਰਾਂ ਤੋਂ ਨਿਰਲੇਪ ਨਹੀਂ ਹੋ ਸਕਦੇ ਪਰ ਰੂਹਾਨੀ ਪਾਤਸ਼ਾਹ, ਰੱਬੀ ਨੂਰ-ਨਿਰੰਕਾਰੀ ਤੇ ਪਰਉਪਕਾਰੀ ਹੈ। ਗੁਰੂ ਸਰਵਕਾਲੀ, ਸਰਵਪੱਖੀ-ਸਰਬਗੁਣ ਸੰਪੰਨ, ਸਮੇਂ-ਸਥਾਨ ਦੀਆਂ ਸੀਮਾਵਾਂ ਤੋਂ ਸੁਤੰਤਰ ਹੁੰਦਾ ਹੈ। ਗੁਰੂ ਅਗਿਆਨਤਾ ਦੇ ਹਨੇਰੇ ਨੂੰ ਦੂਰ ਕਰਨ ਵਾਸਤੇ ਗਿਆਨ ਪ੍ਰਕਾਸ਼ਕ, ਗਿਆਨ ਦਾ ਬ੍ਰਹਿਮੰਡੀ ਸੂਰਜ ਹੈ, ਜੋ ਪਵਨ-ਗੁਰੂ ਪਾਣੀ-ਪਿਤਾ ਦੇ ਸਿਧਾਂਤ ਅਨੁਸਾਰ ਸਮਸਤ ਸੰਸਾਰ ਲਈ ਅਗਿਆਨ ਵਿਨਾਸ਼ਕ-ਪ੍ਰਕਾਸ਼ ਦਾ ਅਮੁਕ ਸਰੋਤ ਹੈ। ਇਨ੍ਹਾਂ ਅਰਥਾਂ ਵਿਚ ਹੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਕਿਸੇ ਧਰਮ, ਜਾਤੀ, ਕੌਮ, ਖੇਤਰ ਤੀਕ ਸੀਮਤ ਨਹੀਂ ਉਹ ਸਮੁੱਚੀ ਕਾਇਨਾਤ ਲਈ ਕੁਦਰਤੀ ਧਰਮ ਗੁਰੂ ਹਨ ਜਿਨ੍ਹਾਂ ਨੂੰ ਅਸੀਂ ਮਾਨਵਤਾ ਦੇ ਗੁਰੂ ਵਜੋਂ ਦੇਖਣ ਦਾ ਯਤਨ ਕਰ ਰਹੇ ਹਾਂ। ਬਾਦਸ਼ਾਹ-ਦਰਵੇਸ਼ ਸ਼ੁਭ ਕਰਮਨ ਤੇ ਕਬਹੂੰ ਨਾ ਟਰੋਂ ਦੀ ਅਰਦਾਸ ਅਕਾਲ ਪੁਰਖ ਦੇ ਦਰ 'ਤੇ ਕਰਦਿਆਂ, ਨਿਸਚੈ ਕਰਿ ਅਪਨੀ ਜੀਤ ਕਰਨ ਦੇ ਦ੍ਰਿੜ੍ਹ ਵਿਸਵਾਸ਼ੀ ਹਨ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਕੋਈ ਸਾਨੀ ਨਹੀਂ, ਕੋਈ ਬਦਲ ਨਹੀਂ, ਕਵੀ ਅੱਲਾ ਯਾਰ ਖਾਂ ਜੋਗੀ ਦੇ ਸ਼ਬਦਾਂ 'ਚ :

**ਕਰਤਾਰ ਕੀ ਸੁਗੰਦ ਹੈ, ਨਾਨਕ ਕੀ ਕਸਮ ਹੈ।**
**ਜਿਤਨੀ ਭੀ ਹੋ ਗੋਬਿੰਦ ਕੀ ਤਾਰੀਫ਼ ਵੁਹ ਕਮ ਹੈ।** (ਸ਼ਹੀਦਾਨਿ ਵਫ਼ਾ)

ਸਾਈਂ ਭੀਖਣ ਸ਼ਾਹ ਨੇ ਲੋਕਾਈ ਨੂੰ ਪ੍ਰਤੱਖ ਕਰਨ ਲਈ ਪੂਰਬ ਵੱਲ ਸਿਜਦਾ ਕੀਤਾ, ਪਟਨੇ ਸ਼ਹਿਰ ਜਾ ਕੇ ਗੁਰੂ-ਜੋਤਿ ਦੇ ਦਰਸ਼ਨ ਕਰ ਸਪੱਸ਼ਟ ਕੀਤਾ ਕਿ ਗੁਰਦੇਵ-ਪਿਤਾ ਧਰਮ, ਜਾਤੀ ਜਾਂ ਖੇਤਰ ਨਾਲ ਸੰਬੰਧਿਤ ਨਹੀਂ ਸਗੋਂ ਮਨੁੱਖਤਾ ਨੂੰ 'ਮਾਨਸ ਕੀ ਜਾਤ ਸਬੈ ਏਕੈ ਪਹਿਚਾਨਬੋ ਦਾ ਸੰਦੇਸ਼ ਦੇਣ ਆਏ ਹਨ। ਫ਼ਤਹਿ ਚੰਦ ਮੈਣੀ, ਸ਼ਿਵ ਦੱਤ ਦੇ ਸ਼ੰਕਿਆਂ ਨੂੰ ਨਿਵਿਰਤ ਕਰ ਸ਼ਸਤ੍ਰ ਤੇ ਸ਼ਾਸਤ੍ਰ ਵਿਦਿਆ ਦੀ ਪ੍ਰਾਰੰਭਕ ਵਿਦਿਆ ਹਾਸਲ ਕਰ ਮਾਨਵਤਾ ਦੇ ਗੁਰੂ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਨੰਦਪੁਰ ਸਾਹਿਬ ਨੂੰ ਰਵਾਨਾ ਹੋਏ।

ਅਨੰਦਪੁਰ ਸਾਹਿਬ ਦੀ ਪਾਵਨ-ਪਵਿੱਤਰ ਧਰਤ ਸੁਹਾਵੀ 'ਤੇ ਹੀ ਚਾਰੇ ਸਾਹਿਬਜ਼ਾਦੇ ਅੰਗਮੀ ਕੌਤਕ ਕਰਦੇ ਹਨ। ਮਾਤਾ ਜੀਤੋ ਜੀ ਦਾ ਅਕਾਲ ਚਲਾਣਾ ਵੀ ਇੱਥੇ ਹੀ ਹੁੰਦਾ ਹੈ। ਦਰਦਮੰਦ, ਦੁਖੀ ਤੇ ਆਜ਼ਜ ਬ੍ਰਾਹਮਣ, ਕ੍ਰਿਪਾ ਰਾਮ ਦੀ ਅਗਵਾਈ 'ਚ ਆਪਣੇ ਧਰਮ-ਕਰਮ ਇਜ਼ਤ-ਆਬਰੂ ਲਈ ਅਧੀਨਗੀ ਨਾਲ ਬੇਨਤੀ ਕਰਦੇ ਹਨ ਤਾਂ ਦਸਮ ਪਾਤਸ਼ਾਹ ਹੀ ਪ੍ਰਵਾਨ ਚੜ੍ਹਾਉਂਦੇ ਹਨ। ਨੌਂ ਸਾਲ ਦੀ ਉਮਰ 'ਚ ਗੁਰੂ ਪਿਤਾ, ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਹਿੰਦੂ ਧਰਮ ਦੀ ਹੋਂਦ ਨੂੰ ਬਚਾਉਣ ਲਈ ਸ਼ਹਾਦਤ ਵਾਸਤੇ ਤੋਰਨਾ, ਸਵੈ-ਵਿਸ਼ਵਾਸ, ਸਿਦਕ ਭਰੋਸੇ ਦਾ ਸ਼ਿਖਰ ਸੀ। ਭਾਈ ਜੈਤਾ ਜੀ ਤੋਂ ਸ਼ਹੀਦ ਗੁਰੂ-ਪਿਤਾ, ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਪਾਵਨ ਸੀਸ ਪ੍ਰਾਪਤ ਕਰ, ਪਿਆਰੇ-ਗੁਰਸਿੱਖ ਨੂੰ ਪਿਆਰ ਗਲਵਕੜੀ 'ਚ ਲੈ ਕੇ ਬਖਸ਼ਿਸ਼ ਕਰਦੇ ਹਨ ਰੰਘਰੇਟੇ ਗੁਰੂ ਕੇ ਬੇਟੇ। ਮਾਖੋਵਾਲ ਚੱਕ ਨਾਨਕੀ ਦੀ ਛੋਟੀ ਜਿਹੀ ਨਗਰੀ ਨੂੰ ਬ੍ਰਹਿਮੰਡੀ ਖਾਲਸੇ ਦੇ ਪ੍ਰਗਟ ਅਸਥਾਨ ਦੇ ਰੂਪ 'ਚ ਤਖ਼ਤ, ਸ੍ਰੀ ਕੇਸਗੜ੍ਹ ਸਾਹਿਬ ਅਨੰਦਪੁਰ ਸਾਹਿਬ ਵਜੋਂ ਵਿਸ਼ਵ ਪ੍ਰਸਿੱਧੀ ਪ੍ਰਾਪਤ ਹੋਈ। ਮਸਨੂਈ ਜੰਗਾਂ ਤੇ ਧਰਮ ਯੁੱਧ ਦੀ ਤਿਆਰੀ ਲਈ ਕਿਲ੍ਹੇ ਉਸਾਰੇ ਗਏ।

ਸਾਹ-ਸਤਹੀਨ ਹੋਏ ਭਾਰਤੀਆਂ, ਮੁਰਦਾ-ਨਿਤਾਣੇ ਲੋਕਾਂ 'ਚ ਸਾਹਸ-ਸ਼ਕਤੀ ਨੂੰ ਪੈਦਾ ਕਰਨ ਲਈ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਕੇਸਗੜ੍ਹ ਦੀਆਂ ਪਹਾੜੀਆਂ 'ਤੇ ਕੇਸਰੀ ਪਰਚਮ ਝੁਲਾਏ, ਰਣਜੀਤ ਨਗਾਰੇ 'ਤੇ ਚੋਟਾਂ ਲਗਵਾਈਆਂ। ਘੋੜ-ਸਵਾਰੀ ਤੇ ਸ਼ਸਤਰ-ਵਿਦਿਆ ਲਈ ਮਸਨੂਈ ਜੰਗਾਂ-ਯੁੱਧਾਂ, ਫ਼ਤਹਿ ਦੇ ਜੈਕਾਰਿਆਂ ਨਾਲ ਧਰਮ ਯੁੱਧ ਲਈ ਚਾਉ-ਹੁਲਾਸ ਪੈਦਾ ਕੀਤਾ। ਇਹ ਸਭ ਕੁਝ ਸਦੀਆਂ ਤੋਂ ਗੁਲਾਮ ਭਾਰਤੀਆਂ ਲਈ ਸਮੇਂ ਦੇ ਬਾਦਸ਼ਾਹ ਔਰੰਗਜ਼ੇਬ ਵਲੋਂ ਸਖ਼ਤ ਮਨ੍ਹਾ ਕੀਤਾ ਸੀ। ਸਾਹਿਬੇ ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਬੁਜ਼ਦਿਲਾਂ 'ਚ ਬਹਾਦਰੀ ਪੈਦਾ ਕਰਨ ਲਈ ਬੀਰ-ਰਸੀ ਸਾਹਿਤ ਸਿਰਜਣਾ ਕੀਤੀ ਤੇ ਕਰਵਾਈ। ਖਾਲਸਈ ਫ਼ਤਹਿ ਦੇ ਬੋਲਾਂ ਤੇ ਜੰਗੀ ਜੈਕਾਰਿਆਂ ਨਾਲ ਪਹਾੜੀਆਂ ਗੂੰਜ ਉਠੀਆਂ। ਬਿਨ ਕਰਤਾਰ ਨ ਕਿਰਤਮ ਮਾਨੋ ਦੇ ਧਾਰਨੀ ਗੁਰੂ ਪਿਤਾ ਜੀ ਦੇ ਨਿਰਦੇਸ਼ਾਂ ਅਨੁਸਾਰ ਸ਼ਸਤਰਾਂ ਦੇ ਪੁਜਾਰੀ, ਸੁਤੰਤਰਤਾ, ਸਵੈਮਾਣ ਦੀ ਸ਼ਕਤੀ ਨਾਲ ਮਾਲਾ-ਮਾਲ ਸਿੰਘਾਂ ਨੇ ਸਰੂਪ ਤੇ ਸ਼ਖ਼ਸੀ ਪੂਜਾ ਨੂੰ ਮੁਕੰਮਲ ਰੂਪ 'ਚ ਨਕਾਰ ਦਿੱਤਾ। ਸ਼ੂਦਰ ਨੂੰ ਸਮਾਜਿਕ ਬਰਾਬਰੀ ਦਾ ਅਧਿਕਾਰ ਨਹੀਂ ਸੀ ਉਸ ਨੂੰ ਸਤਿਗੁਰਾਂ ਨੇ ਸਿੱਖ ਸ਼ਹਿਨਸ਼ਾਹ ਬਣਾ ਦਿੱਤਾ।

**ਨਾਮ ਗਰੀਬ ਨਿਵਾਜ ਹਮਾਰਾ। ਹੈ ਜਗ ਮੇਂ ਪ੍ਰਸਿਧ ਅਪਾਰਾ।**
**ਸੋ ਸਫਲਾ ਜਗ ਮੈ ਤਬ ਥੈ ਹੈਂ। ਲਘੁ ਜਾਤਨ ਕੋ ਬਡਪਨ ਦੈ ਹੈਂ।**
**ਜਿਨ ਕੀ ਜਾਤਿ ਔਰ ਕੁਲ ਮਾਂਹੀ, ਸਰਦਾਰੀ ਨਹਿ ਭਈ ਕਦਾਹੀਂ।...**
**ਇਨ ਹੀ ਕੋ ਸਰਦਾਰ ਬਨਾਵੋਂ, ਤਬੈ ਗੋਬਿੰਦ ਸਿੰਘ ਨਾਮ ਸਦਾਵੋਂ।**

(ਪੰਥ ਪ੍ਰਕਾਸ਼, ਗਿ· ਗਿਆਨ ਸਿੰਘ)

... ... ...

**ਜੁੱਧ ਜਿਤੇ ਇਨਹੀ ਕੇ ਪ੍ਰਸਾਦਿ ਇਨਹੀ ਕੇ ਪ੍ਰਸਾਦਿ ਸੁ ਦਾਨ ਕਰੇ॥...**

**ਇਨਹੀ ਕੀ ਕ੍ਰਿਪਾ ਕੇ ਸਜੇ ਹਮ ਹੈ ਨਹੀ ਮੋ ਸੇ ਗਰੀਬ ਕਰੋਰ ਪਰੇ॥**

(ਸ੍ਰੀ ਦਸਮ ਗ੍ਰੰਥ, ਪੰਨਾ ੭੧੬)

ਖੇਰੂੰ-ਖੇਰੂੰ ਹੋਈ ਸਮਾਜਿਕ ਸ਼ਕਤੀ ਨੂੰ ਇਕੱਤਰ ਕਰ ਸੂਰਬੀਰ ਬਚਨ ਕੇ ਬਲੀ ਸੂਰਮੇ ਸਰਦਾਰ ਬਣਾਏ। ਇਸ ਕਾਰਜ ਵਾਸਤੇ ਵਿਦਵਾਨ-ਸਾਹਿਤਕਾਰ ਤੇ ਕਵੀ ਬੁਲਾਏ ਗਏ। ਇਸ ਮਨੋਰਥ ਨੂੰ ਗੁਰੂ ਜੀ ਇੰਝ ਸਪੱਸ਼ਟ ਕਰਦੇ ਹਨ :

**ਧੰਨਿ ਜੀਓ ਤਿਹ ਕੋ ਜਗ ਮੈ ਮੁਖ ਤੇ ਹਰਿ ਚਿੱਤ ਮੈ ਜੁਧੁ ਬਿਚਾਰੈ॥**

(ਕ੍ਰਿਸ਼ਨਵਤਾਰ)

ਅਨੰਦਪੁਰ ਸਾਹਿਬ ਤੋਂ ਗੁਰਦੇਵ ਪਿਤਾ ਸ਼ਹਿਰ ਪਾਂਵਟੇ ਦੀ ਸੁਧ ਲੈਂਦੇ ਹਨ। ਰੁਝੇਵਿਆਂ, ਯੁੱਧਾਂ, ਕਸ਼ਟਾਂ ਦੇ ਸਮੇਂ ਵੀ ਕਾਵਿ-ਰਚਨਾ ਕਰਦੇ ਰਹੇ। ੫੨ ਕਵੀਆਂ ਦੀ ਸ਼ਾਹਦੀ ਤਾਂ ਬਹੁਤ ਸਾਰੇ ਇਤਿਹਾਸਕ ਹਵਾਲੇ ਭਰਦੇ ਹਨ, ਜਿਨ੍ਹਾਂ ਨੂੰ ਗੁਰਦੇਵ ਤਨਖ਼ਾਹ ਤੋਂ ਇਲਾਵਾ-ਬੇਨਜ਼ੀਰ ਇਨਾਮਾਂ ਨਾਲ ਨਿਵਾਜਦੇ ਸਨ। ਗੁਰੂ ਦਰਬਾਰ ਵਿਚ ਵੱਡੀ ਗਿਣਤੀ ਵਿਚ ਵਿਦਵਾਨ, ਕਵੀ, ਲਿਖਾਰੀ, ਮੁਨਸ਼ੀ, ਮੁਸੱਦੀ ਤੇ ਹੋਰ ਸਿੱਖ ਸੇਵਾਦਾਰ ਸਨ। ਦੇਹਰਾ ਮਸੀਤ ਨੂੰ ਵੱਖ-ਵੱਖ ਧਰਮ ਮੰਦਰ ਮੰਨਣ ਵਾਲੇ, ਪੁਰਾਣ-ਕੁਰਾਣ ਦੇ ਸੰਦੇਸ਼ 'ਤੇ ਅਮਲ ਕਰਨ ਵਾਲੇ ਉਨ੍ਹਾਂ ਦੇ ਸ਼ਰਧਾਲੂ, ਸੇਵਕ, ਮੁਰੀਦ ਤੇ ਸ਼ਹੀਦ ਸਨ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਤੇਗਾਂ ਨਾਲ ਕਲਮਾਂ ਘੜੀਆਂ, ਜਿਨ੍ਹਾਂ ਐਸਾ ਬੀਰ ਰਸ ਸਾਹਿਤ ਪੈਦਾ ਕੀਤਾ, ਜਿਸ ਨੇ ਬੁਜ਼ਦਿਲਾਂ-ਕਾਇਰਾਂ 'ਚ ਬੀਰਤਾ-ਬਹਾਦਰੀ ਦੇ ਬੀਜ ਬੋਏ ਕਿ ਸਵਾ-ਸਵਾ ਲੱਖ ਨਾਲ ਇਕੱਲੇ ਲੜ ਗਏ। ਇਹ ਵੇਰਵੇ ਦਰਬਾਰੀ ਕਵੀਆਂ ਦੀਆਂ ਰਚਨਾਵਾਂ ਤੋਂ ਵੀ ਮਿਲਦੇ ਹਨ।

ਪਾਉਂਟੇ ਦੀ ਧਰਤੀ 'ਤੇ ਨਿਵਾਸ ਕਰਦਿਆਂ ਭੰਗਾਣੀ ਯੁੱਧ ਵਿਚ ਜਿੱਤ ਪ੍ਰਾਪਤ ਕਰਕੇ ਭਈ ਜੀਤ ਮੇਰੀ ਕ੍ਰਿਪਾ ਕਾਲ ਕੇਰੀ ਦਾ ਨਾਅਰਾ ਬੁਲੰਦ ਕੀਤਾ। ਨੀਵੀਂ ਜਾਤ ਦੇ ਕਹੇ ਜਾਂਦੇ ਸ਼ੂਦਰਾਂ ਨੂੰ ਪਿਆਰ ਗਲਵਕੜੀ ਵਿਚ ਲੈ ਕੇ ਸੂਰਮੇ ਸ਼ੇਰ ਹੋਣ ਦਾ ਮਾਣ ਦਿੱਤਾ। ਇਸਲਾਮਿਕ ਅਸੂਲਾਂ ਦੇ ਧਾਰਣੀ ਪੀਰ ਬੁੱਧੂ ਸ਼ਾਹ ਵੱਲੋਂ ਆਪਣੇ ਸਪੁੱਤਰ, ਮੁਰੀਦ ਗੁਰੂ ਜੀ ਤੋਂ ਕੁਰਬਾਨ ਕਰਨੇ ਕਿਸੇ ਕਰਾਮਾਤ ਤੋਂ ਘੱਟ ਨਹੀਂ ਸੀ। ਪੀਰ ਬੁੱਧੂ ਸ਼ਾਹ ਸ਼ਕਲਾਂ-ਸਰੀਰਾਂ ਦੇ ਪੁਜਾਰੀ ਨਹੀਂ ਕੇਵਲ ਇਕ ਅੱਲ੍ਹਾ ਨੂੰ ਮੰਨਣ ਵਾਲੇ ਸਨ। ਉਹ ਬ੍ਰਹਿਮੰਡੀ ਧਰਮ ਗੁਰੂ, ਸ੍ਰੀ ਗੁਰੂ ਗੋਬਿੰਦ ਸਿੰਘ ਨੂੰ ਮਨ-ਬਚਨ-ਕਰਮ ਕਰਕੇ ਸਮਰਪਿਤ ਹੋਏ ਪ੍ਰੇਮ ਖੇਲਣ ਕਾ ਚਾਉ ਦੀ ਖੇਡ ਖੇਡਦੇ ਹਨ। ਕਲਗੀਧਰ ਦੇ ਸ਼ਸਤਰ ਦੀਨ-ਦੁਖੀ ਦੀ ਰੱਖਿਆ ਢਾਲ ਤੇ ਜਾਬਰਾਂ-ਜ਼ਾਲਮਾਂ ਵਾਸਤੇ ਕਾਲ ਸਨ। ਅਕਾਲ ਪੁਰਖ ਵੱਲੋਂ ਬਖਸ਼ਿਸ਼ਾਂ ਕਾਰਨ ਅੱਗੋਂ ਜੋ ਅੜਦਾ ਸੀ ਸੋ ਝੜਦਾ ਸੀ। ਜੋ ਸ਼ਰਨ ਆਉਂਦਾ ਉਸਨੂੰ ਗਲੇ ਨਾਲ ਲਗਾਉਂਦੇ ਸਨ। ਸ੍ਰੀ ਗੁਰੂ ਗੋਬਿੰਦ ਸਿੰਘ ਦੇ ਨਾਲ ਤਨ, ਮਨ ਤੋਂ ਜੁੜਦੇ ਨਿਮਾਣੇ, ਨਿਤਾਣੇ, ਗਰੀਬੜੇ ਕਮਜ਼ੋਰ ਕਿਰਸਾਨ ਸੇਵਕ ਤੋਂ ਸਿਕਦਾਰ-ਸਿਰਦਾਰ ਬਣਾਉਣ ਦੀ ਸਮਰੱਥਾ ਸੀ। ਤਖ਼ਤ, ਸ੍ਰੀ ਕੇਸਗੜ੍ਹ ਸਾਹਿਬ (ਅਨੰਦਪੁਰ ਸਾਹਿਬ) ਦੇ ਪਾਵਨ ਅਸਥਾਨ 'ਤੇ ਖੰਡੇ ਬਾਟੇ ਦੀ ਪਾਹੁਲ ਛਕਾ ਕੇ ਖੰਡੇ ਦੀ ਧਾਰ 'ਤੇ ਚਲਣ ਵਾਲੀ ਖੜਗਧਾਰੀ ਕੌਮ ਸਿਰਜੀ। ਫਿਰ ਆਪ ਉਨ੍ਹਾਂ ਪਾਸੋਂ ਅੰਮ੍ਰਿਤ ਦਾਤ ਪ੍ਰਾਪਤ ਕਰ ਪੰਥ ਨੂੰ ਗੁਰੂ-ਪੰਥ ਦੀ ਸਰਵਉਚ ਪਦਵੀ-ਖਿਤਾਬ ਪ੍ਰਦਾਨ ਕੀਤਾ। ਭਰਮ ਭੇਖ ਤੋਂ ਨਿਆਰੇ ਖਾਲਸੇ ਨੂੰ ਗੁਰਦੇਵ ਆਪਣਾ ਗੁਰੂ ਤਸਵਰ ਕਰਦੇ ਹਨ :

**ਖ਼ਾਲਸਾ ਖਾਸ ਕਹਾਏ ਸੋਈ, ਜਾ ਕੇ ਹਿਰਦੇ ਭਰਮ ਨ ਹੋਈ।**
**ਭਰਮ ਭੇਖ ਤੇ ਰਹੇ ਨਿਆਰਾ, ਸੋ ਖਾਲਸਾ, ਸਤਿਗੁਰੂ ਹਮਾਰਾ।** (ਗੁਰ ਸੋਭਾ)
**ਖਾਲਸਾ ਮੇਰੋ ਸਤਿਗੁਰ ਪੂਰਾ। ਖਾਲਸਾ ਮੇਰੋ ਸ੍ਵਜਨ ਸੂਰਾ।...**
**ਯਾ ਮਹਿ ਰੰਚ ਨ ਮਿਥਿਆ ਭਾਖੀ। ਪਾਰਬ੍ਰਹਮ ਗੁਰ ਨਾਨਕ ਸਾਖੀ।** (ਸਰਬ ਲੋਹ)

ਗੁਰਬਾਣੀ ਦੇ ਪਾਵਨ ਉਪਦੇਸ਼-ਮਿਰਤਕ ਕਉ ਪਾਇਓ ਤਨਿ ਸਾਸਾ ਦੇ ਗੁਰੂ ਬਚਨ ਨੂੰ ਅਮਲ 'ਚ ਪ੍ਰਗਟ ਕਰਦਿਆਂ ਗੁਲਾਮ ਮਾਨਸਿਕਤਾ ਦੀ ਥਾਂ ਸ੍ਵੈ-ਵਿਸ਼ਵਾਸ, ਭਰੋਸੇ, ਸੁਤੰਤਰਤਾ ਸਿੱਖ ਸੋਚ ਹੋਂਦ-ਹਸਤੀ ਤੇ ਵਿਲੱਖਣ

*(ਬਾਕੀ ਪੰਨਾ ੨੨ 'ਤੇ)*



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 42ਵੇਂ ਪ੍ਰਧਾਨ

## ਜਥੇਦਾਰ ਗੋਬਿੰਦ ਸਿੰਘ ਲੌਂਗੋਵਾਲ

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 42ਵੇਂ ਪ੍ਰਧਾਨ

# ਜਥੇਦਾਰ ਗੋਬਿੰਦ ਸਿੰਘ ਲੋਂਗੋਵਾਲ



29 ਨਵੰਬਰ 2017 ਨੂੰ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਹੋਏ ਜਨਰਲ ਅਜਲਾਸ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 42ਵੇਂ ਪ੍ਰਧਾਨ ਵਜੋਂ ਸ. ਗੋਬਿੰਦ ਸਿੰਘ ਲੌਂਗੋਵਾਲ ਦੀ ਚੋਣ ਹੋਈ ਹੈ। ਪੰਜਾਬ ਦੇ ਇਤਿਹਾਸ ਵਿਚ ਅਹਿਮ ਸਥਾਨ ਰੱਖਦੇ ਕਸਬਾ ਲੋਂਗੋਵਾਲ ਵਿਚ ਜਨਮੇ ਸ. ਗੋਬਿੰਦ ਸਿੰਘ ਲੋਂਗੋਵਾਲ ਇਕ ਸਾਧਾਰਨ ਕਿਸਾਨ ਪਰਿਵਾਰ ਨਾਲ ਸਬੰਧ ਰੱਖਦੇ ਹਨ। ਸੰਤ ਹਰਚੰਦ ਸਿੰਘ ਲੋਂਗੋਵਾਲ ਦੀ ਉਂਗਲੀ ਫੜ੍ਹ ਕੇ ਸਿਆਸਤ ਵਿਚ ਤੁਰੇ ਸ. ਗੋਬਿੰਦ ਸਿੰਘ ਲੋਂਗੋਵਾਲ ਨੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਲਗਾਏ ਹਰ ਮੋਰਚੇ ਵਿਚ ਭਾਗ ਲਿਆ।

ਪਿਤਾ ਜਥੇਦਾਰ ਪੋਲਾ ਸਿੰਘ ਦਾ ਪ੍ਰਭਾਵ ਕਬੂਲਦਿਆਂ ਗੁਰਦੁਆਰਾ ਭਾਈ ਮਨੀ ਸਿੰਘ ਵਿਖੇ ਹੋਰਨਾਂ ਬੰਦਿਆਂ ਨਾਲ ਹਾਰਮੋਨਿਅਮ ਅਤੇ ਹੋਰ ਸਾਜ ਵਜਾਉਣਾ ਸਿੱਖੇ। ਸੰਤ ਹਰਚੰਦ ਸਿੰਘ ਲੋਂਗੋਵਾਲ ਦੇ ਕੀਰਤਨ ਕਰਨ ਸਮੇਂ ਉਹ ਅਕਸਰ ਉਨ੍ਹਾ ਦਾ ਸਾਥ ਦਿੰਦੇ ਸਨ। ਸੰਤ ਜੀ ਦੀ ਸ਼ਖਸੀਅਤ ਦਾ ਸ. ਗੋਬਿੰਦ ਸਿੰਘ ਲੋਂਗੋਵਾਲ ਤੇ ਡੂੰਘਾ ਪ੍ਰਭਾਵ ਸੀ। ਸੰਤ ਜੀ ਦੀ ਅਗਵਾਈ ਵਾਲੇ ਗੁਰਦੁਆਰਾ ਕੈਂਬੋਵਾਲ ਸਾਹਿਬ ਦੀ ਨਿਰੰਤਰ ਸੇਵਾ ਨਿਭਾਉਣ ਕਰਕੇ ਉਨ੍ਹਾ ਨੂੰ ਸੰਤ ਜੀ ਦਾ ਗੱਦੀਨਸ਼ੀਨ ਸਮਝਿਆ ਜਾਂਦਾ ਹੈ। ਸ. ਗੋਬਿੰਦ ਸਿੰਘ ਲੋਂਗੋਵਾਲ 1985, 1997, 2002 ਵਿਖੇ ਧਨੌਲਾ ਹਲਕੇ ਤੋਂ ਵਿਧਾਇਕ ਬਣੇ। 2015 ਵਿਚ ਹੋਈ ਜ਼ਿਮਨੀ ਚੋਣ ਸਮੇਂ ਉਹ ਹਲਕਾ ਧੂਰੀ ਤੋਂ ਅਕਾਲੀ ਦਲ ਦੇ ਵਿਧਾਇਕ ਵਜੋਂ ਚੋਣ ਜਿੱਤੇ। ਐਮ.ਏ. ਤੱਕ ਦੀ ਵਿਦਿਅਕ ਯੋਗਤਾ ਰੱਖਦੇ ਸ. ਗੋਬਿੰਦ ਸਿੰਘ ਲੋਂਗੋਵਾਲ ਬੜੇ ਦੂਰ-ਅੰਦੇਸ਼ੀ ਹਨ। ਉਨ੍ਹਾ ਦਾ ਸਾਊ ਤੇ ਮਿਲਾਪੜਾ ਸੁਭਾ ਹਰ ਵਰਕਰ ਨੂੰ ਆਪਣੇ ਵੱਲ ਖਿਚਣ ਦੀ ਕਾਬਲੀਅਤ ਰੱਖਦਾ ਹੈ।

ਸ. ਗੋਬਿੰਦ ਸਿੰਘ ਲੋਂਗੋਵਾਲ ਹੁਣ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਣੇ ਹਨ। ਨਿਰਸੰਦੇਹ ਉਹ ਆਪਣੀ ਜਿੰਮੇਵਾਰੀ ਨੂੰ ਬਾਖੂਬੀ ਨਿਭਾਉਂਦਿਆਂ ਇਸ ਸੰਸਥਾ ਨੂੰ ਹੋਰ ਅੱਗੇ ਲੈ ਕੇ ਜਾਣਗੇ।

# ਸ਼੍ਰੋਮਣੀ ਗੁ: ਪ੍ਰ: ਕਮੇਟੀ ਦੇ ਜਨਰਲ ਇਜਲਾਸ ਵਿਚ ਚੁਣੇ ਗਏ ਅਹੁਦੇਦਾਰ ਤੇ ਅੰਤ੍ਰਿੰਗ ਮੈਂਬਰ ਸਾਹਿਬਾਨ



ਜਥੇਦਾਰ ਗੋਬਿੰਦ ਸਿੰਘ ਲੌਂਗੋਵਾਲ
ਪ੍ਰਧਾਨ



ਸ. ਰਘੂਜੀਤ ਸਿੰਘ ਵਿਰਕ
ਸੀਨੀਅਰ ਮੀਤ ਪ੍ਰਧਾਨ



ਸ. ਹਰਪਾਲ ਸਿੰਘ ਜੱਲ੍ਹਾ
ਜੂਨੀਅਰ ਮੀਤ ਪ੍ਰਧਾਨ



ਸ. ਸੱਜਣ ਸਿੰਘ ਬੱਜੂਮਾਨ
ਅੰਤ੍ਰਿੰਗ ਮੈਂਬਰ



ਸ. ਗੁਰਬਚਨ ਸਿੰਘ ਕਰਮੂੰਵਾਲਾ
ਜਨਰਲ ਸਕੱਤਰ



ਸ. ਭਗਵੰਤ ਸਿੰਘ ਸਿਆਲਕਾ
ਅੰਤ੍ਰਿੰਗ ਮੈਂਬਰ



ਸ. ਗੁਰਤੇਜ ਸਿੰਘ ਢੱਡੇ
ਅੰਤ੍ਰਿੰਗ ਮੈਂਬਰ



ਬੀਬੀ ਗੁਰਪ੍ਰੀਤ ਕੌਰ
ਅੰਤ੍ਰਿੰਗ ਮੈਂਬਰ



ਸ. ਲਖਬੀਰ ਸਿੰਘ ਅਰਾਈਆਂ ਵਾਲਾ
ਅੰਤ੍ਰਿੰਗ ਮੈਂਬਰ



ਸ. ਰਵਿੰਦਰ ਸਿੰਘ
ਅੰਤ੍ਰਿੰਗ ਮੈਂਬਰ



ਸ. ਹਰਦੇਵ ਸਿੰਘ ਰੋਂਗਲਾ
ਅੰਤ੍ਰਿੰਗ ਮੈਂਬਰ



ਸ. ਗੁਰਮੀਤ ਸਿੰਘ ਬੂਹ
ਅੰਤ੍ਰਿੰਗ ਮੈਂਬਰ



ਸ. ਨਵਤੇਜ ਸਿੰਘ ਕਾਉਣੀ
ਅੰਤ੍ਰਿੰਗ ਮੈਂਬਰ



ਸ. ਗੁਰਮੀਤ ਸਿੰਘ ਤ੍ਰਿਲੋਕੇਵਾਲਾ
ਅੰਤ੍ਰਿੰਗ ਮੈਂਬਰ



ਸ. ਅਮਰੀਕ ਸਿੰਘ ਸ਼ਾਹਪੁਰ
ਅੰਤ੍ਰਿੰਗ ਮੈਂਬਰ



ਸ਼੍ਰੋਮਣੀ ਗੁ: ਪ੍ਰ: ਕਮੇਟੀ ਦੇ ਸਮੂਹ ਮੈਂਬਰ ਸਾਹਿਬਾਨ ਦੀ ਹਾਜ਼ਰੀ ਵਿਚ ਸ਼੍ਰੋਮਣੀ ਗੁ: ਪ੍ਰ: ਕਮੇਟੀ ਦੇ ਜਨਰਲ ਇਜਲਾਸ ਦੀ ਪ੍ਰਕਿਰਿਆ ਆਰੰਭ ਕਰਦੇ ਹੋਏ ਮੁੱਖ ਸਕੱਤਰ ਡਾ. ਰੂਪ ਸਿੰਘ।



ਸ਼੍ਰੋਮਣੀ ਗੁ: ਪ੍ਰ: ਕਮੇਟੀ ਦੇ ਜਨਰਲ ਇਜਲਾਸ ਦੀ ਕਾਰਵਾਈ ਸਮੇਂ ਵੱਖ-ਵੱਖ ਅਹੁਦੇਦਾਰਾਂ ਦੇ ਨਾਮ ਪੇਸ਼ ਕਰਦੇ ਹੋਏ ਅਤੇ ਤਾਈਦ, ਮਜ਼ੀਦ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਮੈਂਬਰ ਸਾਹਿਬਾਨ।

(ਹੇਠਾਂ) ਜਨਰਲ ਇਜਲਾਸ ਮੌਕੇ ਚੱਲ ਰਹੀ ਵੋਟਿੰਗ ਪ੍ਰਕਿਰਿਆ ਦੇ ਵੱਖ-ਵੱਖ ਦ੍ਰਿਸ਼।



ਪ੍ਰਧਾਨਗੀ ਦੀ ਚੋਣ ਉਪਰੰਤ ਜਨਰਲ ਹਾਊਸ ਦੀ ਪ੍ਰਕਿਰਿਆ ਨੂੰ ਚਲਾਉਂਦੇ ਹੋਏ

**ਜਥੇਦਾਰ ਗੋਬਿੰਦ ਸਿੰਘ ਲੌਂਗੋਵਾਲ**

ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ






ਜਨਰਲ ਇਜਲਾਸ ਉਪਰੰਤ ਅਹੁਦਾ ਸੰਭਾਲਣ ਸਮੇਂ ਅਤੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਜਥੇਦਾਰ ਗੋਬਿੰਦ ਸਿੰਘ ਲੌਂਗੋਵਾਲ, ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ।





ਜਨਰਲ ਇਜਲਾਸ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਦਰਸ਼ਨ ਕਰਨ ਮੌਕੇ ਸਿੰਘ ਸਾਹਿਬ ਗਿ. ਜਗਤਾਰ ਸਿੰਘ ਜੀ ਮੁੱਖ ਗ੍ਰੰਥੀ ਪਾਸੋਂ ਗੁਰੂ-ਘਰ ਦੀ ਬਖਸ਼ਿਸ਼ ਸਿਰੋਪਾਓ ਪ੍ਰਾਪਤ ਕਰਦੇ ਹੋਏ **ਜਥੇਦਾਰ ਗੋਬਿੰਦ ਸਿੰਘ ਲੌਂਗੋਵਾਲ,** ਪ੍ਰਧਾਨ ਸ਼੍ਰੋਮਣੀ ਗੁ: ਪ੍ਰ: ਕਮੇਟੀ।

(ਹੇਠਾਂ) ਦਰਸ਼ਨਾਂ ਉਪਰੰਤ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਅੰਤ੍ਰਿੰਗ ਕਮੇਟੀ ਮੈਂਬਰ ਅਤੇ ਅਹੁਦੇਦਾਰ ਸਾਹਿਬਾਨ।



ਸ਼੍ਰੋਮਣੀ ਕਮੇਟੀ ਦੇ ਮੁੱਖ ਦਫਤਰ ਪਹੁੰਚਣ 'ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਜਥੇਦਾਰ ਗੋਬਿੰਦ ਸਿੰਘ ਲੌਂਗੋਵਾਲ ਦਾ ਸਵਾਗਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਅਧਿਕਾਰੀ।



ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਨਾਲ ਪ੍ਰਬੰਧਾਂ ਸਬੰਧੀ ਇਕੱਤਰਤਾ ਕਰਦੇ ਹੋਏ ਜਥੇਦਾਰ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਕਮੇਟੀ, ਉਨ੍ਹਾਂ ਨਾਲ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਮੈਂਬਰਾਨ ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ ਤੇ ਸ. ਗੁਰਮੀਤ ਸਿੰਘ ਬੂਹ, ਮੁੱਖ ਸਕੱਤਰ ਡਾ. ਰੂਪ ਸਿੰਘ ਅਤੇ ਹੋਰ।



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ 'ਤੇ ਜਥੇ: ਗੋਬਿੰਦ ਸਿੰਘ ਲੌਂਗੋਵਾਲ ਨੂੰ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਭੇਟ ਕਰਦੇ ਹੋਏ।



ਦਮਦਮੀ ਟਕਸਾਲ ਦੇ ਹੈਡਕੁਆਰਟਰ ਗੁ: ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਪਹੁੰਚਣ 'ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਜਥੇ. ਗੋਬਿੰਦ ਸਿੰਘ ਲੌਂਗੋਵਾਲ ਨੂੰ ਸਨਮਾਨਿਤ ਕਰਦੇ ਹੋਏ ਬਾਬਾ ਹਰਨਾਮ ਸਿੰਘ ਖਾਲਸਾ ਮੁੱਖੀ,ਦਮਦਮੀ ਟਕਸਾਲ।
ਉਨ੍ਹਾ ਨਾਲ ਜਥੇ. ਗੁਰਬਚਨ ਸਿੰਘ ਕਰਮੂੰਵਾਲ, ਸਿੰਘ ਸਾਹਿਬ ਭਾਈ ਜਸਬੀਰ ਸਿੰਘ ਰੋਡੇ, ਸੰਤ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸ. ਸੱਜਣ ਸਿੰਘ ਬੱਜੂਮਾਨ, ਐਡਵੋਕੇਟ ਭਗਵੰਤ ਸਿੰਘ ਸਿਆਲਕਾ ਅਤੇ ਹੋਰ।

(ਪੰਨਾ ੧੮ ਦਾ ਬਾਕੀ)

ਪਹਿਚਾਣ, ਜਗਦੀ-ਜ਼ਮੀਰ ਵਾਲੇ ਬਾਣੀ-ਬਾਣੇ ਦੇ ਧਾਰਨੀ ਸੂਰਬੀਰ ਬਚਨ ਕੇ ਬਲੀ ਸਿੰਘਾਂ (ਸ਼ੇਰਾਂ) ਦਾ ਪੰਥ ਪ੍ਰਗਟ ਕੀਤਾ, ਜਿਹੜਾ ਕਦੇ ਵੀ ਸਮੇਂ-ਸਥਾਨ ਤੇ ਸੱਤਾ ਨਾਲ ਸਮਝੌਤਾ ਕਰਕੇ ਕਿਸੇ ਕਿਸਮ ਦੀ ਗੁਲਾਮੀ, ਪ੍ਰਾਧੀਨਤਾ ਪ੍ਰਵਾਨ ਨਾ ਕਰੇ। ਸ੍ਰ. ਰਤਨ ਸਿੰਘ ਭੰਗੂ ਦੇ ਸ਼ਬਦਾਂ 'ਚ :

**ਕਿਸ ਹੂੰ ਕੀ ਇਹ ਕਾਣ ਨ ਧਰਹੈਂ।**
**ਰਾਜ ਕਰੈਂ ਇਕੈ ਲਰ ਮਰਹੈਂ।**

ਵਿਅਕਤੀ ਵਿਸ਼ੇਸ਼, ਰਾਜਾਸ਼ਾਹੀ, ਸੰਸਾਰਿਕ ਬਾਦਸ਼ਾਹੀ ਦੀ ਜੈ-ਜੈ ਕਾਰ ਦੇ ਵਿਰੁੱਧ ਬਗਾਵਤੀ ਸੁਰ ਨੂੰ ਬੁਲੰਦ ਕਰਨ ਤੇ ਖਾਲਸਾ ਹੋਆ ਖ਼ੁਦ-ਖ਼ੁਦਾ ਦੀ ਭਾਵਨਾ ਨੂੰ ਪ੍ਰਚੰਡ ਕਰਨ ਲਈ ਖਾਲਸਾ ਜੀ ਬੋਲਿਆਂ ਦੇ ਰੂਪ ਵਿਚ ਸੰਬੋਧਨੀ ਬੋਲਾ :

**ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫ਼ਤਹਿ॥**

ਬੁਲਾਣ ਦਾ ਆਦੇਸ਼ ਕੀਤਾ। ਇਸ ਦੇ ਨਾਲ ਗੁਰਸਿੱਖਾਂ ਵਿਚ ਜਿੱਥੇ ਸ੍ਵੈ-ਵਿਸ਼ਵਾਸ ਪੈਦਾ ਹੋਇਆ ਉਥੇ ਅਕਾਲ ਪੁਰਖ ਵਾਹਿਗੁਰੂ ਦੀ ਸ਼ਰਵ-ਸ਼ਕਤੀ ਸੰਪੰਨ ਹੋਣ ਨੂੰ ਸਮਰਪਿਤ ਭਾਵਨਾ ਤੇ ਵਿਸ਼ਵਾਸ ਪਰਪੱਕ ਹੋਇਆ। ਇਹ ਸੰਬੋਧਨੀ ਬੋਲਾ ਵੀ ਸ੍ਰੀ ਗੁਰੂ ਗੋਬਿੰਦ ਸਿੰਘ ਦੀ ਬ੍ਰਹਿਮੰਡੀ ਚੇਤਨਾ ਨੂੰ ਪ੍ਰਗਟ ਕਰਦਾ ਹੈ ਜੋ ਕਿਸੇ ਕੌਮ, ਧਰਮ, ਖਿੱਤੇ, ਬਾਦਸ਼ਾਹ ਪਾਸੋਂ ਆਸ ਨਹੀਂ ਕੀਤੀ ਜਾ ਸਕਦੀ ਜੋ ਮਾਨਵਤਾ ਦੇ ਗੁਰੂ ਦੇ ਗੁਣ ਨੂੰ ਰੂਪਮਾਨ ਕਰਦੀ ਹੈ।

ਲੈਨਿਨ ਨੇ ਜੋ ਸਮਾਜਵਾਦ ਰੂਸ ਵਿੱਚ ੧੯੧੭ ਈ 'ਚ ਸਥਾਪਤ ਕੀਤਾ, ਉਸ ਦੇ ਬੀਜ ੨੧੮ ਸਾਲ ਪਹਿਲਾਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਸ੍ਰੀ ਅਨੰਦਪੁਰ ਦੀ ਧਰਤੀ 'ਤੇ ਬੀਜੇ ਸਨ। ਇਸ ਦੀ ਗਵਾਹੀ ਸੰਸਾਰ ਪ੍ਰਸਿੱਧ ਇਤਿਹਾਸਕਾਰ ਆਰਨੋਲਡ ਟਾਇਨਬੀ ਨੇ ਆਪਣੇ ਮਹਾਂ-ਗ੍ਰੰਥ 'ਹਿਸਟਰੀ ਆਫ਼ ਦਾ ਵਰਲਡ' ਵਿੱਚ ਦਿੱਤੀ ਹੈ, ਕਿ ਲੈਨਿਨ ਦੀ ਕਮਿਊਨਿਸਟ ਪਾਰਟੀ ਦਾ ਪੂਰਵਜ਼, ਗੁਰੂ ਗੋਬਿੰਦ ਸਿੰਘ ਦਾ ਖ਼ਾਲਸਾ ਹੈ ਅਤੇ ਇਹ ਪਾਰਟੀ ਸ੍ਵੈ-ਉਤਪਤੀ ਦੀ ਪਦਵੀ ਦੀ ਅਧਿਕਾਰੀ ਨਹੀਂ। ('ਰਾਜ ਕਰੇਗਾ ਖਾਲਸਾ', ਸਿਰਦਾਰ ਕਪੂਰ ਸਿੰਘ, ਪੰਨਾ ੬੬)

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸੰਸਾਰ ਵਿੱਚ ਇਹ ਸਥਾਪਿਤ ਤੇ ਸਾਬਤ ਕਰ ਦਿੱਤਾ ਕਿ ਹਲਤ-ਪਲਤ ਸੰਵਾਰਨ ਲਈ ਮੀਰੀ-ਪੀਰੀ, ਭਗਤੀ-ਸ਼ਕਤੀ, ਗਿਆਨ ਤੇ ਸੱਤਾ ਦਾ ਸੁਖਾਵਾਂ ਸੁਮੇਲ ਜ਼ਰੂਰੀ ਹੈ। ਖਾਲਸਾ-ਪੰਥ ਨੂੰ ਪ੍ਰਗਟ ਕਰਨਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸਭ ਤੋਂ ਵੱਡੀ ਕਰਾਮਾਤ ਸੀ, ਜਿਸ ਕਰਕੇ ਗਰੀਬ ਸਿੱਖਨ ਨੂੰ ਪਾਤਸ਼ਾਹੀ ਪ੍ਰਾਪਤ ਹੋਈ। ਵਹਿਮਾਂ-ਭਰਮਾਂ ਦਾ ਨਾਸ਼ ਕਰਨ ਵਾਸਤੇ ਖੰਡੇ ਬਾਟੇ ਦੀ ਪਾਹੁਲ ਛਕਾ ਕੇ ਊਚ-ਨੀਚ, ਗਰੀਬ-ਅਮੀਰ, ਚੇਲੇ-ਗੁਰੂ ਦੀ ਇਕਸਾਰਤਾ ਤੇ ਇਕਸੁਰਤਾ ਕਾਇਮ ਕੀਤੀ।

ਘਰ-ਘਰ ਦੇਵੀ-ਦੇਵਤਿਆਂ, ਵੱਖ-ਵੱਖ ਰੂਪਾਂ 'ਚ ਮੰਨਣ ਵਾਲੀ ਗੁਲਾਮੀ ਦੀ ਆਦੀ ਹੋ ਚੁੱਕੀ ਭਾਰਤੀ ਲੋਕਾਈ ਵਿਚ ਦੈਵੀ ਏਕਤਾ, ਮਨੁੱਖੀ ਸਮਾਨਤਾ ਦਾ ਬੀਜ ਵੀ ਗੁਰੂ ਜੀ ਨੇ ਹੀ ਬੋਇਆ। ਪਹਿਲੀ ਵਾਰ ਸੁਤੰਤਰ ਸਿੱਖ ਸੋਚ-ਹੋਂਦ ਹਸਤੀ ਤੇ ਪਹਿਚਾਨ ਵਾਲਾ ਖਾਲਸਾ ਰੂਪੀ ਬੋਹੜਨੁਮਾ ਦਰੱਖਤ ਪੈਦਾ ਕੀਤਾ ਜਿਹੜਾ ਹਰ ਤਰ੍ਹਾਂ ਦੇ ਹਾਲਾਤਾਂ, ਜਬਰ_ਜ਼ੁਲਮ ਦੀਆਂ ਹਨੇਰੀਆਂ-ਝੱਖੜਾਂ ਦਾ ਮੁਕਾਬਲਾ ਕਰਦਾ ਹੋਇਆ ਵੀ ਵਿਸ਼ਵ ਭਰ ਵਿਚ ਸੱਚ, ਸੰਜਮ, ਸਹਿਜ, ਸੰਤੋਖ ਦਾ ਧਾਰਣੀ ਹੋ ਸੁਤੰਤਰਤਾ, ਸਾਦਗੀ ਦੀ ਖੁਸ਼ਬੋਈ ਬਖੇਰ ਰਿਹਾ ਹੈ। ਅਵਤਾਰਵਾਦ ਦਾ ਖੰਡਨ ਕਰਦਿਆਂ ਗੁਰਦੇਵ ਪਿਤਾ ਨੇ ਸਪੱਸ਼ਟ ਕੀਤਾ :

**ਆਦਿ ਅੰਤਿ ਏਕੈ ਅਵਤਾਰਾ॥**
**ਸੋਈ ਗੁਰੂ ਸਮਝਿਯਹੁ ਹਮਾਰਾ॥** (ਬੇਨਤੀ ਚੌਪਈ)

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਭਰਮ-ਭੇਖ-ਪਾਖੰਡ ਦਾ ਬਾਖੂਬੀ ਖੰਡਨ ਕੀਤਾ ਹੈ। ਜਿਸ ਦੇਸ਼ ਵਿਚ ਮੰਦਰ ਢਾਹੇ ਜਾ ਰਹੇ ਸਨ ਤੇ ਮਸਜਿਦਾਂ ਉਸਾਰੀਆਂ ਜਾ ਰਹੀਆਂ ਸਨ ਮੂਰਤੀਆਂ ਦੇ ਵੱਟੇ ਬਣਾ ਕੇ ਮਾਸ ਤੋਲਣ ਲਈ ਵਰਤੀਆਂ ਜਾ ਰਹੀਆਂ ਸਨ, ਘੋੜ-ਸਵਾਰੀ, ਦਸਤਾਰ ਦੀ ਮਨਾਹੀ ਸੀ ਉਸ ਸਮੇਂ ਮੰਦਰ-ਮਸੀਤ ਇਕ ਕਹਿਣਾ,

ਪੂਜਾ ਤੇ ਨਿਮਾਜ਼ ਨੂੰ ਇਕ ਮੰਨਣਾ ਕਰਾਮਾਤ ਤੋਂ ਘੱਟ ਨਹੀਂ। ਅਕਾਲ ਪੁਰਖ ਨੂੰ ਇਕ ਮੰਨਣ-ਮੰਨਵਾਉਣ ਵਾਲੇ ਮਾਨਵਤਾ ਦੇ ਗੁਰੂ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਬ੍ਰਹਿਮੰਡੀ ਦ੍ਰਿਸ਼ਟੀ ਦੇ ਦਰਸ਼ਨ-ਦੀਦਾਰ ਕਰੋ :

**ਦੇਹਰਾ ਮਸੀਤ ਸੋਈ ਪੂਜਾ ਔ ਨਿਵਾਜ ਓਈ ਮਾਨਸ ਸਬੈ ਏਕ ਪੈ ਅਨੇਕ ਕੋ ਭ੍ਰਮਾਉ ਹੈ॥**
**ਦੇਵਤਾ ਅਦੇਵ ਜੱਛ ਗੰਧ੍ਰਬ ਤੁਰਕ ਹਿੰਦੂ ਨਿਆਰੇ ਨਿਆਰੇ ਦੇਸਨ ਕੇ ਭੇਸ ਕੋ ਪ੍ਰਭਾਉ ਹੈ॥**
**ਏਕੈ ਨੈਨ ਏਕੈ ਕਾਨ ਏਕੈ ਦੇਹ ਏਕੈ ਬਾਨ ਖਾਕ ਬਾਦ ਆਤਸ ਔ ਆਬ ਕੋ ਰਲਾਉ ਹੈ॥**
**ਅਲਹ ਅਭੇਖ ਸੋਈ ਪੁਰਾਨ ਔ ਕੁਰਾਨ ਓਈ ਏਕ ਹੀ ਸਰੂਪ ਸਭੈ ਏਕ ਹੀ ਬਨਾਉ ਹੈ॥**

(ਅਕਾਲ ਉਸਤਤਿ)

ਮਜ਼੍ਹਬਾਂ, ਦੇਸ਼ਾਂ, ਜਾਤਾਂ-ਪਾਤਾਂ, ਰੰਗਾਂ, ਨਸਲਾਂ ਦੇ ਬੇਸ਼ੁਮਾਰ ਝਗੜਿਆਂ ਨੂੰ ਨਕਾਰਦਿਆਂ-ਨਬੇੜਦਿਆਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਮਾਨਵਤਾ ਦੇ ਗੁਰੂ ਰੂਪ 'ਚ ਸਦੀਵੀ ਸੰਦੇਸ਼ 'ਮਾਨਸ ਕੀ ਜਾਤ ਸਬੈ ਏਕੈ ਪਹਿਚਾਨਬੋ' ਰਾਹੀਂ ਦ੍ਰਿੜ੍ਹ ਕਰਵਾਇਆ। ਸਮਾਜਿਕ ਨਾ ਬਰਾਬਰੀ, ਜਾਤਾਂ-ਪਾਤਾਂ, ਵਹਿਮਾਂ-ਭਰਮਾਂ ਦਾ ਖੰਡਨ ਕਰਨ ਵਾਸਤੇ ਸਮਾਜਿਕ ਚੇਤਨਾ, ਸਮਾਜਿਕ ਕੁਰੀਤੀਆਂ ਨੂੰ ਖਾਲਸੇ ਦੇ ਰੂਪ 'ਚ ਖਤਮ ਕੀਤਾ। 'ਜਬੈ ਬਾਣ ਲਾਗ੍ਯੋ, ਤਬੈ ਰੋਸ ਜਾਗ੍ਯੋ' ਕਹਿਣ ਵਾਲੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਬਹੁਤ ਸਾਰਾ ਸਮਾਂ ਧਰਮ ਯੁੱਧਾਂ ਵਿਚ ਬੀਤਿਆ। ਇਕ ਵੀ ਯੁੱਧ ਜ਼ਰ, ਜ਼ੋਰੂ ਤੇ ਜ਼ਮੀਨ ਵਾਸਤੇ ਨਹੀਂ ਲੜਿਆ ਗਿਆ। ਨੀਲੇ ਦੇ ਸ਼ਾਹ ਸਵਾਰ, ਪ੍ਰਸ਼ਾਦੀ ਹਾਥੀਆਂ ਨੂੰ ਪਿਆਰ ਕਰਨ ਵਾਲੇ, ਤਾਜ਼, ਬਾਜ਼, ਸ਼ਸਤਰਾਂ ਦੇ ਧਾਰਨੀ ਦਸਮੇਸ਼ ਪਿਤਾ, ਨਾ ਸਾਜੋ ਨਾ ਬਾਜੋ··· ਦੀ ਅਵਸਥਾ 'ਚ ਵੀ ਔਰੰਗਜ਼ੇਬ ਦੀ ਮਰ ਚੁੱਕੀ ਜ਼ਮੀਰ ਨੂੰ ਜਗਾਉਣ ਵਾਸਤੇ ਅਦੁੱਤੀ ਅਨੋਖੀ ਜੁਰਤ ਦਿਖਾਈ। ਸ਼ਹਿਨਸ਼ਾਹ ਔਰੰਗਜ਼ੇਬ ਨੂੰ ਉਸ ਦੀ ਅਸਲੀਅਤ ਤੋਂ ਜਾਣੂ ਕਰਾਉਂਦਿਆਂ ਤਾੜਨਾ ਕਰਦੇ ਹਨ ਕਿ ਸੰਸਾਰੀ ਤੌਰ 'ਤੇ ਤੂੰ ਬਾਦਸ਼ਾਹ ਤਾਂ ਹੈਂ ਪਰ ਸੱਚਾਈ ਤੇ ਇਨਸਾਫ ਤੋਂ ਕੋਹਾਂ ਦੂਰ ਹੈਂ। ਤੈਨੂੰ ਨਾ ਅੱਲ੍ਹਾ ਤਾਲਾ 'ਤੇ ਅਤੇ ਨਾ ਹੀ ਹਜ਼ਰਤ ਮੁਹੰਮਦ 'ਤੇ ਯਕੀਨ-ਭਰੋਸਾ ਹੈ:

**ਸ਼ਹਿਨਸ਼ਾਹਿ ਔਰੰਗਜ਼ੇਬ ਆਲਮੀਂ॥**
**ਕਿ ਦਾਰਾਇ ਦੌਰ ਅਸਤੁ ਦੂਰ ਅਸਤ ਦੀਂ॥੯੪॥**
**ਨ ਸਾਹਿਬ ਸ਼ਨਾਸੀ ਨ ਮਹੰਮਦ ਯਕੀਂ॥੪੬॥** (ਜ਼ਫ਼ਰਨਾਮਾ)

ਚਮਕੌਰ ਦੀ ਕੱਚੀ ਗੜ੍ਹੀ 'ਚ ਮੌਤ ਨਾਲ ਮਖੌਲਾਂ ਕਰਨ ਵਾਲੇ ਹਮਸ਼ਕਲ ਸੂਰਮੇ ਭਾਈ ਸੰਗਤ ਸਿੰਘ ਜੀ ਦੇ ਸੀਸ 'ਤੇ ਕਲਗੀ ਸਜਾਉਂਦੇ ਹਨ। ਯੁੱਧ ਦੇ ਮੈਦਾਨ ਵਿਚ ਵੀ 'ਸਭੇ ਸਾਝੀਵਾਲ ਸਦਾਇਨ' ਦਾ ਉਪਦੇਸ਼ ਦ੍ਰਿੜ ਕਰਵਾਇਆ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵਿਵਹਾਰਕ ਤੌਰ 'ਤੇ ਵੀ ਵਿਲੱਖਣ ਧਾਰਮਿਕ ਆਗੂ ਹਨ ਜੋ ਯੁੱਧ ਦੇ ਮੈਦਾਨ ਵਿਚ ਆਸਾ ਕੀ ਵਾਰ ਦਾ ਕੀਰਤਨ ਕਰ ਸਕਦੇ ਹਨ। ਫਿਰ ਵੀ ਅਡੋਲਤਾ ਤੱਕੋ ਪਾਵਨ-ਪਵਿੱਤਰ ਇਤਿਹਾਸਕ ਪਿਆਰੀ ਅਨੰਦਪੁਰੀ ਨੂੰ ਛੱਡਣ, ਸਰਸਾ ਨਦੀ 'ਤੇ ਪਏ ਵਿਛੋੜੇ ਦੇ ਦਰਦ, ਚਮਕੌਰ ਦੇ ਅਸਾਵੇਂ ਯੁੱਧ ਪੁੱਤਰਾਂ ਤੋਂ ਪਿਆਰੇ ਤਿੰਨ ਪਿਆਰਿਆਂ, ਸਾਹਿਬਜ਼ਾਦਿਆਂ, ਮਾਤਾ ਗੁਜਰੀ ਜੀ ਦੀ ਸ਼ਹਾਦਤ, ਲਾਡਲੇ ਸਿੰਘਾਂ ਦਾ ਸਦੀਵੀ ਵਿਛੋੜਾ, ਮਾਛੀਵਾੜੇ ਦੀ ਧਰਤੀ 'ਤੇ ਸ਼ਾਹਾਂ ਦਾ ਸੁਲਤਾਨ ਕੰਡਿਆਲੀ ਧਰਤੀ ਨੂੰ ਸੱਥਰ ਬਣਾਉਣ ਉਪਰੰਤ ਵੀ ਮਿਤ੍ਰ ਪਿਆਰੇ ਨੂੰ ਯਾਦ ਕਰ ਉਚਾਰਣ ਕਰਦੇ ਹਨ 'ਮਿਤ੍ਰ ਪਿਆਰੇ ਨੂੰ ਹਾਲੁ ਮੁਰੀਦਾਂ ਦਾ ਕਹਣਾ' ਇਹ ਅਵਸਥਾ ਹੈ ਮੁਖ ਤੇ ਹਰਿ ਚਿਤ ਮੈ ਜੁਧ ਬਿਚਾਰੈ। ਕਦੇ ਵੀ ਅਕਾਲ ਪੁਰਖ ਨੂੰ ਸ਼ਿਕਵਾ ਸ਼ਿਕਾਇਤ ਨਹੀਂ ਕਰਦੇ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਬਾਰੇ ਭਾਈ ਨੰਦ ਲਾਲ ਸਪੱਸ਼ਟ ਕਰਦੇ ਹਨ ਕਿ ਉਹ ਅਬਿਨਾਸ਼ੀ ਤਖ਼ਤ 'ਤੇ ਬਿਰਾਜਮਾਨ ਸਰਬਪੱਖੀ ਸ਼ਖ਼ਸੀਅਤ ਦੇ ਮਾਲਕ ਹਨ, ਜਿਨ੍ਹਾਂ ਦੀਆਂ ਸਿੱਖਿਆਵਾਂ ਦਾ ਵਰਤਾਰਾ ਨੌਂ ਤਬਕਾਂ ਵਿਚ ਵਰਤਦਾ ਹੈ। ਤਿੰਨਾਂ ਲੋਕਾਂ, ਸਭ ਦਿਸ਼ਾਵਾਂ ਦੇ ਲੋਕ ਉਨ੍ਹਾਂ ਦੇ ਦਰਸ਼ਨਾਂ ਨੂੰ ਤਰਸਦੇ ਹਨ। ਲੱਖਾਂ ਈਸ਼ਰ, ਬਹ੍ਰਮਾ, ਅਰਸ਼-ਕੁਰਸ਼ ਉਸ ਦੀ ਸ਼ਰਨ ਵਿਚ ਆਉਣਾ ਲੋਚਦੇ ਹਨ। ਅਣਗਿਣਤ ਧਰਤ-ਅਕਾਸ਼ ਉਨ੍ਹਾਂ ਦੇ ਗੁਲਾਮ ਹਨ, ਸੈਂਕੜੇ ਹਜ਼ਾਰਾਂ ਚੰਨ-ਸੂਰਜ ਉਨ੍ਹਾਂ ਦਾ ਸਿਰੋਪਾਓ ਪਹਿਨਣਹਾਰੇ ਹਨ:

**ਕਸਤਰੀ ਜ਼ਿ ਸਮਾਨਿ ਗੁਰੂ ਗੋਬਿੰਦ ਸਿੰਘ॥**
**ਰੋਜ਼ਾ ਦੀਨ ਖਾਸਿ ਗੁਰੂ ਗੋਬਿੰਦ ਸਿੰਘ॥**
**ਲਾਅਲ ਸਮੇਂ ਗੁਲਾਮਿ ਗੁਰੂ ਗੋਬਿੰਦ ਸਿੰਘ॥** (ਭਾਈ ਨੰਦ ਲਾਲ)

ਸਮਕਾਲੀ ਵਿਦਵਾਨ ਭਾਈ ਨੰਦ ਲਾਲ ਜੀ ਗੁਰੂ ਗੋਬਿੰਦ ਸਿੰਘ ਦੀ ਸ਼ਖ਼ਸੀਅਤ ਬਿਆਨ ਕਰਨ ਤੋਂ ਅਸਮਰੱਥਾ ਪ੍ਰਗਟ ਕਰਦੇ ਹਨ। ਬਾਦਸ਼ਾਹ-ਦਰਵੇਸ਼ ਹੱਕ-ਹੱਕ ਆਦੇਸ਼, ਸ਼ਹਿਨਸ਼ਾਹ, ਕਹਿ ਸਤਿਕਾਰ ਕਰਦੇ ਹਨ। ਸ੍ਰੀ ਗੁਰੂ ਗੋਬਿੰਦ ਸਿੰਘ ਦੇ ਇਕ ਵਾਲ ਤੋਂ ਦੋ ਜਹਾਨ-ਕੁਰਬਾਨ ਕਰਨ ਨੂੰ ਉਤਾਵਲੇ ਹਨ।

**ਦੀਨ ਦੁਨੀਆ ਦਰ ਕਮੰਦੇ ਆ ਪਰੀ ਰੁਖਸਾਰਿਮਾ,**
**ਹਰ ਦੋ ਆਲਮ, ਕੀਮਤੇ ਬਨ ਤਾਰ ਮੂਏ ਯਾਰਿਮਾ॥**

ਭਾਈ ਨੰਦ ਲਾਲ ਜੀ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਗੁਲਾਮ ਸਗ-ਕੂਕਰ ਸਦਵਾਉਣ 'ਚ ਮਾਣ ਮਹਿਸੂਸ ਕਰਦਾ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਿੱਖ ਸਦਵਾਉਣ ਵਾਲੇ ਨੂੰ ਆਪਣੇ ਗੁਰੂ ਪ੍ਰਤੀ ਸਮਰਪਣ ਭਾਵਨਾ ਤੇ ਸਥਿਤੀ ਬਾਰੇ ਸੋਚਣਾ ਪਵੇਗਾ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਆਪਣੇ ਸੱਚੇ-ਸੁੱਚੇ ਸਿੱਖ/ ਸੇਵਾ-ਸਿਮਰਨ, ਸੰਤੋਖ, ਸਹਿਜ ਦੇ ਧਾਰਨੀ ਸਿੱਖਾਂ ਵਾਸਤੇ ਪਹਿਰੇਦਾਰੀ ਕਰਨ ਤੇ ਪਰਿਵਾਰ ਨੂੰ ਵਾਰਦੇ ਹਨ। ਭਾਈ ਨੰਦ ਲਾਲ ਜੀ ਵਰਗੇ ਵਿਦਵਾਨ ਕਵੀ-ਸਾਹਿਤਕਾਰ, ਭਾਈ ਘਨਈਆ ਵਰਗੀਆਂ ਸੇਵਾ-ਸਿਮਰਨ ਨੂੰ ਸਮਰਪਿਤ ਸ਼ਖ਼ਸੀਅਤਾਂ ਬਿਖੜੇ ਤੋਂ ਬਿਖੜੇ ਸਮੇਂ ਵੀ ਸਦੀਵੀ ਖਿੜਾਓ ਦਾ ਪ੍ਰਗਟਾਅ ਕਰਦੀਆਂ ਹਨ। ਭਾਈ ਘਨਈਆ ਜੀ ਜੰਗ ਦੇ ਮੈਦਾਨ ਵਿਚ ਦੋਸਤਾਂ-ਦੁਸ਼ਮਣਾਂ ਤੱਕ ਪਾਣੀ ਨਹੀਂ ਪਿਲਾਉਂਦੇ। ਉਹ ਤਾਂ ਹਰੇਕ 'ਚ ਮਾਨਵਤਾ ਦੇ ਗੁਰੂ, ਗੁਰੂ ਗੋਬਿੰਦ ਸਿੰਘ ਨੂੰ ਤੱਕਦੇ ਹਨ। ਜਾਹਰ ਪੀਰ, ਪੀਰ ਬੁੱਧੂ ਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਨੂੰ ਆਪਣਾ ਮੁਕਤੀ ਦਾਤਾ ਮੰਨਦੇ, ਸ਼ਿਵਦੱਤ ਵਰਗੇ ਬ੍ਰਾਹਮਣ ਨੂੰ ਵੀ ਆਪ 'ਤੇ ਹੀ ਭਰੋਸਾ ਸੀ। ਨਿਹੰਗ ਖਾਂ, ਗਨੀ ਖਾਂ, ਨਬੀ ਖਾਂ, ਮਾਨਵਤਾ ਦੇ ਗੁਰੂ, ਸ੍ਰੀ ਗੁਰੂ ਗੋਬਿੰਦ ਸਿੰਘ ਨੂੰ ਖ਼ੁਦਾ ਰੂਪ ਜਾਣ ਐਵੇਂ ਨਹੀਂ ਸੱਚ ਨਾਲੋਂ ਪਵਿੱਤਰ ਝੂਠ ਬੋਲਦੇ ਹਨ। ਮਾਈ ਭਾਗੋ ਐਵੇਂ ਨਹੀਂ ਬੁਜ਼ਦਿਲਾਂ ਨੂੰ ਬੀਰਤਾ-ਬਹਾਦਰੀ ਪ੍ਰਦਾਨ ਕਰਦੀ। ਭਾਈ ਬੀਰ ਸਿੰਘ-ਧੀਰ ਸਿੰਘ ਐਵੇਂ ਨਹੀਂ ਗੋਲੀ ਦਾ ਨਿਸ਼ਾਨਾ ਬਨਣ ਲਈ ਛਾਤੀ ਤਾਣਦੇ। ਧਰਮ ਬਦਲੀ ਦੀ ਜਬਰ-ਜ਼ੁਲਮ ਦੀ ਕਹਾਣੀ ਨੂੰ ਵੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਰੋਕਦੇ ਹਨ। ਸਾਈਂ ਬੁੱਲੇ ਸ਼ਾਹ ਦੇ ਸ਼ਬਦਾਂ 'ਚ:

**ਨ ਕਹੋ ਅਬ ਕੀ ਨ ਕਹੋ ਤਬ ਕੀ ਬਾਤ ਕਹੂੰ ਮੈਂ ਜਬ ਕੀ,**
**ਅਗਰ ਨ ਹੋਤੇ ਗੁਰੂ ਗੋਬਿੰਦ ਸਿੰਘ ਸੁੰਨਤ ਹੋਤੀ ਸਭ ਕੀ।**

ਸਮੇਂ ਦਾ ਬਾਦਸ਼ਾਹ ਔਰੰਗਜ਼ੇਬ ਇਕ ਹੀ ਇਸਲਾਮੀ ਰਾਜ ਸਤਾ ਦੀ ਸਥਾਪਤੀ ਕਰਨੀ ਚਾਹੁੰਦਾ ਹੈ ਜਿਸ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਕੁਦਰਤੀ, ਧਰਮ, ਸਮਾਜ, ਰਾਜ ਦੀ ਵੰਨ-ਸੁਵੰਨਤਾ ਦੇ ਵਿਰੁੱਧ ਮੰਨਦੇ ਹਨ। ਗੁਰੂ ਜੀ ਸਪੱਸ਼ਟ ਕਰਦੇ ਹਨ ਵਿਭਿੰਨਤਾ ਬਹੁ ਰੰਗੀ ਤੇ ਬਹੁ ਭਾਂਤੀ ਹੈ, ਜੋ ਕੁਦਰਤੀ ਕਾਨੂੰਨ ਦੇ ਅਨੁਸਾਰੀ ਹੈ :

**ਬੰਗ ਕੇ ਬੰਗਾਲੀ ਫਿਰਹੰਗ ਕੇ ਫਿਰੰਗਾਵਾਲੀ**
**ਦਿਲੀ ਕੇ ਦਿਲਵਾਲੀ ਤੇਰੀ ਆਗਿਆ ਮੈ ਚਲਤ ਹੈਂ॥**
**ਰੋਹ ਕੇ ਰੁਹੇਲੇ ਮਾਘ ਦੇਸ ਕੇ ਮਘੇਲੇ ਬੀਰ ਬੰਗ ਸੀ ਬੁੰਦੇਲੇ ਪਾਪ ਪੁੰਜ ਕੋ ਮਲਤ ਹੈਂ॥**
**ਗੋਖਾ ਗੁਨ ਗਾਵੈ ਚੀਨ ਮਚੀਨ ਕੇ ਸੀਸ ਨਯਾਵੈ**
**ਤਿੱਬਤੀ ਧਿਆਇ ਦੋਖ ਦੇਹ ਕੋ ਦਲਤ ਹੈਂ॥**
**ਜਿਨੈ ਤੋਹਿ ਧਿਆਇਓ ਤਿਨੈ ਪੂਰਨ ਪ੍ਰਤਾਪ ਪਾਇਓ**
**ਸਰਬ ਧਨ ਧਾਮ ਫਲ ਫੂਲ ਸੋ ਫਲਤ ਹੈਂ॥੨੫੫॥** (ਅਕਾਲ ਉਸਤਤਿ)

ਭਾਈ ਸੰਤੋਖ ਸਿੰਘ ਦੇ ਸ਼ਬਦਾਂ 'ਚ ਜੇਕਰ ਸ੍ਰੀ ਗੁਰੂ ਗੋਬਿੰਦ ਸਿੰਘ ਪ੍ਰਗਟ ਨਾ ਹੁੰਦੇ ਤਾਂ ਕੁਦਰਤੀ ਵੰਨ ਸੁਵੰਨਤਾ ਖਤਮ ਹੋ ਜਾਣੀ ਸੀ ਤੇ ਇਸਲਾਮਕ ਏਕਤਾ ਸਥਾਪਤ ਹੋਣੀ ਸੀ। ਇਸਲਾਮ ਦਾ ਬੋਲਬਾਲਾ ਹੋਣਾ ਸੀ। ਦੇਵੀ-ਦੇਵਤੇ,

ਦੇਹਰੇ, ਮੰਦਰ ਖਤਮ ਹੋ ਜਾਣੇ ਸਨ ਤੇ ਇਸ ਧਰਤੀ ਤੋਂ ਵੇਦਾਂ-ਪੁਰਾਣਾਂ ਦੀ ਕਥਾ-ਵਿਚਾਰ ਮਿਟ ਜਾਣੀ ਸੀ। ਸਾਹਿਤਕ ਕਿਰਤਾਂ ਦਾ ਵੀ ਵਿਨਾਸ਼ ਹੁੰਦਾ ਜੇਕਰ ਕਿਰਪਾ ਨਿਧਾਨ ਸ੍ਰੀ ਗੁਰੂ ਗੋਬਿੰਦ ਸਿੰਘ ਪੈਦਾ ਨਾ ਹੁੰਦੇ :

**ਛਾਇ ਜਾਤੀ ਏਕਤਾ, ਅਨੇਕਤਾ ਬਿਲਾਇ ਜਾਤੀ, ਹੋਵਤੀ ਕੁਚੀਲਤਾ ਕਤੇਬਨ ਕੁਰਾਨ ਕੀ।**
**ਪਾਪ ਹੀ ਪ੍ਰਪੱਕ ਜਾਤੇ, ਧਰਮ ਧਸੱਕ ਜਾਤੇ, ਬਰਨ ਗਰਕ ਜਾਤੇ, ਸਾਹਿਤ ਬਿਧਾਨ ਕੀ।**
**ਦੇਵੀ ਦੇਵ ਦੇਹੁਰੇ ਸੰਤੋਖ ਸਿੰਘ ਦੂਰ ਹੋਤੇ ਰੀਤ ਮਿਟ ਜਾਤੀ ਕਥਾ ਬੇਦਨ ਪੁਰਾਨ ਕੀ।**
**ਸ੍ਰੀ ਗੁਰੂ ਗੋਬਿੰਦ ਸਿੰਘ ਪਾਵਨ ਪਰਮ ਸੂਰ ਮੂਰਤ ਨ ਹੋਤੀ ਜਉ ਪੈ ਕਰੁਣਾ ਨਿਧਾਨ ਕੀ।**

ਦੂਸਰਿਆਂ ਦੀ ਹੋਂਦ ਨੂੰ ਸਵੀਕਾਰਨ ਮੰਨਣ ਵਾਸਤੇ ਗੁਲਾਮ ਭਾਰਤ ਵਾਸੀਆਂ 'ਚ ਅਹਿਸਾਸੇ ਕਮਤਰੀਂ ਨੂੰ ਨਾਸ਼ ਕਰ-ਸਵੈਮਾਣ ਭਰੋਸੇ ਦਾ ਅਹਿਸਾਸ ਕਰਵਾਇਆ।

ਸਿਰਮੌਰ-ਸੂਰਬੀਰ, ਸੰਤ-ਸਿਪਾਹੀ ਸੈਨਾਪਤੀ, ਸਾਹਿਤਕਾਰ, ਸ਼ਹਿਨਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸਾਹ-ਸਤਹੀਣ ਮੁਰਦਾ ਲੋਕਾਈ, ਜਿਨ੍ਹਾਂ ਸੁਪਨੇ 'ਚ ਵੀ ਕਦੇ ਸਿਰਦਾਰੀ-ਬਾਦਸ਼ਾਹੀ ਬਾਰੇ ਨਹੀਂ ਸੀ ਸੋਚਿਆ ਤੇ ਉਨ੍ਹਾਂ ਦੀਆਂ ਪੀੜ੍ਹੀਆਂ ਨੂੰ ਸਿਰਦਾਰੀਆਂ-ਬਾਦਸ਼ਾਹੀਆਂ ਦੀਆਂ ਬਖਸ਼ਿਸ਼ਾਂ ਨਾਲ ਨਿਵਾਜ਼ਿਆ। ਦੁਨਿਆਵੀ ਬਾਦਸ਼ਾਹੀ ਦੀ ਥਾਂ ਰੂਹਾਨੀ ਸਲਤਨਤ ਦੀ ਸਥਾਪਤੀ ਕੀਤੀ। ਉਨ੍ਹਾਂ ਧਰਤੀ 'ਤੇ ਸੰਗਤੀ ਬਾਦਸ਼ਾਹੀ ਸਥਾਪਿਤ ਕੀਤੀ। ਜਿਥੇ ਪਸ਼ੂਆਂ, ਚੂਹਿਆਂ, ਮੁਰਦਿਆਂ, ਮੂਰਤਾਂ ਆਦਿ ਨੂੰ ਪੂਜਿਆ ਜਾਂਦਾ ਸੀ ਪਰ ਅਖੌਤੀ ਨੀਵੀਂ ਜਾਤ ਦੀ ਕਿਰਤੀ ਸ਼੍ਰੇਣੀ ਨਾਲ ਨਫ਼ਰਤ ਈਰਖਾ ਕੀਤੀ ਜਾਂਦੀ ਸੀ। ਚੂਹਿਆਂ ਦੀ ਜੂਠ ਪ੍ਰਸ਼ਾਦ ਸਮਝ ਕੇ ਖਾਧੀ ਜਾਂਦੀ ਪਰ ਸ਼ੂਦਰ ਦੇ ਪਰਛਾਵੇਂ ਨਾਲ ਭਿਟੇ ਜਾਂਦੇ। ਨਾਨਕ ਨਿਰਮਲ ਪੰਥ ਦੀ ਸਿਰਜਣਾ ਲਈ ਗੁਰੂ ਨਾਨਕ ਮੰਦਰਾਂ, ਮਸਜਿਦਾਂ, ਮਜਲਸਾਂ, ਮਠਾ 'ਚ ਗਏ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਰੂਹਾਨੀ ਸਲਤਨਤ ਦੀ ਸਥਾਪਤੀ ਲਈ ਗੁਰੂ ਸਾਹਿਬ ਜੀ ਨੇ ਹਿੰਦੂ ਸਮਾਜ ਦੀ ਬਾਸੀ ਵਿਚਾਰਧਾਰਾ ਰੂਪੀ ਰਸਮਾਂ ਦੀ ਥਾਂ ਤਰੋ-ਤਾਜ਼ਾ ਸਾਹਿਤਕ ਸਰਮਾਇਆ, ਨਵੀਂ ਨਰੋਈ ਵਿਚਾਰਧਾਰਾ ਰੂਪੀ ਸ਼ੇਰਵਾਨੀ ਪ੍ਰਦਾਨ ਕੀਤੀ। ਜਿਸ ਨੂੰ ਅੰਦਰੂਨੀ ਤੇ ਬਹਿਰੂਨੀ ਤੌਰ 'ਤੇ ਬਾਣੀ ਤੇ ਬਾਣੇ ਦੇ ਰੂਪ 'ਚ ਧਾਰਨ ਕਰਕੇ ਗਰੀਬ ਸ਼ੂਦਰ ਬਾਦਸ਼ਾਹ, ਸ਼ਹਿਨਸ਼ਾਹ, ਸਿਕਦਾਰ ਸਦਵਾਏ। ਅਕਾਲ ਪੁਰਖ ਦੀ ਬਖਸ਼ਿਸ਼ ਸਦਕਾ, ਅਕਾਲੀ ਹਿੰਮਤ, ਖ਼ੁਦ ਗੁਰਦੇਵ ਜੀ ਨੇ ਖਾਲਸੇ ਨੂੰ ਖ਼ੁਦਾਈ ਸ਼ਕਤੀਆਂ ਪ੍ਰਦਾਨ ਕੀਤੀਆਂ, ਖ਼ਾਲਸਾ ਹੋਆ ਖ਼ੁਦ-ਖ਼ੁਦਾ।

ਅਨੰਦਪੁਰ ਸਾਹਿਬ ਛੱਡ ਕੇ, ਚਮਕੌਰ ਦੀ ਕੱਚੀ ਗੜ੍ਹੀ 'ਚ ਸੰਸਾਰ ਦਾ ਅਸਾਵਾਂ ਯੁੱਧ ਲੜਿਆ, ਮਾਛੀਵਾੜੇ, ਰਾਏ ਕੋਟ ਤੋਂ ਹੁੰਦੇ ਹੋਏ ਦੀਨਾ ਕਾਂਗੜ ਪਹੁੰਚੇ। ਜ਼ਫਰਨਾਮੇ 'ਚ ਕਰਤਾਰੀ ਸ਼ਕਤੀ, ਸਵੈ-ਭਰੋਸੇ ਤੇ ਸਵੈਮਾਣ ਦਾ ਪ੍ਰਗਟਾਅ ਕਰਦਿਆਂ ਦੀਨਾ ਕਾਂਗੜ ਤੋਂ ਸਮੇਂ ਦੇ ਬਾਦਸ਼ਾਹ ਨੂੰ ਸੱਚ ਤੋਂ ਸੁਚੇਤ ਸਾਵਧਾਨ ਕੀਤਾ। ਚਮਕੌਰ ਸਾਹਿਬ 'ਚ ਸੰਸਾਰ ਦੇ ਸਭ ਤੋਂ ਅਸਾਵੇਂ ਯੁੱਧ 'ਚ ਇਕ ਪਾਸੇ ਚਾਲੀ ਭੁੱਖੇ ਭਾਣੇ ਗੁਰੂ ਪਿਆਰੇ ਗੁਰਸਿੱਖ ਤੇ ਦੂਸਰੇ ਪਾਸੇ ਦਸ ਲੱਖ ਬਾਦਸ਼ਾਹੀ ਫ਼ੌਜਾਂ ਦਾ ਘੇਰਾ। ਗੁਰੂ ਸਾਹਿਬ ਖੁਦ ਅੱਖੀਂ ਦੇਖ ਅਦਭੁੱਤ ਨਜ਼ਾਰੇ ਨੂੰਬਿਆਨ ਕਰਦੇ ਹਨ:

**ਗੁਰਸਨਹ ਚਿਕਾਰੇ ਕੁਨਦ ਚਿਹਲ ਨਰ॥**
**ਕਿ ਦਹ ਲਖ ਬਰਾਯਦ ਬਰੋ ਬੇਖ਼ਬਰ॥** (ਜ਼ਫ਼ਰਨਾਮਾ)

ਨੀਲੇ ਦਾ ਸ਼ਾਹ-ਸਵਾਰ, ਕਲਗੀਧਰ ਪਿਤਾ, ਸੰਸਾਰ ਦਾ ਸ਼ਹਿਨਸ਼ਾਹ ਬਾਜ਼-ਤਾਜ ਦਾ ਧਾਰਨੀ :

**ਨਾ ਸਾਜ਼ੋ ਨਾ ਬਾਜ਼ੋ ਨਾ ਫ਼ੌਜ਼ੋ ਨਾ ਫ਼ਰਸ਼॥**
**ਖ਼ੁਦਾਵੰਦ ਬਖ਼ਸ਼ਿੰਦਹਿ ਐਸ਼ਿ ਅਰਸ਼॥** (ਜ਼ਫ਼ਰਨਾਮਾ)

ਦੀ ਅਵਸਥਾ 'ਚ ਵੀ ਦਸਮੇਸ਼-ਪਿਤਾ ਅਕਾਲ ਪੁਰਖ ਦੀਆਂ ਬਖ਼ਸ਼ਿਸ਼ਾਂ ਦਾ ਸ਼ੁਕਰਾਨਾ ਕਰਦੇ ਹਨ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਮੁੱਚੇ ਜੀਵਨ 'ਚ ਚੜ੍ਹਦੀ ਕਲਾ ਹੈ। ਹੁਲਾਸ, ਖੇੜਾ, ਸਵੈ ਵਿਸ਼ਵਾਸ, ਭਰੋਸਾ ਹੈ, ਨਹੀਂ ਹੈ ਤਾਂ ਕਿਧਰੇ ਅਰਾਮ, ਆਲਸ, ਸ਼ਿਕਨ-ਸ਼ਿਕਵਾ ਤੇ ਸ਼ਿਕਾਇਤ। ਸ਼ਿਕਵੇ-ਸ਼ਿਕਾਇਤਾਂ ਦੀ ਥਾਂ ਸਤਿਗੁਰੂ ਜੀ ਚੜ੍ਹਦੀ ਕਲਾ, ਹੁਲਾਸ ਦਾ ਪ੍ਰਗਟਾ ਇਨ੍ਹਾਂ ਸ਼ਬਦਾਂ 'ਚ ਕਰਦੇ ਹਨ :

**ਚਿਹਾ ਸ਼ੁਦ ਕਿ ਚੂੰ ਬੱਚਗਾਂ ਕੁਸ਼ਤਹ ਚਾਰ॥**

**ਕਿ ਬਾਕੀ ਬਮਾਂਦਸਤੁ ਪੇਚੀਦਹ ਮਾਰ॥** (ਜ਼ਫ਼ਰਨਾਮਾ)

ਚਮਕੌਰ ਦੀ ਗੜ੍ਹੀ 'ਚ ਦੁਸ਼ਮਣਾਂ ਨੂੰ ਤੀਰ ਮਾਰਦੇ ਨਹੀਂ, ਬਖਸ਼ਿਸ਼ ਕਰਕੇ ਜੀਵਨ-ਮੁਕਤ ਕਰਦੇ ਹਨ। ਮਾਨਵਤਾ ਦਾ ਗੁਰੂ, ਗੁਰੂ ਗੋਬਿੰਦ ਸਿੰਘ ਹੀ ਇਸ ਤਰ੍ਹਾਂ ਕਰ ਸਕਦਾ ਹੈ। ਗੁਰੂ ਜੀ ਸਪੱਸ਼ਟ ਕਰਦੇ ਹਨ_ਔਰੰਗਜ਼ੇਬ ! ਜੇਕਰ ਤੇਰਾ ਜਰਨੈਲ ਖਵਾਜ਼ਾ ਮਰਦੂਦ ਦੀਵਾਰ ਦੇ ਉਹਲੇ ਨਾ ਹੁੰਦਾ ਤਾਂ ਮੈਂ ਇਕ ਤੀਰ ਉਸਨੂੰ ਵੀ ਬਖਸ਼ਿਸ਼ ਕਰ ਦੇਣਾ ਸੀ:

**ਕਿ ਆਂ ਖ੍ਵਾਜਹ ਮਰਦੂਦ ਸਾਯਹ ਦਿਵਾਰ।।॥**
**ਨਯਾਮਦ ਬ ਮੈਦਾਂ ਬ ਮਰਦਾਨ ਵਾਰ॥੩੪॥**
**ਦਰੇਗਾ! ਅਗਰ ਰੂਇ ਓ ਦੀਦਮੇ॥**
**ਬ ਯਕ ਤੀਰ ਲਾਚਾਰ ਬਖ਼ਸ਼ੀਦਮੇ॥੩੫॥** (ਜ਼ਫ਼ਰਨਾਮਾ)

ਤੇਗ ਦੇ ਧਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਕਲਮ ਦੇ ਫੱਟ ਨਾਲ ਔਰੰਗਜ਼ੇਬ ਐਸਾ ਜ਼ਖ਼ਮੀ ਹੋਇਆ ਫਿਰ ਕਫ਼ਨ-ਦਫ਼ਨ ਨੂੰ ਪ੍ਰਾਪਤ ਹੋਇਆ।

ਮੁਕਤਸਰ ਦੀ ਧਰਤ ਸੁਹਾਵੀ 'ਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਟੂਟੀ ਗਾਢਣਹਾਰ ਗੋਪਾਲ ਦਾ ਬਿਰਦ ਪਾਲਿਆ। ਤਖ਼ਤ, ਸ੍ਰੀ ਦਮਦਮਾ ਸਾਹਿਬ ਦੀ ਧਰਤੀ 'ਤੇ ਗੁਰੂ ਕਾਸ਼ੀ ਸਥਾਪਿਤ ਕਰ, ਗੁਰੂ-ਪਿਤਾ-ਗੁਰੂ ਤੇਗ ਬਹਾਦਰ ਜੀ ਦੀ ਪਾਵਨ ਗੁਰਬਾਣੀ ਆਦਿ, ਸ੍ਰੀ ਗੁਰੂ ਗ੍ਰੰਥ ਸਾਹਿਬ 'ਚ ਸ਼ਾਮਲ ਕਰਕੇ ਸੰਪੂਰਨਤਾ ਪ੍ਰਦਾਨ ਕੀਤੀ। ਸ਼ਬਦ-ਵੀਚਾਰ ਦੀ ਪਰੰਪਰਾ ਤੋਰੀ। ਡੱਲੇ ਦੇ ਸਿਦਕ ਦੀ ਪਰਖ ਕੀਤੀ। ਭਾਈ ਬੀਰ ਸਿੰਘ, ਭਾਈ ਧੀਰ ਸਿੰਘ ਦੇ ਗੁਰੂ ਭਰੋਸੇ ਨੂੰ ਪ੍ਰਗਟ ਕੀਤਾ। ਲੰਮੇ ਵਿਛੋੜੇ ਉਪਰੰਤ ਮਾਤਾ ਸੁੰਦਰੀ ਜੀ ਦੀ ਤੇ ਮਾਤਾ ਸਾਹਿਬ ਦੇਵ ਜੀ ਵੀ ਦਮਦਮਾ ਸਾਹਿਬ ਦੀ ਧਰਤੀ 'ਤੇ ਗੁਰਦੇਵ ਪਿਤਾ ਨੂੰ ਮਿਲਦੇ ਹਨ ਤੇ ਆਪਣੇ ਸਾਹਿਬਜ਼ਾਦਿਆਂ ਬਾਰੇ ਪੁਛਦੀਆਂ ਹਨ। ਜੁਆਬ ਵਿਚ ਸਤਿਗੁਰੂ ਪੰਥ ਨਾਲ ਕੀਤੇ ਇਕਰਾਰ ਨੂੰ ਪੂਰਾ ਕਰਦੇ ਹਨ। ਗੁਰਦੇਵ ਪਿਤਾ ਨੇ ਆਪਣੇ ਪਿਆਰੇ ਗੁਰਸਿੱਖਾਂ ਨਾਲ ਕੀਤਾ ਹਰ ਇਕਰਾਰ ਇਨ-ਬਿਨ ਪੂਰਾ ਕੀਤਾ:

**ਇਨ ਪੁਤਰਨ ਕੇ ਸੀਸ ਪਰ ਵਾਰ ਦੀਏ ਸੁਤ ਚਾਰ।**
**ਚਾਰ ਮੁਏ ਤੋ ਕਿਆ ਹੁਆ ਜੀਵਤ ਕਈ ਹਜ਼ਾਰ।**

'ਨ ਹਮ ਹਿੰਦੂ ਨ ਮੁਸਲਮਾਨ' ਦੇ ਸਿਧਾਂਤ ਨੂੰ ਮੰਨਣ ਵਾਲੇ ਕਲਗੀਧਰ ਪਿਤਾ ਕਿਧਰੇ ਹਿੰਦੂ ਧਰਮ ਦੀ ਅਜ਼ਮਤ ਵਾਸਤੇ ਪਿਤਾ-ਗੁਰੂ, ਗੁਰੂ ਤੇਗ ਬਹਾਦਰ ਜੀ ਨੂੰ ਸ਼ਹਾਦਤ ਵਾਸਤੇ ਤੋਰਦੇ ਹਨ ਤੇ ਦੂਸਰੇ ਪਾਸੇ ਕੌਮ ਦੇ ਜਾਨੀ ਦੁਸ਼ਮਣ ਮੁਸਲਮਾਨਾ ਬਾਦਸ਼ਾਹ ਔਰੰਗਜ਼ੇਬ ਦੇ ਸਪੁੱਤਰ ਬਹਾਦਰ ਸ਼ਾਹ ਨੂੰ ਬਾਦਸ਼ਾਹਤ ਦਿਵਾਉਣ ਵਾਸਤੇ ਸਿੱਖ ਸੈਨਿਕ ਸ਼ਕਤੀ ਦੀ ਸਹਾਇਤਾ ਪ੍ਰਦਾਨ ਕਰਦੇ ਹਨ। ਬਾਦਸ਼ਾਹੀ ਠਾਠ-ਬਾਠ ਨਾਲ ਬਾਦਸ਼ਾਹ ਬਹਾਦਰ ਸ਼ਾਹ ਨਾਲ ਮੁਲਾਕਾਤ ਕੀਤੀ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀਆਂ ਪਾਵਨ ਬਾਣੀਆਂ-ਸਾਹਿਤਕ ਕਿਰਤਾਂ, ਦਸਮ ਗ੍ਰੰਥ ਦੇ ਰੂਪ 'ਚ ਸੁਰੱਖਿਅਤ ਹਨ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀਆਂ ਪਾਵਨ ਬਾਣੀਆਂ ਜਾਪ ਸਾਹਿਬ, 'ਚੋਂ ਚਕਰ ਚਿਹਨ ਤੇ ਨਿਆਰੇ-ਸਦਾ ਅੰਗ ਸੰਗੇ ਅਭੰਗੰ ਬਿਭੂਤੇ ਪ੍ਰਭੂ-ਪਰਮਾਤਮਾ ਦੇ ਸਰਬ-ਨਾਵਾਂ ਦੇ ਦਰਸ਼ਨ, ਸਵੈਯੇ 'ਚੋਂ ਵਹਿਮਾਂ-ਭਰਮਾਂ ਦਾ ਖੰਡਨ, ਕੂਰ ਕ੍ਰਿਆ 'ਚ ਉਲਝੀ ਲੋਕਾਈ ਦੀ ਸਥਿਤੀ ਤੋਂ ਨਿਕਲਣ ਲਈ 'ਜਿਨ ਪ੍ਰੇਮ ਕੀਓ ਤਿਨ ਹੀ ਪ੍ਰਭੁ ਪਾਇਓ' ਦੇ ਮਾਰਗ 'ਤੇ ਚੱਲਣ ਦਾ ਉਪਦੇਸ਼, ਅਕਾਲ ਉਸਤਤਿ 'ਚੋਂ ਤੂਹੀ-ਤੂਹੀ ਦੀ ਇਲਾਹੀ-ਅਗੰਮੀ ਧੁਨੀ 'ਮਾਨਸ ਕੀ ਜਾਤ ਸਬੈ ਏਕੈ ਪਹਿਚਾਨਬੋ' ਦਾ ਸੰਦੇਸ਼, ਬਚਿਤ੍ਰ ਨਾਟਕ 'ਚੋਂ ਕਰਤਾਰੀ ਸ਼ਖ਼ਸੀਅਤ ਦੀ ਸਵੈ-ਜੀਵਨੀ, ਜੀਵਨ-ਉਦੇਸ਼ ਧਰਮ ਚਲਾਵਨ ਸੰਤ ਉਬਾਰਨ, ੨੪ ਅਵਤਾਰ ਦੀ ਕਥਾ-ਕਹਾਣੀ ਬਿਆਨ ਕਰਦਿਆਂ ਤੱਤ ਸਾਰ 'ਪਾਂਇ ਗਹੇ ਜਬ ਤੇ ਤੁਮਰੇ ਤਬ ਤੇ ਕੋਊ ਆਂਖ ਤਰੈ ਨਹੀ ਆਨ੍ਯੋ' ਦਰਸਾਇਆ। ਜ਼ਫ਼ਰਨਾਮੇ 'ਚ ਸੁਤੰਤਰ ਸਿੱਖ ਸੋਚ 'ਸਚੁ ਸੁਣਾਇਸੀ ਸਚ ਕੀ ਬੇਲਾ' ਦਾ ਉਪਦੇਸ਼ ਔਰੰਗਜ਼ੇਬ ਨੂੰ ਦ੍ਰਿੜ੍ਹ ਕਰਵਾਇਆ। ਰਾਮ-ਕ੍ਰਿਸ਼ਨ ਅਵਤਾਰ 'ਚ ਮਿਥਿਹਾਸਕ

ਹਵਾਲਿਆਂ ਤੋਂ ਬਾਅਦ ਗੁਰਮਤਿ ਦਾ ਸਿਧਾਂਤ, 'ਰਾਮ ਰਹੀਮ ਪੁਰਾਨ ਕੁਰਾਨ ਅਨੇਕ ਕਹੈਂ ਮਤਿ ਏਕ ਨ ਮਾਨਿਯੋ' ਹੈ, 'ਕਿਸ਼ਨ ਬਿਸ਼ਨ ਕਬਹੂੰ ਨਹ ਧਿਆਊਂ' ਦ੍ਰਿੜ੍ਹ ਕਰਵਾਇਆ। ਭੁਲਿਆਂ-ਭਟਕਿਆਂ ਨੂੰ ਪ੍ਰੇਮ ਗਲਵਕੜੀ ਲੈਣ ਉਪਰੰਤ ਮੁਕਤਿ ਭੁਗਤਿ ਦੀ ਬਖਸ਼ਿਸ਼ ਕੀਤੀ। ਸ੍ਰੀ ਗੁਰੂ ਗੋਬਿੰਦ ਸਿੰਘ ਦੀ ਬਾਣੀ ਇਕ ਵਿਲੱਖਣ ਸਿਧਾਂਤ, ਵਿਧੀ-ਵਿਧਾਨ, ਲੈਅ ਤੇ ਸੰਗੀਤ ਦਾ ਸੁਮੇਲ ਹੈ :

**ਕਾਮ ਨ ਕ੍ਰੋਧ ਨ ਲੋਭ ਨ ਮੋਹ ਨ ਰੋਗ ਨ ਸੋਗ ਨ ਭੋਗ ਨ ਭੈ ਹੈ॥** (ਅਕਾਲ ਉਸਤਤਿ)

ਪੂਜਾ ਅਕਾਲ ਕੀ, ਪਰਚਾ ਸ਼ਬਦ ਕਾ, ਦੀਦਾਰ ਖਾਲਸੇ ਕਾ ਦ੍ਰਿੜ੍ਹ ਕਰਾਉਂਦਿਆਂ 'ਜਿਨ ਪ੍ਰੇਮ ਕੀਓ ਤਿਨ ਹੀ ਪ੍ਰਭੁ ਪਾਇਓ' ਦਾ ਮਾਰਗ ਦੱਸਿਆ। ਮਸੰਦਾਂ ਦੀ ਸ਼ਖ਼ਸੀਅਤ-ਪ੍ਰਸਤੀ ਦੀ ਸ਼ਕਤੀ ਨੂੰ ਸਾੜ ਸੁਆਹ ਕਰ, ਸਿੱਖਾਂ ਨੂੰ ਸਿੱਧਾ ਜਾਗਤ ਜੋਤਿ ਅਕਾਲ ਪੁਰਖ ਦੇ ਪੁਜਾਰੀ ਬਣਾਇਆ। ਕਰਤਾਰੀ ਸ਼ਕਤੀਆਂ ਦੇ ਮਾਲਕ ਹੁੰਦਿਆਂ, ਅਕਾਲ ਰੂਪ ਹੋਣ ਦੇ ਬਾਵਜੂਦ ਇਹ ਕਹਿਣਾ 'ਮੈ ਹੋ ਪਰਮ ਪੁਰਖ ਕੋ ਦਾਸਾ, ਦੇਖਨ ਆਯੋ ਜਗਤ ਤਮਾਸਾ' (ਬਚਿਤ੍ਰ ਨਾਟਕ) ਦੀ ਹਿੰਮਤ, ਦਲੇਰੀ, ਸਾਹਸ ਨਿਮਰਤਾ ਵੀ ਸ੍ਰੀ ਗੁਰੂ ਗੋਬਿੰਦ ਸਿੰਘ ਨੇ ਦਿਖਾਈ। ਇਹ ਸੱਚ ਹੈ, ਗੁਰੂ ਜੀ ਨੇ ਇਸ ਸੰਸਾਰ ਨੂੰ ਤਮਾਸ਼ਾ ਹੀ ਤੱਕਿਆ। ਸੁਖੀ ਜੀਵਨ ਦਾ ਸੰਦੇਸ਼ ਸਤਿਗੁਰੂ ਜੀ ਨੇ ਅਲਪ-ਅਹਾਰ ਰਾਹੀਂ ਸਦੀਆਂ ਪਹਿਲਾਂ ਦ੍ਰਿੜ੍ਹ ਕਰਵਾ ਦਿੱਤਾ।

ਨੰਦੇੜ ਦੀ ਪਾਵਨ ਧਰਤੀ 'ਤੇ ਬਾਬਾ ਬੰਦਾ ਸਿੰਘ ਬਹਾਦਰ ਨੂੰ ਫ਼ਤਹਿ ਦੀ ਬਾਦਸ਼ਾਹੀ ਬਖਸ਼ਿਸ਼ ਕਰ, ਖਾਲਸੇ ਨੂੰ ਸਮਰੱਥ-ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਸ਼ਬਦ-ਗੁਰੂ ਆਦਿ, ਸ੍ਰੀ ਗੁਰੂ ਗ੍ਰੰਥ ਸਾਹਿਬ ਅੱਗੇ ਸੀਸ ਝੁਕਾਂਦੇ ਹਨ। ਗੁਰਦੇਵ ਪਿਤਾ ਆਪਣੇ ਤਿੰਨ ਰੂਪਾਂ ਬਾਰੇ ਸਪੱਸ਼ਟ ਕਰਦੇ ਹਨ:

**ਤੀਨ ਰੂਪ ਹੈਂ ਮੋਹਿ ਕੇ ਸੁਣਹੁ ਨੰਦ ਚਿਤ ਲਾਇ,**
**ਨਿਰਗੁਣ ਸਰਗੁਣ ਗੁਰ ਸਬਦ ਕਹੋ ਤੋਹਿ ਸਮਝਾਇ॥...**
**ਜੋ ਸਿੱਖ ਗੁਰ ਦਰਸਨ ਦੀ ਚਾਹਿ ਦਰਸਨ ਕਰੇ ਗ੍ਰੰਥ ਜੀ ਆਹਿ॥**

ਸ਼ਬਦ ਗੁਰੂ ਦੇ ਦਰਸ਼ਨਾਂ ਬਾਰੇ ਸਪੱਸ਼ਟ ਕੀਤਾ ਹੈ:

**ਸ਼ਬਦ ਸੁਣੇ ਗੁਰ ਹਿਤ ਚਿਤ ਲਾਇ, ਗਿਆਨ ਸ਼ਬਦ ਗੁਰ ਸੁਣੇ ਸੁਣਾਇ॥**

ਹਮੇਸ਼ਾਂ ਵਾਸਤੇ ਸਿੱਖ-ਸੇਵਕਾਂ ਨੂੰ ਸੀਸ ਨਿਵਾਉਣ ਦਾ ਹੁਕਮ ਕਰਦੇ ਹਨ। ਪੰਥ ਨੇ ਗੁਰੂ-ਪਦਵੀ ਦੇ ਅਧਿਕਾਰ ਦੀ ਵਰਤੋਂ ਅਨੰਦਪੁਰ ਸਾਹਿਬ, ਚਮਕੌਰ ਦੀ ਗੜ੍ਹੀ, ਦਾਦੂ ਦਵਾਰੇ ਦੇ ਥਾਵਾਂ 'ਤੇ ਪ੍ਰਤੱਖ ਰੂਪ 'ਚ ਕੀਤੀ। ਗੁਰਦੇਵ ਪਿਤਾ ਨੇ ਗੁਰੂ-ਪੰਥ ਦਾ ਜਜ਼ਬਾ, ਤੇਜ਼ ਤੇ ਚੇਤਨਤਾ ਵੇਖਣ ਵਾਸਤੇ ਦਾਦੂ ਦੀ ਸਮਾਧ ਨੂੰ ਤੀਰ ਨਾਲ ਨਮਸਕਾਰ ਕੀਤੀ। ਜਿਹੜਾ ਖਾਲਸਾ-ਪੰਥ ਗੁਰੂ ਤੋਂ ਵਾਰਨੇ ਜਾਂਦਿਆਂ ਆਪਣੀ ਖੱਲੜੀ ਲੁਹਾ ਲੈਂਦਾ ਸੀ ਉਸ ਨੇ ਆਪਣੇ ਗੁਰੂ-ਪੰਥ ਦੇ ਰੂਹਾਨੀ ਅਧਿਕਾਰ ਤੇ ਤੇਜ਼ ਦੀ ਵਰਤੋਂ ਕਰਦਿਆਂ ਗੁਰੂ ਜੀ ਨੂੰ ਤਨਖਾਹ ਵੀ ਲਾਈ, ਗੁਰੂ ਜੀ ਨੇ ਸਤ-ਬਚਨ ਕਹਿ ਪ੍ਰਵਾਨ ਕੀਤੀ। ਕਰਤਾਰ ਸਿੰਘ ਕਲਾਸਵਾਲੀਏ ਨੇ ਗੁਰੂ ਜੀ ਬਾਰੇ ਖੂਬ ਕਿਹਾ ਕਿ ਗੁਰਦੇਵ ਪਿਤਾ ਨੇ ਆਪਣੇ ਖਾਲਸਾ ਪੰਥ ਤੋਂ ਸਭ ਕੁਝ ਵਾਰ ਦਿੱਤਾ :

ਐ ਪੰਥ ਤੂੰ ਸੁਣ ਲੈ ਦੋ ਗੱਲਾਂ, ਕਿਵੇਂ ਗੁਰੂ ਜੀ ਹੈਨ ਗੁਜ਼ਰਾਨ ਕਰ ਗਏ।
ਇਕ ਗੱਦੀ ਗੁਰਿਆਈ ਦੀ ਕੋਲ ਹੈਸੀ ਉਹ ਵੀ ਜਾਂਦੀ ਵਾਰੀ ਤੈਨੂੰ ਦਾਨ ਕਰ ਗਏ।

ਸ਼ਬਦ-ਗੁਰੂ, ਸ੍ਰੀ ਗੁਰੂ ਗ੍ਰੰਥ ਸਾਹਿਬ ਕਿਸੇ ਧਰਮ, ਜਾਤੀ, ਨਸਲ ਤੀਕ ਸੀਮਤ ਗੁਰੂ ਨਹੀਂ ਸਗੋਂ ਸਮੁੱਚੀ ਮਾਨਵਤਾ ਲਈ ਗਿਆਨ ਦੇ ਮਹਾਂਸਾਗਰ ਦੇ ਰੂਪ 'ਚ ਗੁਰੂ ਹੈ, ਜਿਸ ਨੂੰ ਜੋਤਿ-ਰੂਪ 'ਚ ਗੁਰੂ ਸਵੀਕਾਰਨ, ਸਤਿਕਾਰਨ ਤੇ ਮੰਨਣ ਦਾ ਉਪਦੇਸ਼ ਮਾਨਵਤਾ ਦੇ ਗੁਰੂ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਦਿੱਤਾ, ਜਿਸ ਨਾਲ ਸਦੀਆਂ ਤੋਂ ਚੱਲ ਰਹੇ ਅਵਤਾਰਵਾਦ ਦੀ ਪਰੰਪਰਾ ਦਾ ਅੰਤ ਹੋਇਆ। ਗੁਰਦੇਵ ਪਿਤਾ ਦੇ ਇਸ ਉਪਦੇਸ਼ ਨੂੰ ਹੂ-ਬ-ਹੂ ਪ੍ਰਵਾਨ ਕਰਦੇ ਹੋਏ, ਸਿੱਖ ਹਮੇਸ਼ਾਂ ਸੁਖੀ, ਸੱਤ-ਸੰਤੋਖ ਦੇ ਧਾਰਨੀ, ਸੁਤੰਤਰ ਤੇ ਸੱਤਾ-ਸ਼ਕਤੀ ਸੰਪੰਨ, ਸੁਰੱਖਿਅਤ ਰਹਿਣਗੇ। ■

# ਪਾਵਨ ਪਰਮ ਸੂਰ ਗੁਰੂ ਗੋਬਿੰਦ ਸਿੰਘ ਜੀ (੧੬੬੬-੧੭੦੮)

*ਡਾ. ਬਲਕਾਰ ਸਿੰਘ**

ਗੁਰੂ ਗੋਬਿੰਦ ਸਿੰਘ ਜੀ ਦੀ ਦਿੱਭਤਾ, ਗ੍ਰੰਥ ਤੋਂ ਪੰਥ ਤੱਕ ਦੀ ਯਾਤਰਾ ਹੈ।ਸਿੱਖ ਧਰਮ ਦਾ ਮੂਲ ਆਧਾਰ ਸ਼ਬਦ-ਗੁਰੂ ਹੈ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਸ਼ਬਦ-ਗੁਰੂ ਦਾ ਸੰਕਲਪੀ ਸ੍ਰੋਤ ਹਨ।ਸ਼ਬਦ-ਗੁਰੂ ਦੀ ਨੀਂਹ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਰੱਖੀ ਸੀ ਅਤੇ ਇਸ ਦਾ ਸੰਕਲਪੀ-ਸੰਕੇਤ ਉਨ੍ਹਾਂ ਨੇ ਸਿਧ ਗੋਸਟਿ ਬਾਣੀ ਵਿਚ ਇਹ ਕਹਿ ਕੇ ਦੇ ਦਿੱਤਾ ਸੀ ਕਿ ਸ਼ਬਦ ਅਤੇ ਸੁਰਤਿ ਦੇ ਸਹਿਜ ਸਥਾਪਨ ਨਾਲ ਹੀ ਸਾਧੀ ਹੋਈ ਮਾਨਸਿਕਤਾ ਵਾਲਾ ਮਾਨਵ ਹੀ ਸਿੱਖੀ ਦਾ ਰੋਲ ਮਾਡਲ ਕਹਾਏਗਾ।ਏਸੇ ਵਾਸਤੇ 'ਗੁਰਮੁਖ' ਪਦ ਦੀ ਵਰਤੋਂ ਕੀਤੀ ਹੋਈ ਹੈ।ਗੁਰਮੁਖ ਤੋਂ ਸਿੰਘ ਤੱਕ ਦੀ ਯਾਤਰਾ ਨੂੰ ਸਮਝ ਕੇ ਹੀ ਦਸਮ ਪਾਤਸ਼ਾਹ ਹਜ਼ੂਰ ਦੇ ਦੀਦਾਰੇ ਕੀਤੇ ਜਾ ਸਕਦੇ ਹਨ।ਇਹੋ ਜਿਹੇ ਸਿੱਖ ਵਰਤਾਰਿਆਂ ਨਾਲ ਇਹ ਵੀ ਸਥਾਪਤ ਹੋ ਗਿਆ ਸੀ ਕਿ ਜੋ ਗੁਰੂ ਸਾਹਿਬ ਕਹਿ ਰਹੇ ਹਨ, ਉਸੇ ਨੂੰ ਆਪ ਜੀਅ ਵੀ ਰਹੇ ਹਨ ਅਤੇ ਦੂਜਿਆਂ ਤੋਂ ਜੀਵੇ ਜਾਣ ਦੀ ਆਸ ਕਰ ਰਹੇ ਹਨ।ਇਸ ਨਾਲ ਧਰਮ-ਚਿੰਤਨ ਦੇ ਖੇਤਰ ਵਿਚ ਦੇਹੀ ਉਤਮਤਾ ਦੀ ਧਾਰਮਿਕਤਾ ਵੰਗਾਰੀ ਗਈ ਸੀ। ਇਸੇ ਮਾਨਸਿਕਤਾ ਨੂੰ ਮਾਨਵ ਦੇ ਲਹੂ ਵਿਚ ਉਤਾਰਨ ਦੀ ਨਿਰੰਤਰ ਲਹਿਰ ਬਾਕੀ ਗੁਰੂ ਸਾਹਿਬਾਨ ਵਲੋਂ ਚਲਾਈ ਜਾਂਦੀ ਰਹੀ ਸੀ।ਇਸੇ ਪ੍ਰਸੰਗ ਵਿਚ ਦਸਮ ਪਾਤਸ਼ਾਹ ਹਜ਼ੂਰ ਬਾਰੇ ਚਰਚਾ ਕੀਤੀ ਜਾ ਰਹੀ ਹੈ।

ਦਸਮ ਪਾਤਸ਼ਾਹ ਹਜ਼ੂਰ ਬਾਰੇ ਸਿੱਖ ਸਾਹਿਤ ਵਿਚ ਇਹ ਹਵਾਲਾ ਆਉਂਦਾ ਹੈ ਕਿ ਉਹ ਜੋਤਿ ਰੂਪ ਤੋਂ ਦੇਹ ਰੂਪ ਵਿਚ ਆਉਣ ਲਈ ਇਸ ਵਾਸਤੇ ਤਿਆਰ ਨਹੀਂ ਸਨ, ਕਿਉਂਕਿ ਉਹ ਜੋਤਿ ਰੂਪ ਵਿਚ ਸੰਤੁਸ਼ਟ ਸਨ। ਪਰ ਉਨ੍ਹਾਂ ਨੂੰ ਦੇਹ ਰੂਪ ਵਿਚ ਆਉਣ ਵਾਸਤੇ ਇਹ ਕਹਿ ਕੇ ਪ੍ਰੇਰਿਆ ਗਿਆ ਸੀ ਕਿ ਅਕਰਮਕ ਅਧਿਆਤਮਿਕਤਾ ਖੜੋਤ ਦਾ ਸ਼ਿਕਾਰ ਹੋ ਜਾਂਦੀ ਹੈ। ਏਸੇ ਨੂੰ "ਮੈਂ ਅਪਨਾ ਸੁਤ ਤੋਹਿ ਨਿਵਾਜਾ॥ਪੰਥ ਪ੍ਰਚੁਰ ਕਰਬੇ ਕਹੁ ਸਾਜਾ॥" ਰਾਹੀਂ ਬਿਆਨ ਕੀਤਾ ਹੋਇਆ ਪ੍ਰਾਪਤ ਹੈ। ਸਿੱਖ ਗੁਰੂ ਸਾਹਿਬਾਨ ਵੱਲੋਂ ਧਰਮ ਚਿੰਤਨ ਵਿਚੋਂ ਮਿਥਿਹਾਸਕਤਾ ਦੁਆਲੇ ਉਸਰੀਆਂ ਮਾਨਤਾਵਾਂ ਅਤੇ ਪਰੰਪਰਾਵਾਂ ਨੂੰ ਤੋੜ ਕੇ ਜਾਂ ਇਨ੍ਹਾਂ ਤੋਂ ਪਾਸੇ ਹਟ ਕੇ ਸਕਰਮਕ ਅਧਿਆਤਮਿਕਤਾ ਨੂੰ ਸਿੱਖ ਧਰਮ ਵਜੋਂ ਪ੍ਰਗਟ ਕੀਤਾ ਜਾ ਰਿਹਾ ਸੀ। ਇਸ ਨਾਲ ਧਰਮ ਚਿੰਤਨ ਦੇ ਪ੍ਰਾਪਤ ਸੰਤੁਸ਼ਟੀ-ਮਾਡਲ ਦੀ ਥਾਂ 'ਤੇ ਸੱਜਰਾ ਸਿੱਖ-ਤੜਪ-ਮਾਡਲ ਸਾਹਮਣੇ ਲਿਆਂਦਾ ਜਾ ਰਿਹਾ ਸੀ। ਦਸ ਸਿੱਖ ਗੁਰੂ ਸਾਹਿਬਾਨ, ਸਿੱਖ ਧਰਮ ਦੇ ਸਮੁੱਚ ਦੀਆਂ ਦਸ ਕੰਨੀਆਂ ਕਹੀਆਂ ਜਾ ਸਕਦੀਆਂ ਹਨ। ਕਹਿਣ ਦਾ ਕਾਰਣ ਇਹ ਹੈ ਕਿ ਸੰਪੂਰਨ ਜੀਵਨ ਦੀ ਵਿਭਿੰਨਤਾ ਨੂੰ ਇਕ ਲੜੀ ਵਿਚ ਪ੍ਰਗਟ ਕਰਣ ਦੇ ਗੁਰੂ ਸਾਹਿਬਾਨ ਬਿੰਬ ਹੋ ਗਏ ਸਨ। "ਧਰਮ ਚਲਾਵਨ ਸੰਤ ਉਬਾਰਨ" ਦੇ ਹਵਾਲੇ ਧਰਮ ਦੇ ਇਤਿਹਾਸ ਵਿਚ ਆਮ ਮਿਲ ਜਾਂਦੇ ਹਨ। ਪਰ ਇਹ ਵੇਰਵੇ, ਦੁਨਿਆਵੀ ਪ੍ਰਸੰਗ ਵਿਚ ਲੈ ਕੇ ਦੇਣ ਵਾਲੇ ਪਾਸੇ ਤੁਰਦੇ ਰਹਿੰਦੇ ਹਨ ਅਤੇ ਦਰਪੇਸ਼ ਸੰਕਟਾਂ ਦਾ ਸਾਹਮਣਾ ਕਰਣ ਵਾਸਤੇ ਸੰਕਟ-ਗ੍ਰਸਤ ਮਾਨਸਿਕਤਾ ਦਿੱਭ-ਦਖਲ ਵੱਲ ਝਾਕਦੀ ਰਹਿੰਦੀ ਸੀ। ਦੈਵੀ ਪ੍ਰਤੀਨਿਧਤਾ ਦਾ ਅਵਤਾਰਵਾਦੀ-ਮਾਡਲ, ਕਿਸੇ ਵੀ ਸਮਕਾਲ ਦਾ ਮੁਕਤ-ਪ੍ਰਸੰਗ ਨਹੀਂ ਉਸਾਰ ਸਕਿਆ ਸੀ। ਇਸੇ ਦਾ ਨਤੀਜਾ ਸੀ ਕਿ ਵਰਤਮਾਨ ਦੇ ਗੁਆਚਣ ਨਾਲ ਭੂਤ ਦਾ ਭੈਅ ਅਤੇ ਭਵਿਖ ਦਾ ਲਾਰਾ ਹੀ ਧਰਮ ਦਾ ਹਾਸਲ ਹੁੰਦੇ ਰਹੇ ਸਨ। ਏਸੇ ਕਰਕੇ ਇਤਿਹਾਸ ਉਤੇ ਮਿਥਿਹਾਸ ਹਾਵੀ ਹੁੰਦਾ ਰਿਹਾ ਸੀ। ਏਸੇ ਵਿਚੋਂ ਵਰਣ-ਵੰਡ ਵਰਗੇ ਸ਼ੋਸ਼ਣ-ਮਾਡਲਾਂ ਨੂੰ ਮਾਨਤਾ ਮਿਲਦੀ ਰਹੀ ਸੀ। ਇਸ ਬਾਰੇ ਬਾਣੀ ਦੇ ਹਵਾਲੇ ਨਾਲ ਚਰਚਾ ਹੋ ਸਕਦੀ ਹੈ। ਪਰ ਮੇਰੇ ਸਾਹਮਣੇ ਇਸ ਸਥਿਤੀ ਵਿਚੋਂ ਨਿਕਲਣ ਲਈ ਪ੍ਰਾਪਤ ਗੁਰਮਤਿ-ਮਾਡਲ ਨੇ ਆਮ ਬੰਦੇ ਦੀ

**ਪ੍ਰੋਫੈਸਰ ਆਫ ਐਮੀਨੈਸ਼ ਪੰਜਾਬੀ ਯੂਨੀਵਰਸਿਟੀ, ਪਟਿਆਲਾ।*

ਮਾਨਸਿਕਤਾ ਵਿਚ ਇਹ ਭਾਵਨਾ ਉਤਾਰ ਦਿੱਤੀ ਸੀ ਕਿ ਸਿੱਖ ਧਰਮ ਨੇ ਲੈ ਕੇ ਦੇਣ ਦੀ ਥਾਂ 'ਤੇ ਹਰੇਕ ਮਾਨਵ ਨੂੰ ਲੈ ਸਕਣ ਦੀ ਸਿੱਖ-ਵਿਧੀ ਨਾਲ ਜੋੜਨਾ ਹੈ। ਵੈਸੇ ਆਮ ਸਮਝ ਵੀ ਇਹੀ ਹੈ ਕਿ ਮਿਲਦਾ ਉਹੀ ਹੈ,ਜਿਸ ਦਾ ਕੋਈ ਹੱਕਦਾਰ ਹੁੰਦਾ ਹੈ। ਹੱਕਾਂ ਉਤੇ ਛਾਪਾ ਮਾਰਨ ਵਾਲਿਆਂ ਨੇ ਇਸ ਵਿਚਲੀ ਸਕਰਾਮਕਤਾ ਖੁੰਢਾ ਕਰਕੇ ਇਹ ਅੰਧ ਵਿਸ਼ਵਾਸ ਸਥਾਪਤ ਕਰ ਦਿੱਤਾ ਸੀ ਕਿ ਮਿਲਦਾ ਉਹੀ ਹੈ,ਜੋ ਕਿਸਮਤ ਵਿਚ ਲਿਖਿਆ ਹੁੰਦਾ ਹੈ। ਇਸ ਨਾਲ ਮਾਨਵ ਅੰਦਰ ਨਿਹਿਤ ਊਰਜਾ ਨੇ ਪ੍ਰਚੰਡਿਤ ਹੋ ਕੇ ਜੀਵਨ-ਮੁਕਤ ਹੋਣ ਵਾਲੇ ਰਾਹ ਤੁਰਨਾ ਛੱਡ ਦਿੱਤਾ ਸੀ। ਏਸੇ ਦੀ ਪੱਕੀ ਸਥਾਪਨਾ ਕਰਨ ਵਾਸਤੇ ਅੰਤਮ ਛੋਹਾਂ ਦੇ ਰਹੇ ਸਨ ਦਸਮ ਪਾਤਸ਼ਾਹ ਹਜ਼ੂਰ।

ਜੋ ਕੁਝ ਵੀ ਦਸਮ ਪਾਤਸ਼ਾਹ ਜੀ ਨੇ ਕੀਤਾ, ਉਹ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਨਿਰੰਤਰਤਾ ਵਿਚ ਹੀ ਕੀਤਾ ਸੀ। ਇਸ ਕਰਕੇ ਦਸਮ ਪਾਤਸ਼ਾਹ ਜੀ ਤੱਕ ਜੋ ਕੁਝ ਵੱਖ ਵੱਖ ਪੜਾਵਾਂ ਵਿਚੋਂ ਲੰਘਦਾ ਹੋਇਆ ਪਹੁੰਚਿਆ, ਉਹ ਬਹੁਤਾ ਸੁਖਾਵਾਂ ਨਹੀਂ ਸੀ। ਸਮੇਂ ਦੀ ਸਿਆਸਤ ਗੁਰੂ-ਘਰ ਨਾਲ ਲਗਾਤਾਰ ਟਕਰਾਉ ਵਿਚ ਆਉਂਦੀ ਰਹੀ ਸੀ ਅਤੇ ਇਸ ਵਾਸਤੇ ਦੋ ਗੁਰੂ ਸਾਹਿਬਾਨ (ਪੰਚਮ ਪਾਤਸ਼ਾਹ ਹਜ਼ੂਰ ਅਤੇ ਨੌਵੇਂ ਪਾਤਸ਼ਾਹ ਹਜ਼ੂਰ) ਨੂੰ ਸ਼ਹੀਦੀ ਦੇ ਮਾਰਗ 'ਤੇ ਤੁਰਨਾ ਪਿਆ ਸੀ। ਇਸ ਨਾਲ ਇਹ ਸਥਾਪਤ ਹੋ ਗਿਆ ਸੀ ਸਿੱਖ-ਭਾਵਨਾ ਨੂੰ ਨਾ ਹੀ ਤੋੜਿਆ ਜਾ ਸਕਦਾ ਹੈ ਅਤੇ ਨਾ ਹੀ ਹਰਾਇਆ ਜਾ ਸਕਦਾ ਹੈ। ਇਹ ਵਰਤਾਰਾ ਇਤਿਹਾਸ ਦੀਆਂ ਸੀਮਾਵਾਂ ਨੂੰ ਛੜੱਪ ਜਾਣ ਦਾ ਹੈ। ਸਿੱਖੀ ਦਾ ਬੀਜ ਨਿਰਸੰਦੇਹ ਗੁਰੂ ਨਾਨਕ ਦੇਵ ਜੀ ਨੇ ਬੀਜਿਆ ਸੀ, ਬਾਕੀ ਗੁਰੂ ਸਾਹਿਬਾਨ ਸਿੱਖੀ ਦੀ ਇਸ ਫਸਲ ਨੂੰ ਸੰਗਤੀ-ਵਿਧੀ ਵਿਚ ਪਾਲਦੇ ਰਹੇ ਸਨ। ਦਸਮ ਪਾਤਸ਼ਾਹ ਹਜ਼ੂਰ ਨੇ ਏਸੇ ਨੂੰ ਪੰਥਕ-ਵਿਧੀ ਵਿਚ ਪ੍ਰਗਟ ਕਰ ਦਿੱਤਾ ਸੀ ਅਤੇ ਇਸ ਨੂੰ ਗੁਰਮਤਿ ਸਾਹਿਤ ਵਿਚ "ਗੁਰਸੰਗਤ ਕੀਨੀ ਖਾਲਸਾ" ਵਜੋਂ ਰੀਕਾਰਡ ਕੀਤਾ ਹੋਇਆ ਹੈ। ਜੋ ਕੁਝ ਸਾਹਮਣੇ ਆ ਗਿਆ ਹੈ, ਉਸ ਤੋਂ ਪਰੇ ਵੀ ਬਹੁਤ ਕੁਝ ਹੁੰਦਾ ਹੈ, ਜਿਸ ਨੂੰ ਦਸਮ ਪਾਤਸ਼ਾਹ ਜੀ ਦੇ ਹਵਾਲੇ ਸਮਝਿਆ ਅਤੇ ਸਮਝਾਇਆ ਜਾਣਾ ਚਾਹੀਦਾ ਹੈ। "ਅਕਾਲ ਉਸਤਤਿ" ਵਿਚ ਦਰਜ ਹੈ ਕਿ ਨਿਰਗੁਣ ਨੂੰ ਸਿੱਖ ਨੇ ਸਰਗੁਣ ਵਿਚ ਇਸ ਤਰ੍ਹਾਂ ਵੇਖਣਾ ਹੈ:

**ਆਦਿ ਪੁਰਖ ਅਬਿਗਤ ਅਬਿਨਾਸੀ॥**
**ਲੋਕ ਚੱਤ੍ਰ ਦਸ ਜੋਤਿ ਪ੍ਰਕਾਸੀ॥**

ਇਸ ਨੂੰ "ਸਰਗੁਣ ਆਪ ਨਿਰਗੁਣ ਭੀ ਓਹੀ" ਦੀ ਨਿਰੰਤਰਤਾ ਵਿਚ ਵੇਖੇ ਜਾਣ ਦੀ ਲੋੜ ਨਾਲ ਦਸਾਂ ਹੀ ਗੁਰੂ ਸਾਹਿਬਾਨ ਵਿਚ ਇਕੋ ਹੀ ਜੋਤਿ ਦਾ ਵਰਤਾਰਾ ਸਾਹਮਣੇ ਆ ਜਾਂਦਾ ਹੈ। ਦਸਮ ਪਾਤਸ਼ਾਹ ਹਜ਼ੂਰ ਨੇ ਜੋਤਿ ਪ੍ਰਤੀਨਿਧ ਵਜੋਂ ਆਪਣੇ ਆਪ ਨੂੰ ਪ੍ਰਗਟ ਕਰਨ ਤੱਕ ਸੀਮਿਤ ਨਹੀਂ ਕੀਤਾ ਅਤੇ ਦੁਸ਼ਟਾਂ ਤੇ ਦੋਖੀਆਂ ਨੂੰ ਪਛਾੜ ਸਕਣ ਦੀ ਸਿੱਖ-ਊਰਜਾ ਨੂੰ ਪ੍ਰਚੰਡਿਤ ਕਰਦੇ ਹੋਏ ਆਪਣੇ ਸਵੱਯਾਂ ਵਿਚ ਅਜਿਹੇ ਸੱਚ ਸਥਾਪਤ ਕਰ ਦਿੱਤੇ ਹਨ, ਜਿਹੜੇ ਕਿਸੇ ਵੀ ਵਰਤਮਾਨ ਨੂੰ ਰੱਜ ਕੇ ਜਿਊਣ ਦਾ ਬਲ ਬਖਸ਼ ਸਕਦੇ ਹਨ। ਧਰਮ, ਜੇ ਫੋਕਟ ਸਰੋਕਾਰਾਂ ਦਾ ਸ਼ਿਕਾਰ ਨਾ ਹੋਵੇ ਤਾਂ ਊਰਜਿਤ-ਮਾਡਲ ਦੀ ਭੂਮਿਕਾ ਨਿਭਾ ਸਕਦਾ ਹੈ ਪਰ ਇਸ ਵਾਸਤੇ ਲੋੜੀਂਦੀ ਹੈ ਚੇਤਨ ਪ੍ਰਚੰਡਤਾ। ਨੌਂ ਸਾਲ ਦੀ ਉਮਰ ਵਿਚ ਵੱਡੀਆਂ ਜ਼ੁੰਮੇਵਾਰੀਆਂ ਨੂੰ ਜਿਸ ਦ੍ਰਿਭਦ੍ਰਿਸ਼ਟਤਾ ਵਾਂਗ ਉਨ੍ਹਾਂ ਨੇ ਨਿਭਾਇਆ ਸੀ, ਉਸ ਨਾਲ ਇਹ ਸਥਾਪਤ ਹੋ ਜਾਂਦਾ ਹੈ ਕਿ ਦਿੱਭਤਾ, ਜੋਤਿ ਵਿਚ ਹੁੰਦੀ ਹੈ। ਗੁਰਮਤਿ-ਦਿੱਭਤਾ, ਜਿਸ ਤਰ੍ਹਾਂ ਜੋਤਿ ਅਤੇ ਜੁਗਤਿ ਵਿਚ ਨਿਰੰਤਰ ਪ੍ਰਗਟਾ ਵਿਚ ਰਹੀ ਹੈ, ਏਸੇ ਦੀ ਸੰਪੰਨਤਾ ਦਸਮ ਪਾਤਸ਼ਾਹ ਜੀ ਕਰ ਰਹੇ ਸਨ। ਸਾਡੇ ਪੁਰਖਿਆਂ ਨੇ ਇਸ ਸੱਚ ਨੂੰ ਦਿੱਭਤਾ ਦੇ ਸਿਖਰ ਵਜੋਂ ਪ੍ਰਗਟ ਕਰਨ ਦੀ ਕੋਸ਼ਿਸ਼ ਕੀਤੀ ਹੋਈ ਹੈ। ਪਰ ਦਸਮ ਪਾਤਸ਼ਾਹ ਜੀ ਦਾ ਜੋ ਰੂਪ ਸਿਧਾਂਤਕੀ ਪ੍ਰਸੰਗ ਵਿਚ ਪ੍ਰਗਟ ਕੀਤਾ ਜਾਣਾ ਚਾਹੀਦਾ ਹੈ ਉਹ ਇਹ ਹੈ ਕਿ ਉਨ੍ਹਾਂ ਵੱਲੋਂ ਬਖਸ਼ੇ ਹੋਏ ਮੁਕਤ-ਮਾਡਲ ਨੇ ਕਿਹੋ ਜਿਹਾ ਇਨਸਾਨ ਪੈਦਾ ਕੀਤਾ ਸੀ? ਇਸ ਵਿਧੀ ਨਾਲ ਦਸਮ ਪਾਤਸ਼ਾਹ ਜੀ ਨੂੰ ਸਦਾ ਸਥਾਪਤੀ ਵਾਂਗ ਸਾਹਮਣੇ ਲਿਆਂਦਾ ਜਾ ਸਕਦਾ ਹੈ। ਇਸ ਦੀ ਵਰਤਮਾਨ ਵਿਚ ਬਹੁਤ ਲੋੜ ਹੈ ਕਿਉਂਕਿ ਧਰਮ ਫਿਰ ਤੋਂ ਪਿੱਛਲ ਪੈਰੀਂ ਤੁਰਦਾ ਤੁਰਦਾ ਬੰਦੇ ਨੂੰ ਬੰਦੇ ਦੀ ਗੁਲਾਮੀ ਵੱਲ ਧੱਕਣ ਲੱਗ ਪਿਆ ਹੈ। ਇਸ ਹਾਲਤ ਵਿਚ ਸਿੱਖ-ਮਾਡਲ ਸਾਰਿਆਂ ਦੇ ਕੰਮ ਆ ਸਕਦਾ ਹੈ। ਭਾਈ ਸੰਤੋਖ ਸਿੰਘ ਨੇ ਆਪਣੀ ਰਚਨਾ "ਸੂਰਜ ਪ੍ਰਕਾਸ਼" ਵਿਚ ਦਸਮ ਪਾਤਸ਼ਾਹ ਹਜ਼ੂਰ ਦਾ ਜੋ ਸਰੂਪ ਭਾਰਤੀ

ਮਾਨਸਿਕਤਾ ਦੇ ਉਸਾਰ ਲਈ ਸਾਹਮਣੇ ਲਿਆਂਦਾ ਸੀ, ਉਸੇ ਨੂੰ ਗਲੋਬਲ ਪ੍ਰਸੰਗ ਵਿਚ ਵੀਚਾਰੇ ਜਾਣ ਦੀ ਲੋੜ ਹੈ। ਕਵੀ ਜੀ ਦਸਮ ਪਾਤਸ਼ਾਹ ਜੀ ਦੀ ਭੂਮਿਕਾ ਨੂੰ ਇਸ ਤਰ੍ਹਾਂ ਸਾਹਮਣੇ ਲਿਆਉਂਦੇ ਹਨ:

**ਛਾਏ ਜਾਤੀ ਏਕਤਾ, ਅਨੇਕਤਾ ਵਿਲਾਏ ਜਾਤੀ, ਹੋਵਤੀ ਕੁਚੀਲਤਾ ਕਤੇਬਨ ਕੁਰਾਨ ਕੀ।**
**ਪਾਪ ਹੀ ਪਰਪੱਕ ਜਾਤੇ, ਧਰਮ ਧਸੱਕ ਜਾਤੇ, ਵਰਨ ਗਰਕ ਜਾਤੇ, ਸਹਿਤ ਵਿਧਾਨ ਕੀ।**
**ਦੇਵੀ ਦੇਵ ਦੇਵਤੇ, ਸੰਤੋਖ ਸਿੰਘ ਦੂਰ ਹੋਤੇ, ਰੀਤ ਮਿਟ ਜਾਤੀ ਕਥਾ ਵੇਦਨ ਪੁਰਾਨ ਕੀ।**
**ਸ੍ਰੀ ਗੁਰੂ ਗੋਬਿੰਦ ਸਿੰਘ ਪਾਵਨ ਪਰਮ ਸੂਰ, ਮੂਰਤਿ ਨਾ ਹੋਤੀ ਜੌ ਪੈ ਕਰੁਣਾ ਨਿਧਾਨ ਕੀ।**

ਵਰਤਮਾਨ ਵਿਚ ਦਸਮ ਪਾਤਸ਼ਾਹ ਹਜ਼ੂਰ ਦੀ ਇਸ ਭੂਮਿਕਾ ਨੂੰ ਉਜਾਗਰ ਕੀਤੇ ਜਾਣ ਦੀ ਬਹੁਤ ਲੋੜ ਹੈ ਕਿਉਂਕਿ ਇਸ ਨਾਲ ਸਿੱਖ ਧਰਮ ਦਾ ਉਹ ਪ੍ਰਸੰਗ ਸਾਹਮਣੇ ਆ ਜਾਏਗਾ, ਜਿਸ ਵਾਸਤੇ ਮਾਨਵ-ਮੁਕਤੀ ਦਾ ਗੁਰਮਤਿ-ਮਾਡਲ ਉਸਾਰਿਆ ਗਿਆ ਸੀ। ਮਾਨਵ-ਮੁਕਤੀ ਦੇ ਰਾਹ ਵਿਚ ਵੱਡੀ ਰੁਕਾਵਟ ਕਿਸੇ ਵੀ ਸਮਕਾਲ ਦੀ ਕੇਂਦਰੀਕਰਣ ਦੀ ਸੋਚ ਹੁੰਦੀ ਹੈ ਕਿਉਂਕਿ ਇਸ ਨਾਲ ਸੋਚਾਂ ਤੇ ਪਹਿਰੇ ਲੱਗਣ ਲੱਗ ਪੈਂਦੇ ਹਨ ਅਤੇ ਹਉਮੈ ਦੀ ਦਿਗਵਿਜੇ ਵਾਸਤੇ ਦੋਧੇ ਦਾਣਿਆਂ 'ਤੇ ਜ਼ਹਿਰ ਛਿੜਕੇ ਜਾਣ ਦੇ ਰਾਹ ਖੁਲ੍ਹ ਜਾਂਦੇ ਹਨ। ਮਾਨਵੀ ਸਹਿਹੋਂਦ ਦਾ ਘਾਣ ਕਰਨ ਵਾਲੀ ਇਹ ਸੋਚ ਕਿਸੇ ਨੂੰ ਨਹੀਂ ਬਖਸ਼ਦੀ ਅਤੇ ਇਸ ਨਾਲ ਕੁਦਰਤੀ ਨਿਹਮਤਾਂ ਦੀ ਸਿਆਸਤ ਸ਼ੁਰੂ ਹੋ ਜਾਂਦੀ ਹੈ। ਧਰਮ ਗ੍ਰੰਥਾਂ ਦੀ ਹਾਨੀ ਵੀ ਇਸੇ ਦਾ ਹਿੱਸਾ ਹੋ ਜਾਂਦੀ ਹੈ। ਇਹ ਸਥਿਤੀ ਧਰਮ ਦੇ ਗਰਕਣ ਅਤੇ ਪਾਪ ਦੇ ਬੋਲ ਬਾਲਿਆਂ ਦੀ ਹੋ ਜਾਂਦੀ ਹੈ। ਇਸ ਨਾਲ ਨਿਪਟਣ ਦਾ ਜੋ ਮਾਡਲ ਦਸਮ ਪਾਤਸ਼ਾਹ ਜੀ ਨੇ ਸਥਾਪਤ ਕੀਤਾ ਸੀ, ਉਸੇ ਦੀਆਂ ਬਾਤਾਂ ਉਨ੍ਹਾਂ ਦੇ ਗੁਰਪੁਰਬ ਮਨਾਉਂਦਿਆਂ ਹੋਣੀਆਂ ਚਾਹੀਦੀਆਂ ਹਨ।

ਦਿੱਭ-ਦ੍ਰਿਸ਼ਟੀਆਂ ਦੇ ਸੰਚਾਲਕਾਂ ਵਿਚ ਦਸ ਗੁਰੂ ਸਾਹਿਬਾਨ ਦੀ ਅਹਿਮ ਭੂਮਿਕਾ ਸਥਾਪਤ ਹੋ ਚੁੱਕੀ ਹੈ। ਇਸ ਬਾਰੇ ਏਨਾ ਤਾਂ ਪਤਾ ਹੋਣਾ ਹੀ ਚਾਹੀਦਾ ਹੈ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਸਿੱਖਾਂ ਦੇ ਦਸਵੇਂ ਗੁਰੂ ਹੋਏ ਹਨ ਅਤੇ ਉਨ੍ਹਾਂ ਦਾ ਜਨਮ ਬਿਹਾਰ ਸੂਬੇ ਦੇ ਪ੍ਰਸਿੱਧ ਸ਼ਹਿਰ ਪਟਨਾ ਸਾਹਿਬ ਵਿਖੇ ੧੬੬੬ ਈ. ਨੂੰ ਹੋਇਆ ਸੀ। ਦਸਮ ਪਾਤਸ਼ਾਹ ਜੀ ਨੂੰ ਗੁਰੂ ਨਾਨਕ ਦੇਵ ਜੀ ਦੀ ਦਸਵੀਂ ਜੋਤਿ ਪਰਵਾਨ ਕੀਤਾ ਜਾਂਦਾ ਹੈ। ਇਸਦਾ ਅਰਥ ਇਹ ਹੋਇਆ ਕਿ ਸਰੀਰ ਰੂਪ ਵਿਚ ਦਸਮ ਪਾਤਸ਼ਾਹ ਭਾਵੇਂ ਦਸਵੇਂ ਥਾਂ 'ਤੇ ਸਨ, ਪਰ ਧਾਰਮਿਕ ਪੱਖ ਤੋਂ ਉਨ੍ਹਾਂ ਅੰਦਰ ਗੁਰੂ ਨਾਨਕ ਦੇਵ ਜੀ ਦੀ ਜੋਤਿ ਹੀ ਜਗਮਗਾ ਰਹੀ ਸੀ। ਗੁਰੂ ਨਾਨਕ ਦੇਵ ਜੀ ਦਾ ਜਨਮ ੧੪੬੯ ਈ. ਵਿਚ ਹੋਇਆ ਸੀ। ਇਸ ਤਰ੍ਹਾਂ ਦੋਹਾਂ ਗੁਰੂ ਸਾਹਿਬਾਨ ਦੇ ਸਮੇਂ ਵਿੱਚ ੧੯੭ ਸਾਲਾਂ ਭਾਵ ਦੋ ਸਦੀਆਂ ਦਾ ਫਰਕ ਸੀ। ਫਿਰ ਵੀ ਉਹ ਇਕ ਜੋਤਿ ਸਨ। ਇਸ ਭੇਦ ਨੂੰ ਸਮਝਣ ਨਾਲ ਸਿੱਖ ਧਰਮ ਦਾ ਮੂਲ ਸਿਧਾਂਤ ਸਮਝ ਵਿਚ ਆ ਸਕਦਾ ਹੈ। ਸਿੱਖ ਧਰਮ ਵਿਚ ਸਰੀਰ ਨੂੰ ਨਹੀਂ, ਸ਼ਬਦ ਨੂੰ ਗੁਰੂ ਮੰਨਿਆ ਗਿਆ ਹੈ। ਏਸੇ ਲਈ ਸਿਖ ਰੋਜ਼ ਅਰਦਾਸ ਵਿਚ ਇਹ ਵਿਸ਼ਵਾਸ ਲਗਾਤਾਰ ਦੁਹਰਾਉਂਦੇ ਆ ਰਹੇ ਹਨ :

**ਸਭ ਸਿਖਨ ਕੋ ਹੁਕਮ ਹੈ ਗੁਰੂ ਮਾਨਿਓ ਗ੍ਰੰਥ।**
**ਗੁਰੂ ਗ੍ਰੰਥ ਜੀ ਮਾਨਿਓ ਪ੍ਰਗਟ ਗੁਰਾਂ ਕੀ ਦੇਹ॥**

ਸੋ ਸ੍ਰੀ ਗੁਰੂ ਗ੍ਰੰਥ ਸਾਹਿਬ ਹੀ ਸਿੱਖਾਂ ਦੇ ਸ਼ਬਦ-ਗੁਰੂ ਹਨ। ਜੋ ਕੁਝ ਗੁਰੂ ਸਾਹਿਬਾਨ ਨੇ ਆਪਣੇ ਸਿੱਖਾਂ ਨੂੰ ਦੱਸਣਾ ਸੀ, ਉਹ ਗੁਰਬਾਣੀ ਦੇ ਰੂਪ ਵਿਚ ਦੱਸ ਦਿੱਤਾ ਗਿਆ ਹੈ। ਏਸੇ ਲਈ ਵਿਸ਼ਵਾਸ ਇਹ ਕੀਤਾ ਜਾਂਦਾ ਹੈ ਕਿ ਜਿਸ ਵੀ ਗੁਰੂ ਸਾਹਿਬ ਦੇ ਦਰਸ਼ਨ ਕਰਨੇ ਹੋਣ, ਉਸ ਗੁਰੂ ਸਾਹਿਬ ਦੀ ਬਾਣੀ ਰਾਹੀਂ ਕੀਤੇ ਜਾ ਸਕਦੇ ਹਨ। ਜਿਵੇਂ 'ਜਪੁਜੀ ਸਾਹਿਬ' ਰਾਹੀਂ ਗੁਰੂ ਨਾਨਕ ਦੇਵ ਜੀ ਦੇ ਦਰਸ਼ਨ ਹੋ ਜਾਂਦੇ ਹਨ, ਉਵੇਂ ਹੀ 'ਜਾਪੁ ਸਾਹਿਬ' ਰਾਹੀਂ ਗੁਰੂ ਗੋਬਿੰਦ ਸਿੰਘ ਜੀ ਦੇ ਦਰਸ਼ਨ ਹੋ ਜਾਂਦੇ ਹਨ। ਅਰਦਾਸ ਵਿੱਚ ਹੀ ਸਿੱਖ ਨੇ ਰੋਜ਼ ਇਹ ਗੱਲ ਧਿਆਨ ਵਿਚ ਰੱਖਣੀ ਹੁੰਦੀ ਹੈ ਕਿ ਗੁਰੂ ਦੇ ਦਰਸ਼ਨ ਬਾਣੀ ਜਾਂ ਸ਼ਬਦ ਰਾਹੀਂ ਹੀ ਹੋ ਸਕਦੇ ਹਨ :

**ਜੋ ਪ੍ਰਭ ਕੋ ਮਿਲਬੋ ਚਹੈ ਖੋਜ ਸਬਦ ਮਹਿ ਲੇਹਿ॥**

ਇਸ ਨਾਲ ਦੇਹਧਾਰੀ ਗੁਰੂ ਦੇ ਅਵਤਾਰਵਾਦੀ ਮਾਡਲ ਦੀ ਥਾਂ 'ਤੇ ਸ਼ਬਦ-ਗੁਰੂ ਦਾ ਸਿੱਖ ਮਾਡਲ ਸਥਾਪਤ ਹੋ ਗਿਆ ਹੈ। ਇਸ ਪਿਛੇ ਸਿਧਾਂਤ ਇਹ ਕੰਮ ਕਰਦਾ ਹੈ ਕਿ ਗੁਰੂ ਨਾਨਕ ਦੇਵ ਜੀ ਦੀ ਜੋਤਿ ਸਾਰੇ ਗੁਰੂ ਸਾਹਿਬਾਨ ਵਿਚ ਕੰਮ ਕਰਦੀ ਰਹੀ ਸੀ। ਗੁਰੂ ਜੋਤਿ ਦਾ ਪ੍ਰਗਟਾਵਾ ਮੂਲ ਰੂਪ ਵਿਚ ਬਾਣੀ ਰਾਹੀਂ ਹੋਇਆ ਹੀ ਪਰਵਾਨ ਕੀਤਾ ਜਾਂਦਾ ਹੈ ਅਤੇ ਇਸ ਤਰ੍ਹਾਂ ਗੁਰਬਾਣੀ ਨੂੰ ਗੁਰੂ ਜੋਤਿ ਹੋਣ ਕਰਕੇ ਸ਼ਬਦ-ਗੁਰੂ ਦੀ ਪਦਵੀ ਹਾਸਲ ਹੋ ਗਈ ਹੈ। ਗੁਰੂ ਜੋਤਿ, ਇਤਿਹਾਸਕ ਘਟਨਾਵਾਂ ਰਾਹੀਂ ਵੀ ਪ੍ਰਗਟ ਹੁੰਦੀ ਰਹੀ ਹੈ। ਸੋ ਦਸ ਹੀ ਗੁਰੂ ਸਾਹਿਬਾਨ ਓਸੇ ਹੀ ਸਿੱਖ-ਜੁਗਤਿ ਨੂੰ ਸਾਹਮਣੇ ਲਿਆ ਰਹੇ ਸਨ, ਜਿਹੜੀ ਸਿੱਖ-ਜੁਗਤਿ, ਗੁਰੂ ਨਾਨਕ ਦੇਵ ਜੀ ਦੀ ਭੂਮਿਕਾ ਦੇ ਨਿਕਟਵਰਤੀਆਂ ਨੇ ਆਪਣੀ ਬਾਣੀ ਰਾਹੀਂ ਦੱਸ ਦਿਤੀ ਸੀ :

**ਜੋਤਿ ਓਹਾ ਜੁਗਤਿ ਸਾਇ ਸਹਿ ਕਾਇਆ ਫੇਰਿ ਪਲਟੀਐ॥**
**ਝੁਲੈ ਸੁ ਛਤੁ ਨਿਰੰਜਨੀ ਮਲਿ ਤਖਤੁ ਬੈਠਾ ਗੁਰ ਹਟੀਐ॥** (ਪੰਨਾ ੯੬੬ )

ਗੁਰੂ ਗੋਬਿੰਦ ਸਿੰਘ ਜੀ ਕੇਵਲ ੪੨ ਸਾਲ ਦੀ ਉਮਰ ਤੱਕ ਇਸ ਸੰਸਾਰ ਦੀ ਯਾਤਰਾ ਕਰਦੇ ਰਹੇ ਸਨ। ਏਨੀ ਛੋਟੀ ਉਮਰ ਵਿੱਚ ਉਨ੍ਹਾਂ ਨੇ ਏਡੇ ਵੱਡੇ ਕੰਮ ਕੀਤੇ, ਜਿਨ੍ਹਾਂ ਨੂੰ ਯਾਦ ਕਰਕੇ ਮਨ ਅਚੰਭਤ ਵੀ ਹੁੰਦਾ ਹੈ ਅਤੇ ਖੁਸ਼ ਵੀ ਹੁੰਦਾ ਹੈ। ਬਚਿਤ੍ਰ ਨਾਟਕ ਵਿੱਚ ਗੁਰੂ ਸਾਹਿਬ ਨੇ ਆਪ ਲਿਖਿਆ ਹੋਇਆ ਹੈ ਕਿ ਜਦੋਂ ਅਕਾਲ ਪੁਰਖ ਨੇ ਉਨ੍ਹਾਂ ਦੀ ਜ਼ੁੰਮੇਵਾਰੀ ਲਾ ਕੇ ਉਨ੍ਹਾਂ ਨੂੰ ਇਸ ਸੰਸਾਰ ਵਿਚ ਭੇਜਿਆ ਸੀ, ਉਸ ਸਮੇਂ ਉਨ੍ਹਾਂ ਦੀ ਸੁਰਤਿ ਪ੍ਰਭੂ ਦੇ ਚਰਨਾਂ ਵਿਚ ਜੁੜੀ ਹੋਈ ਸੀ (ਚੁਭੀ ਰਹੀ ਸੁਰਤਿ ਚਰਨਨ ਮਹਿ)। ਉਨ੍ਹਾਂ ਦਾ ਇਰਾਦਾ ਇਸ ਅਨੰਦ ਭਰੀ ਅਵਸਥਾ ਨੂੰ ਛੱਡਣ ਦਾ ਵੀ ਨਹੀਂ ਸੀ (ਚਿਤ ਨ ਭਇਓ ਆਵਨ ਕਉ)। ਇਹੋ ਜਿਹੀ ਹਾਲਤ ਵਿਚ ਪ੍ਰਭੂ ਨੇ ਗੁਰੂ ਜੀ ਦੀ ਜ਼ੁੰਮੇਵਾਰੀ ਆਪਣੇ ਖਾਸ ਪੁੱਤਰ ਵਜੋਂ ਲਾ ਦਿੱਤੀ ਸੀ ਅਤੇ ਇਸ ਜ਼ੁੰਮੇਵਾਰੀ ਨੂੰ ਉਨ੍ਹਾਂ ਨੇ ਪਰਵਾਨ ਕਰ ਲਿਆ ਸੀ :

**ਮੈਂ ਅਪਨਾ ਸੁਤ ਤੋਹਿ ਨਿਵਾਜਾ॥**
**ਪੰਥ ਪ੍ਰਚੁਰ ਕਰਬੇ ਕਹੁ ਸਾਜਾ॥**

ਇਸ ਗਵਾਹੀ ਨਾਲ ਇਹ ਸੱਚ ਤਹਿ ਹੋ ਜਾਂਦਾ ਹੈ ਕਿ ਜਿਹੜੀ ਧਾਰਮਿਕ ਲੜਾਈ (ਧਰਮ ਯੁੱਧ) ਗੁਰੂ ਨਾਨਕ ਦੇਵ ਜੀ ਨੇ ਆਰੰਭਿਆ ਸੀ, ਉਸੇ ਨੂੰ ਅੱਗੇ ਤੋਰਨ ਲਈ ਗੁਰੂ ਗੋਬਿੰਦ ਸਿੰਘ ਜੀ ਦੀ ਜ਼ੁੰਮੇਵਾਰੀ ਲੱਗੀ ਸੀ। ਦਸਮ ਪਾਤਸ਼ਾਹ ਜੀ ਨੇ ਆਪ ਆਪਣਾ ਜੀਵਨ ਮਨੋਰਥ ਇਸ ਤਰ੍ਹਾਂ ਪ੍ਰਗਟ ਕੀਤਾ ਹੋਇਆ ਹੈ ਕਿ ਜੋ ਧਰਮ ਚਲਾਉਣ ਦੀ ਜ਼ੁੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ ਸੀ, ਉਹ ਭਲੇ-ਪੁਰਸ਼ਾਂ ਦਾ ਮਾਨ ਸਤਿਕਾਰ ਸਥਾਪਤ ਕਰਨ ਵਾਸਤੇ ਸੀ ਅਤੇ ਨੇਕੀ ਦੇ ਰਾਹ ਵਿਚ ਰੁਕਾਵਟਾਂ ਪਾਉਣ ਵਾਲਿਆਂ ਦਾ ਨਾਸ਼ ਕਰਨ ਵਾਸਤੇ ਸੀ:

**ਯਾਹੀ ਕਾਜ ਧਰਾ ਹਮ ਜਨਮੰ॥**
**ਸਮਝ ਲੇਹੁ ਸਾਧੂ ਸਭ ਮਨ ਮੰ॥**
**ਧਰਮ ਚਲਾਵਨ ਸੰਤ ਉਬਾਰਨ॥**
**ਦੁਸਟ ਸਭਨ ਕੋ ਮੂਲ ਉਪਾਰਨ॥**

ਗੁਰੂ ਜੀ ਨੇ ਦੱਸਿਆ ਹੋਇਆ ਹੈ ਕਿ ਧਰਮ ਦਾ ਵਾਸਾ ਅਗਿਆਨੀ ਦੇ ਹਿਰਦੇ ਵਿਚ ਨਹੀਂ ਹੋ ਸਕਦਾ ਕਿਉਂਕਿ ਅਗਿਆਨੀ (ਕਬੁਧਿ) ਪੁੱਠਾ ਹੀ ਸੋਚਦਾ ਹੈ। ਇਸ ਵਾਸਤੇ ਧਰਮ ਦਾ ਪਹਿਲਾ ਕੰਮ ਅਗਿਆਨ ਨੂੰ ਖਤਮ ਕਰਕੇ, ਗਿਆਨ ਨੂੰ ਉਜਾਗਰ ਕਰਨਾ ਅਤੇ ਸਥਾਪਤ ਕਰਨਾ ਹੁੰਦਾ ਹੈ:

**ਜਾਹਿ ਤਹਾਂ ਤੈ ਧਰਮੁ ਚਲਾਇ॥**
**ਕਬੁਧਿ ਕਰਨ ਤੇ ਲੋਕ ਹਟਾਇ॥**

ਹੁਣ ਸਵਾਲ ਇਹ ਪੈਦਾ ਹੁੰਦਾ ਹੈ ਕਿ ਲੋਕਾਂ ਅੰਦਰ ਕਿਹੜੇ ਕਿਹੜੇ ਅਗਿਆਨ ਵਾਲੇ ਕੰਮ ਚਾਲੂ ਸਨ, ਜਿਨ੍ਹਾਂ ਵਲੋਂ ਗੁਰੂ ਜੀ ਨੇ ਲੋਕਾਂ ਨੂੰ ਹਟਾਇਆ ਸੀ। ਇਕ ਅਗਿਆਨ ਇਹ ਸੀ ਕਿ ਲੋਕ ਆਪਣੀ ਬੋਲੀ ਵਿਚ ਗੱਲ ਕਰਨ ਦਾ

ਫ਼ਖ਼ਰ ਗੁਆ ਬੈਠੇ ਸਨ। ਬੇਗਾਨੀ ਬੋਲੀ ਦੀਆਂ ਗੱਲਾਂ ਲੋਕਾਂ ਨੂੰ ਕਿਸੇ ਹੋਰ ਤੋਂ ਸਮਝਣੀਆਂ ਪੈਂਦੀਆਂ ਸਨ। ਸਭ ਤੋਂ ਪਹਿਲਾਂ ਗੁਰੂ ਜੀ ਨੇ ਲੋਕਾਂ ਨੂੰ ਲੋਕਾਂ ਦੀ ਬੋਲੀ ਵਿੱਚ ਸਿੱਖ ਧਰਮ ਬਾਰੇ ਸਮਝਾਇਆ ਸੀ। ਗੁਰੂ ਜੀ ਨੇ ਲੋਕਾਂ ਦੀ ਬੋਲੀ ਵਿਚ ਦਸਿਆ ਸੀ ਕਿ ਧਰਮ ਦਾ ਵਹਿਮਾਂ ਭਰਮਾਂ ਨਾਲ ਕੋਈ ਸਬੰਧ ਨਹੀਂ ਹੈ। ਇਸ ਲਈ ਟੂਣੇ ਟਾਮਣ ਅਤੇ ਜਾਦੂ ਮੰਤਰ ਧਰਮ ਨਹੀਂ ਆਖੇ ਜਾ ਸਕਦੇ। ਲੋਕਾਂ ਦੀ ਬੋਲੀ,ਜਿਸ ਨੂੰ ਅੱਜ ਪੰਜਾਬੀ ਅਰਥਾਤ ਗੁਰਮੁਖੀ ਵਜੋਂ ਜਾਣਿਆ ਜਾਂਦਾ ਹੈ, ਉਨ੍ਹਾਂ ਸਮਿਆਂ ਵਿਚ ਭਾਖਾ ਵੀ ਕਹਿੰਦੇ ਸਨ। ਜਿਹੜੀਆਂ ਕਥਾ ਕਹਾਣੀਆਂ ਸੰਸਕ੍ਰਿਤ ਗ੍ਰੰਥਾਂ ਵਿਚ ਸ਼ਾਮਲ ਸਨ, ਉਨ੍ਹਾਂ ਨੂੰ ਸੰਸਕ੍ਰਿਤ ਜਾਣਦੇ ਧਾਰਮਿਕ ਲੋਕ ਹੀ ਆਪਣੀ ਮਰਜ਼ੀ ਨਾਲ ਦਸਦੇ ਸਨ।ਇਸ ਗੱਲ ਨੂੰ ਤੋੜਨ ਲਈ ਉਹ ਸਭ ਗੱਲਾਂ ''ਭਾਖਾ ਕਰੀ ਬਨਾਇ'' ਰਾਹੀਂ ਗੁਰਮੁਖੀ ਅੱਖਰਾਂ ਵਿੱਚ ਸ਼ਾਇਰਾਂ ਨੂੰ ਸੱਦ ਕੇ ਗੁਰੂ ਜੀ ਨੇ ਲਿਖਵਾਈਆਂ ਸਨ।ਇਹ ਵਰਤਾਰਾ ੫੨ ਕਵੀਆਂ ਵਜੋਂ ਜਾਣਿਆ ਜਾਂਦਾ ਹੈ। ਇਹੋ ਜਿਹਾ ਸਾਹਿਤ ਜੋ ਸਾਡੇ ਤੱਕ ਪਹੁੰਚਿਆ ਹੈ, ਉਸੇ ਨੂੰ ''ਦਸਮ ਗ੍ਰੰਥ'' ਦੇ ਨਾਮ ਨਾਲ ਜਾਣਿਆ ਜਾਂਦਾ ਹੈ। ਇਸ ਵਿਚ ਕੋਈ ਸ਼ੱਕ ਹੀ ਨਹੀਂ ਹੈ ਕਿ ਗੁਰੂ ਗੋਬਿੰਦ ਸਿੰਘ ਜੀ ਸਾਧਾਰਨ ਵਿਅਕਤੀ ਨਹੀਂ ਸਨ।ਕੋਈ ਵੀ ਗੁਰੂ ਆਪਣੇ ਆਪਣੇ ਪ੍ਰਸੰਗ ਵਿਚ ਸਾਧਾਰਨ ਵਿਅਕਤੀ ਨਹੀਂ ਹੁੰਦਾ ਪਰ ਗੁਰੂ ਸਾਹਿਬਾਨ ਨੇ ਜਨਮ ਤੋਂ ਮਰਨ ਤੱਕ ਕੋਈ ਅਜਿਹਾ ਕੰਮ ਨਹੀਂ ਕੀਤਾ, ਜਿਸ ਨੂੰ ਗੁਰੂ ਦੇ ਸਿੱਖਾਂ ਤੋਂ ਨਾ ਕਰ ਸਕਣ ਦੀ ਸੰਭਾਵਨਾ ਹੋਵੇ।ਗੁਰੂ ਦਾ ਇਹ ਪੱਖ ਆਮ ਆਦਮੀਆਂ ਵਰਗਾ ਸੀ। ਏਸੇ ਲਈ ਸੱਚ ਇਹ ਹੈ ਕਿ ਗੁਰੂ ਗੋਬਿੰਦ ਸਿੰਘ ਜੀ ਦਾ ਜਨਮ ਗੁਰੂ ਤੇਗ ਬਹਾਦਰ ਸਾਹਿਬ ਦੇ ਘਰ ਮਾਤਾ ਗੂਜਰੀ ਜੀ ਦੀ ਕੁੱਖੋਂ ਆਮ ਆਦਮੀ ਵਾਂਗ ਹੋਇਆ ਸੀ।ਪਰ ਜਨਮ ਤੋਂ ਹੀ ਉਹ ਗੁਰੂ-ਜੋਤਿ ਦੇ ਬਿੰਬ ਸਮਝੇ ਜਾਣ ਲੱਗ ਪਏ ਸਨ।ਮਾਂ ਪਿਉ ਵਲੋਂ ਭਗਤੀ ਨਾਲ ਪ੍ਰਾਪਤ ਕੀਤੀ ਦਿੱਭਤਾ ਜਾਂ ਧਰਮ ਦੀ ਪਾਲਨਾ ਕਰਨ ਦਾ ਅਸਰ ਬੱਚਿਆਂ ਉਤੇ ਅਵੱਸ਼ ਹੁੰਦਾ ਹੈ। ਸੋ ਗੁਰੂ ਤੇਗ਼ ਬਹਾਦਰ ਸਾਹਿਬ ਅਤੇ ਮਾਤਾ ਗੁਜਰੀ ਜੀ ਨੇ ਸਿੱਖ ਸਾਧਨਾ ਜੋ ਬਚਨਬੱਧਤਾ ਨਿਭਾਈ ਸੀ, ਉਸਦਾ ਅਸਰ ਗੁਰੂ ਗੋਬਿੰਦ ਸਿੰਘ ਜੀ ਦੇ ਬਚਪਨ ਵਿਚੋਂ ਹੀ ਨਜ਼ਰ ਆਉਣ ਲੱਗ ਪਿਆ ਸੀ। ਬਾਲਕ ਗੋਬਿੰਦ ਰਾਇ ਦੇ ਜਨਮ ਸਮੇਂ ਦੇ ਮਹਾਂਪੁਰਖਾਂ ਨੂੰ ਪਤਾ ਲਗ ਗਿਆ ਸੀ ਕਿ ਗੁਰੂ ਤੇਗ਼ ਬਹਾਦਰ ਸਾਹਿਬ ਵਰਗੇ ਮਹਾਂਪੁਰਖ ਦੇ ਘਰ ਪਰਤਾਪੀ ਪੁੱਤਰ ਪੈਦਾ ਹੋ ਗਿਆ ਹੈ। ਸੋ ਬਹੁਤ ਸਾਰੇ ਮਹਾਂਪੁਰਖ ਜਾਂ ਸਾਧੂ ਸੰਤ ਇਸ ਬਾਲਕ ਗੋਬਿੰਦ ਦੇ ਦਰਸ਼ਨ ਕਰਨ ਲਈ ਵੀ ਆਉਂਦੇ ਰਹੇ ਸਨ। ਅਨੰਦਪੁਰ ਸਾਹਿਬ ਵਿਖੇ ਕਸ਼ਮੀਰੀ ਪੰਡਤਾਂ ਦੀ ਘਟਨਾ (ਜਿਸ ਤੋਂ ਅਸੀਂ ਸਾਰੇ ਵਾਕਫ ਹਾਂ) ਨਾਲ ਗੋਬਿੰਦ ਰਾਏ ਤੋਂ ਗੁਰੂ ਗੋਬਿੰਦ ਸਿੰਘ ਜੀ ਦਾ ਸਫਰ ਸ਼ੁਰੂ ਹੋ ਜਾਂਦਾ ਹੈ।ਇਸ ਘਟਨਾ ਨਾਲ ਗੁਰੂ ਗੋਬਿੰਦ ਸਿੰਘ ਜੀ ਦਾ ਬਚਪਨ ਸਮਾਪਤ ਹੋ ਜਾਂਦਾ ਹੈ ਅਤੇ ਗੁਰੂ-ਮਾਰਗ ਦਾ ਸਫਰ ਸ਼ੁਰੂ ਹੋ ਜਾਂਦਾ ਹੈ।ਦਸਮ ਪਾਤਸ਼ਾਹ ਜੀ ਨੇ ਪਿੱਛੋਂ ਆਪ ਹੀ ਨੌਵੇਂ ਪਾਤਸ਼ਾਹ ਹਜ਼ੂਰ ਦੀ ਸ਼ਹੀਦੀ ਦਾ ਜ਼ਿਕਰ ਕਰਦਿਆਂ ਬਚਿਤਰ ਨਾਟਕ ਵਿਚ ਲਿਖਿਆ ਹੋਇਆ ਹੈ ਕਿ ਦਿੱਲੀ ਦੇ ਬਾਦਸ਼ਾਹ ਦੇ ਸਾਹਮਣੇ ਆਪਣੇ ਸਰੀਰ ਦਾ ਭਾਂਡਾ ਭੰਨਕੇ ਨੌਵੇਂ ਪਾਤਸ਼ਾਹ ਜੀ ਪ੍ਰਭੂ ਚਰਨਾਂ ਵਿਚ ਜਾ ਨਿਵਾਜੇ ਸਨ :

**ਠੀਕਰਿ ਫੋਰਿ ਦਿਲੀਸਿ ਸਿਰਿ ਪ੍ਰਭ ਪੁਰ ਕੀਯਾ ਪਯਾਨ॥**
**ਤੇਗ ਬਹਾਦਰ ਸੀ ਕ੍ਰਿਆ ਕਰੀ ਨ ਕਿਨਹੂੰ ਆਨ॥**

ਇਹ ਕੁਰਬਾਨੀ, ਆਮ ਬੰਦੇ ਦੀ ਧਾਰਮਿਕ ਆਜ਼ਾਦੀ ਨੂੰ ਬਚਾਉਣ ਵਾਸਤੇ ਦਿੱਤੀ ਗਈ ਸੀ।ਇਹ ਇੱਛਤ ਚੋਣ ਸੀ ਅਤੇ ਇਸ ਦਾ ਸਿੱਖ ਪ੍ਰਸੰਗ ਦਸਮ ਪਾਤਸ਼ਾਹ ਹਜ਼ੂਰ ਨੇ ਪੰਥਕ ਸੁਰ ਵਿਚ ਸਾਹਮਣੇ ਲੈ ਆਂਦਾ ਸੀ।ਸੱਚ ਕੇਵਲ ਮਹਾਂਪੁਰਸ਼ਾਂ ਅਗੇ ਨਿਸ਼ੰਗ ਰੂਪ ਵਿਚ ਪ੍ਰਗਟ ਹੁੰਦਾ ਰਿਹਾ ਹੈ।ਹੰਕਾਰੇ ਹੋਏ ਮਨੁੱਖ ਨੂੰ ਸੱਚ ਨਜ਼ਰ ਨਹੀਂ ਆਉਂਦਾ। ਏਸੇ ਲਈ ਬਾਦਸ਼ਾਹ ਔਰੰਗਜ਼ੇਬ ਨੂੰ ਜਦੋਂ ਪੰਡਤਾਂ ਦਾ ਸੁਨੇਹਾ ਮਿਲਿਆ ਸੀ ਕਿ ਗੁਰੂ ਤੇਗ਼ ਬਹਾਦਰ ਸਾਹਿਬ ਜੇ ਧਰਮ ਪਰਿਵਰਤਨ ਕਰ ਲੈਣਗੇ ਤਾਂ ਸਾਰਾ ਭਾਰਤ ਮੁਸਲਮਾਨ ਹੋ ਜਾਵੇਗਾ, ਤਾਂ ਉਸਨੇ ਇਹ ਸਮਝ ਲਿਆ ਸੀ ਕਿ ਆਮ ਲੋਕਾਂ ਨੂੰ ਇਸਲਾਮ ਵਿਚ ਲਿਆਉਣ ਦੀਆਂ ਲੰਬੀਆਂ ਚੌੜੀਆਂ ਅਤਿਆਚਾਰੀ-ਕੋਸ਼ਿਸ਼ਾਂ ਦੀ ਥਾਂ ਇਕੱਲੇ ਗੁਰੂ ਤੇਗ ਬਹਾਦਰ ਸਾਹਿਬ ਨੂੰ ਇਸਲਾਮ ਵਿਚ ਲਿਆਉਣਾ ਸੌਖਾ ਹੋਵੇਗਾ। ਪਰ ਇਥੇ ਤਾਂ ਇਸ ਤੋਂ ਉਲਟ ਵਾਪਰ ਗਿਆ ਸੀ। ਗੁਰੂ ਤੇਗ ਬਹਾਦਰ ਸਾਹਿਬ ਨੇ ਧਾਰਮਿਕ ਆਜ਼ਾਦੀ ਲਈ ਕੁਰਬਾਨ ਹੋ ਜਾਣ ਨੂੰ ਪਹਿਲ ਦਿੱਤੀ ਸੀ। ਸਮੇਂ ਦੀ

ਹਕੂਮਤ ਨੂੰ ਚਿੱਤ ਖਿਆਲ ਵੀ ਨਹੀਂ ਸੀ ਕਿ ਦੂਜੇ ਦੇ ਧਰਮ ਵਾਸਤੇ ਕੋਈ ਏਡੀ ਵੱਡੀ ਕੁਰਬਾਨੀ ਦੇ ਸਕਦਾ ਹੈ। ਇਤਿਹਾਸ ਵਿੱਚ ਪਹਿਲੀ ਵਾਰ ਗੁਰੂ ਤੇਗ਼ ਬਹਾਦਰ ਸਾਹਿਬ ਨੇ ਸਿਰ ਦੇ ਕੇ ਇਹ ਸਾਬਤ ਕਰ ਦਿੱਤਾ ਸੀ ਕਿ ਧਾਰਮਿਕ ਆਜ਼ਾਦੀ ਕਿਸੇ ਵੀ ਕੀਮਤ ਉਤੇ ਕਾਇਮ ਰਹਿਣੀ ਚਾਹੀਦੀ ਹੈ। ਬਾਲਕ ਗੋਬਿੰਦ ਰਾਇ ਜੀ ਇਨ੍ਹਾਂ ਘਟਨਾਵਾਂ ਨੂੰ ਵੇਖ ਵੀ ਰਹੇ ਸਨ ਅਤੇ ਇਨ੍ਹਾਂ ਘਟਨਾਵਾਂ ਦੇ ਸਿੱਟਿਆਂ ਨਾਲ ਜੂਝਣ ਲਈ ਤਿਆਰ ਵੀ ਹੋ ਰਹੇ ਸਨ। ਜਦੋਂ ਗੁਰੂ ਘਰ ਦਾ ਇਕ ਸੇਵਕ ਭਾਈ ਜੈਤਾ ਗੁਰੂ ਜੀ ਦਾ ਸੀਸ ਲੈ ਕੇ ਅਨੰਦਪੁਰ ਪਹੁੰਚਿਆ ਸੀ ਤਾਂ ਗੁਰੂ ਗੋਬਿੰਦ ਸਿੰਘ ਜੀ ਨੇ ਉਸਨੂੰ ਮਾਨਤਾ ਦੇਂਦਿਆਂ "ਰੰਘਰੇਟਾ ਗੁਰੂ ਕਾ ਬੇਟਾ" ਆਖ ਕੇ ਆਪਣੀ ਛਾਤੀ ਨਾਲ ਲਾ ਲਿਆ ਸੀ। ਉਮਰ ਦਾ ਫਰਕ, ਗੁਰੂ ਅਤੇ ਸਿੱਖ ਵਿਚਕਾਰ ਮਿਟ ਗਿਆ ਸੀ। ਗੁਰੂ ਜੀ ਨੇ ਆਪਣੇ ਸਿੱਖ ਨੂੰ ਉਹੀ ਮਾਨਤਾ ਦਿਤੀ ਸੀ, ਜਿਹੜੀ ਮਾਨਤਾ ਅਕਾਲ ਪੁਰਖ ਨੇ ਗੁਰੂ ਗੋਬਿੰਦ ਸਿੰਘ ਜੀ ਨੂੰ "ਪੁੱਤਰ" ਆਖ ਕੇ ਦਿਤੀ ਸੀ। ਗੁਰੂ ਤੇ ਸਿੱਖ ਦਾ ਰਿਸ਼ਤਾ ਪਿਉ ਤੇ ਪੁੱਤਰ ਵਾਲਾ ਉਸ ਵੇਲੇ ਵੀ ਸੀ ਅਤੇ ਅੱਜ ਵੀ ਹੈ। ਕਦੇ ਕਦੇ ਅਗਿਆਨਵੱਸ ਇਸ ਰਿਸ਼ਤੇ ਦੀ ਪਛਾਣ ਧੁੰਧਲੀ ਹੋ ਜਾਂਦੀ ਰਹੀ ਹੈ। ਸੱਚ ਤਾਂ ਇਹ ਹੈ ਕਿ ਹਰ ਅੰਮ੍ਰਿਤਧਾਰੀ ਸਿੰਘ ਦਾ ਪਿਤਾ ਗੁਰੂ ਗੋਬਿੰਦ ਸਿੰਘ ਜੀ ਅਤੇ ਮਾਤਾ ਸਾਹਿਬ ਕੌਰ ਹਨ। ਵਾਸੀ ਵੀ ਅੰਮ੍ਰਿਤਧਾਰੀ ਸਿੰਘ, ਅਨੰਦਪੁਰ ਸਾਹਿਬ ਦਾ ਹੋ ਜਾਂਦਾ ਹੈ। ਇਸ ਤਰ੍ਹਾਂ ਇਕ ਨਵੇਂ ਧਾਰਮਿਕ ਪਰਿਵਾਰ ਦੀ ਸਿਰਜਣਾ ਦਸਮ ਪਾਤਸ਼ਾਹ ਹਜ਼ੂਰ ਨੇ ੧੬੯੯ ਈ. ਦੀ ਵੈਸਾਖੀ ਨੂੰ ਕਰ ਦਿਤੀ ਸੀ। ਇਸ ਪਰਿਵਾਰ ਵਿੱਚ ਜਨਮ ਤੋਂ ਸ਼ਾਮਲ ਹੋਣ ਦੀ ਪਰੰਪਰਾ ਤੋੜ ਦਿੱਤੀ ਗਈ ਸੀ। ਇਸ ਨਵੇਂ ਖਾਲਸਾ-ਸਫ਼ਰ 'ਤੇ ਤੁਰਨ ਤੋਂ ਪਹਿਲਾਂ ਇਹ ਭੁੱਲਣਾ ਪੈਂਦਾ ਹੈ ਕਿ ਉਹ ਕਿਸ ਕੁਲ ਵਿਚ ਪੈਦਾ ਹੋਇਆ ਸੀ। ਕਿਸੇ ਵੀ ਅੰਮ੍ਰਿਤਧਾਰੀ ਦੀ ਕੁਲ ਖਾਲਸਈ-ਕੁਲ ਹੋ ਜਾਂਦੀ ਹੈ। ਉਸਦੀ ਸ਼ਖਸੀਅਤ ਧਰਮ ਨੂੰ ਸਮਰਪਿਤ ਹੋ ਜਾਂਦੀ ਹੈ। ਕੁਲ-ਨਾਸ਼ ਵਿੱਚੋਂ ਇਕ ਨਵਾਂ ਖਾਲਸਾ-ਪਰਿਵਾਰ ਪੈਦਾ ਹੋ ਜਾਂਦਾ ਹੈ। ਇਸ ਅਵਸਥਾ ਵਾਸਤੇ ਗੁਰੂ ਨਾਨਕ ਦੇਵ ਜੀ ਨੇ ਸ਼ਬਦ ਦਾ ਸਿਧਾਂਤ ਪੇਸ਼ ਕੀਤਾ ਸੀ। ਬਾਣੀ ਨਾਲ ਜੇ ਕੌਡਾ-ਰਾਖਸ਼ ਬਦਲ ਸਕਦਾ ਹੈ ਤਾਂ ਸਿੱਖ ਕਿਉਂ ਨਹੀਂ ਬਦਲ ਸਕਦਾ? ਸਿੱਖ ਵਿਚ ਸਿੰਘ ਹੋਣ ਦਾ ਬਦਲਾਵ, ਗੁਰੂ ਗੋਬਿੰਦ ਸਿੰਘ ਜੀ ਰਾਹੀਂ ਸਾਹਮਣੇ ਆਇਆ ਸੀ। ਦਸਮ ਪਾਤਸ਼ਾਹ ਹਜ਼ੂਰ ਜੀ ਵੱਲੋਂ ਮਾਨਵਤਾ ਉਤੇ ਕੀਤੇ ਇਸ ਪਰਉਪਕਾਰ ਨੂੰ ਹਰ ਸਾਲ ਗੁਰਪੁਰਬ ਦੇ ਰੂਪ ਵਿੱਚ ਮਨਾਇਆ ਜਾਂਦਾ ਹੈ। ਗੁਰਪੁਰਬ ਮੌਕੇ ਇਹ ਸਚਾਈ ਲੋਕਾਂ ਨਾਲ ਸਾਂਝੀ ਕੀਤੀ ਜਾਂਦੀ ਹੈ ਕਿ ਖਾਲਸਾ-ਬਚਨਬੱਧਤਾ ਵਿੱਚ ਜਾਤ, ਗੋਤ, ਖਾਨਦਾਨ ਅਤੇ ਭੂਗੋਲਿਕ ਖਿਤਿਆਂ ਦੀ ਕੋਈ ਮਹੱਤਤਾ ਨਹੀਂ ਹੈ। ਖਾਲਸਾ ਤਾਂ ਭਾਈਚਾਰਾ ਹੈ ਅਤੇ ਇਸ ਭਾਈਚਾਰੇ ਦਾ ਵਰਤਮਾਨ ਖਾਲਸਾ ਪੰਥ ਨੇ ਖੁਦ ਸਥਾਪਤ ਕਰਦੇ ਰਹਿਣਾ ਹੈ। ਬੀਤ ਗਏ ਸਮੇਂ ਨਾਲ ਜੁੜੇ ਹੋਏ ਇਤਿਹਾਸ ਦਾ ਖਾਲਸਾ ਵਾਰਸ ਤਾਂ ਹੈ ਪਰ ਮਾਲਕ ਨਹੀਂ ਹੈ।

ਮਾਲਕੀ ਦੀ ਹਉਮੈਂ ਅਤੇ ਵਾਰਸ ਹੋਣ ਦੀ ਨੈਤਿਕਤਾ ਵਿਚ ਨਿਖੇੜ ਕਰਨ ਦੀ ਸੋਝੀ ਖਾਲਸਾ ਜੀ ਨੇ ਗੁਰਬਾਣੀ ਦੀ ਰੌਸ਼ਨੀ ਵਿਚ ਆਪ ਵੀ ਪ੍ਰਾਪਤ ਕਰਨੀ ਹੈ ਅਤੇ ਹੋਰਨਾਂ ਤੱਕ ਵੀ ਪਹੁੰਚਾਉਣੀ ਹੈ। ਵਿਅਕਤੀਗਤ ਚੌਧਰ ਤੋਂ ਗੁਰੇਜ਼ ਕਰਕੇ ਭਾਈਚਾਰਕ ਬੋਲਬਾਲੇ ਵਾਸਤੇ ਮਾਹੌਲ ਖਾਲਸਾ ਜੀ ਨੇ ਪੈਦਾ ਕਰਨਾ ਹੈ। ਇਹੀ ਸਿਖਿਆ ਗੁਰੂ ਗੋਬਿੰਦ ਸਿੰਘ ਜੀ ਨੇ ਅੰਮ੍ਰਿਤਧਾਰੀ ਸਿੰਘ ਜਾਂ ਖਾਲਸੇ ਨੂੰ ਬਖਸ਼ੀ ਸੀ। ਇਸ ਤੇ ਜੀਅ ਜਾਨ ਨਾਲ ਪਹਿਰਾ ਦੇਣ ਦੀ ਬਚਨਬੱਧਤਾ ਹੀ ਦਸਮ ਪਾਤਸ਼ਾਹ ਹਜ਼ੂਰ ਦਾ ਸੰਦੇਸ਼ ਹੈ। ਪੰਜਾਬੀ-ਸਭਿਆਚਾਰ ਵਿਚ ਮੇਲਿਆਂ ਨੂੰ ਗੁਰਪੁਰਬਾਂ ਵਿਚ ਤਬਦੀਲ ਕਰਕੇ ਜਿਸ ਤਰ੍ਹਾਂ ਦੇ ਸਿੱਖ-ਸਭਿਆਚਾਰ ਦੀ ਨੀਂਹ ਗੁਰੂ ਸਾਹਿਬਾਨ ਵੱਲੋਂ ਰੱਖੀ ਗਈ ਸੀ, ਉਹ ਵਰਤਮਾਨ ਵਿਚ ਸਿੱਖ-ਵਾਰਸਾਂ ਦੀ ਅਣਗਹਿਲੀ ਕਰਕੇ ਉਖੜੇਵੇਂ ਦਾ ਸ਼ਿਕਾਰ ਹੁੰਦੀ ਜਾ ਰਹੀ ਹੈ। ਏਸੇ ਕਰਕੇ ਭੀੜ ਵਾਲੇ ਵਰਤਾਰਿਆਂ ਨੂੰ ਸਿੱਖ ਪੁਰਬ ਸਮਝਿਆ ਜਾਣ ਲੱਗ ਪਿਆ ਹੈ। ਅਸਲੇ ਵੱਲ ਪਰਤਨ ਲਈ ਜਿਹੋ ਜਿਹੇ ਯਤਨ ਸਿੰਘ ਸਭਾ ਵੇਲੇ ਹੋਏ ਸਨ, ਉਹੋ ਜਿਹੇ ਯਤਨ ਵਰਤਮਾਨ ਵਿਚ ਕਰਕੇ ਹੀ ਇਸ ਉਖਾੜ ਵਾਲੀ ਸਥਿਤੀ ਤੋਂ ਬਚਿਆ ਜਾ ਸਕਦਾ ਹੈ। ਇਸ ਨੁਕਤੇ ਬਾਰੇ ਜੋ ਕੁਝ ਲਿਖਿਆ ਹੋਇਆ ਪ੍ਰਾਪਤ ਹੈ, ਉਹ ਸਾਡੀਆਂ ਨਿਗਾਹਾਂ ਤੋਂ ਓਝਲ ਹੋ ਵੀ ਗਿਆ ਹੈ ਅਤੇ ਹੁੰਦਾ ਵੀ ਜਾ ਰਿਹਾ ਹੈ। ਭਾਈ ਵੀਰ ਸਿੰਘ ਦੀਆਂ ਲਿਖਤਾਂ ਸ਼ਰਧਾ ਵਿਚ ਰੰਗਦੀਆਂ ਵੀ ਹਨ ਅਤੇ ਸ਼ਰਧਾ ਨੂੰ ਪ੍ਰਚੰਡ ਵੀ ਕਰਦੀਆਂ ਹਨ। ਇਹ ਟਿਪਣੀ 'ਕਲਗੀਧਰ ਚਮਤਕਾਰ' ਦੇ ਹਵਾਲੇ ਨਾਲ ਕੀਤੀ ਜਾ ਰਹੀ ਹੈ। ਪ੍ਰੋ. ਪੂਰਨ ਸਿੰਘ ਦੀ

ਸੁਰ ਅਕਾਦਮਿਕ ਹੈ ਅਤੇ ਉਹ ਨਵੀਆਂ ਲੀਹਾਂ ਪਾਉਂਦੇ ਲੱਗਦੇ ਹਨ। ਆਪਣੀਆਂ ਲਿਖਤਾਂ ਵਿਚ ਗੁਰੂ ਦੀਆਂ ਬਖਸ਼ਿਸ਼ਾਂ ਵਜੋਂ ਜਦੋਂ ਪੰਜ ਕਕਾਰਾਂ ਦਾ ਪ੍ਰਸੰਗ ਉਸਾਰਦੇ ਹਨ, ਤਾਂ ਵਿਰਾਸਤੀ ਸੁਰ ਵਿਚ ਰੌਂਗਟੇ ਖੜੇ ਕਰ ਦਿੰਦੇ ਹਨ। ਈਸਾਈਅਤ, ਮੋਇਆਂ ਦੀ ਜਾਗ ਦੀ ਗੱਲ ਕਰਦੀ ਹੈ, ਪਰ ਸਿੱਖੀ ਸੁੱਤਿਆਂ ਦੀ ਜਾਗ ਦੀ ਗੱਲ ਕਰਦੀ ਹੈ। ਪ੍ਰੋ. ਪੂਰਨ ਸਿੰਘ ਮੁਤਾਬਿਕ ਗੁਰਪੁਰਬਾਂ ਦੇ ਅਵਸਰ ਇਹ ਦੱਸਣ ਲਈ ਹੋਣੇ ਚਾਹੀਦੇ ਹਨ ਕਿ "ਗੁਰੂ ਜੀ ਦੇ ਕੇਸਾਂ ਨੂੰ ਸੁਰੱਖਿਅਤ ਰੱਖਣ ਦੇ ਹੁਕਮ ਵਿਚ ਡੂੰਘੀ ਸਚਾਈ ਲੁਕੀ ਹੋਈ ਹੈ। ਇਸ ਆਦੇਸ਼ ਵਿਚ ਉਨ੍ਹਾਂ ਨੇ ਮਨੁੱਖ ਨੂੰ ਡੂੰਘੇ ਗੁਣਾਂ ਦੀ ਸੋਝੀ ਕਰਵਾਈ ਹੈ"। ਇਸ ਪਾਸੇ ਸਿੱਖਾਂ ਦੀ ਢਿਲਿਆਈ ਤੇ ਕਚਿਆਈ ਨੂੰ ਪ੍ਰੋ. ਸਾਹਿਬ ਨੇ ਤਿਲਕਣੇ ਰਸਤੇ ਤੁਰਨਾ ਕਿਹਾ ਹੋਇਆ ਹੈ ਕਿ "ਨਿਸਚੇ ਹੀ ਗੁਰੂ ਗੋਬਿੰਦ ਸਿੰਘ ਜੀ ਦੇ ਕੇਸਾਂ ਬਾਰੇ ਇਨ੍ਹਾਂ ਵਿਚਾਰਾਂ ਦੇ ਅਭਾਵ ਵਿਚ ਅੱਜ ਨਾ ਤਾਂ ਸਿੱਖਾਂ ਵਿਚ ਉਹ ਸੰਗੀਤ ਹੁੰਦਾ ਹੈ ਤੇ ਨਾ ਇਹ ਨਵਾਂ ਜੀਵਨ"।

ਇਸ ਲਈ ਅੱਜ ਸਿੱਖ-ਸੇਧ ਵਿਚ ਤੁਰਨ ਦੀ ਲੋੜ ਵੀ ਹੈ, ਇਸ ਵਾਸਤੇ ਸਪੇਸ ਵੀ ਹੈ ਅਤੇ ਇਸ ਨਾਲ ਜੁੜੀਆਂ ਹੋਈਆਂ ਵੰਗਾਰਾਂ ਵੀ ਹਨ। ਨਹੀਂ ਸਮਝਾਂਗੇ ਤਾਂ ਵਕਤ ਹੱਥੋਂ ਖਿਸਕ ਜਾਏਗਾ। ਸਕਰਮਕ ਅਧਿਆਤਮਿਕਤਾ ਦਾ ਜਿਹੜਾ ਸਿੱਖ ਵਹਿਣ, ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਅਗਵਾਈ ਵਿਚ,ਸਾਡੀਆਂ ਸਾਰੀਆਂ ਕਮਜ਼ੋਰੀਆਂ ਦੇ ਬਾਵਜੂਦ, ਅਜੇ ਵਹਿ ਰਿਹਾ ਹੈ, ਉਸ ਨੂੰ ਗ੍ਰੰਥ ਅਤੇ ਪੰਥ ਦੇ ਮਜਬੂਤ ਕੰਢਿਆਂ ਵਿਚਕਾਰ ਵਹਿੰਦਾ ਰੱਖਣ ਲਈ ਲੋੜੀਂਦੀਆਂ ਜ਼ੁੰਮੇਵਾਰੀਆਂ ਨਿਭਾਉਣ ਵਾਸਤੇ ਬਿਨਾਂ ਦੇਰੀ ਕੀਤਿਆਂ ਤੁਰ ਪੈਣ ਵਿਚ ਹੀ ਸਾਰਿਆਂ ਦਾ ਭਲਾ ਹੈ। ਤੁਰਨ ਵਾਲਿਆਂ ਤੋਂ ਗੁਰੂ ਜੀ ਮਿਹਰ ਕਰਕੇ ਸੇਵਾ ਲੈਂਦੇ ਰਹੇ ਹਨ ਅਤੇ ਲੈਂਦੇ ਰਹਿਣ ਦਾ ਭਰੋਸਾ ਅਜੇ ਗੁਰੂਕਿਆਂ ਵਿਚੋਂ ਕਿਰਿਆ ਵੀ ਨਹੀਂ ਹੈ। ਗੁਰਪੁਰਬਾਂ ਦੀ ਸੰਭਾਲ ਤੋਂ ਸ਼ੁਰੂਆਤ ਕਰ ਲੈਣੀ ਹੀ ਇਸ ਸਮੇਂ ਦੀ ਸਿੱਖ-ਲੋੜ ਹੋਣੀ ਚਾਹੀਦੀ ਹੈ।

■

## ਪੋਹ ਮਹੀਨੇ ਦੇ ਗੁਰਪੁਰਬ ਅਤੇ ਇਤਿਹਾਸਕ ਦਿਹਾੜੇ

*ਗੁਰਪੁਰਬ:*

| | |
|---|---|
| * ਪ੍ਰਕਾਸ਼ ਸ੍ਰੀ ਗੁਰੂ ਗੋਬਿੰਦ ਸਿੰਘ ਜੀ | ੧੧ ਪੋਹ |

*ਇਤਿਹਾਸਕ ਦਿਹਾੜੇ:*

| | |
|---|---|
| * ਸ਼ਹੀਦੀ ਭਾਈ ਜੀਵਨ ਸਿੰਘ ਜੀ | ੭ ਪੋਹ |
| * ਸ਼ਹੀਦੀ ਵੱਡੇ ਸਾਹਿਬਜ਼ਾਦੇ ਅਤੇ ਚਮਕੌਰ ਦੇ ਹੋਰ ਸ਼ਹੀਦ | ੮ ਪੋਹ |
| * ਸ਼ਹੀਦੀ ਭਾਈ ਸੰਗਤ ਸਿੰਘ ਜੀ | ੯ ਪੋਹ |
| * ਸ਼ਹੀਦੀ ਛੋਟੇ ਸਾਹਿਬਜ਼ਾਦੇ ਅਤੇ ਮਾਤਾ ਗੁਜਰੀ ਜੀ | ੧੩ ਪੋਹ |
| * ਸ਼ਹੀਦੀ ਭਾਈ ਕੇਹਰ ਸਿੰਘ, ਭਾਈ ਸਤਵੰਤ ਸਿੰਘ | ੨੩ ਪੋਹ |

# ਖ਼ਬਰਨਾਮਾ

## ਸ. ਗੋਬਿੰਦ ਸਿੰਘ ਲੌਂਗੋਵਾਲ ਸ਼੍ਰੋਮਣੀ ਕਮੇਟੀ ਦੇ ੪੨ਵੇਂ ਪ੍ਰਧਾਨ ਬਣੇ

## ਸ. ਰਘੂਜੀਤ ਸਿੰਘ ਕਰਨਾਲ ਸੀਨੀਅਰ ਮੀਤ ਪ੍ਰਧਾਨ, ਸ. ਹਰਪਾਲ ਸਿੰਘ ਜੱਲਾ ਜੂਨੀਅਰ ਮੀਤ ਪ੍ਰਧਾਨ ਤੇ ਸ. ਗੁਰਬਚਨ ਸਿੰਘ ਕਰਮੂੰਵਾਲਾ ਨੂੰ ਜਨਰਲ ਸਕੱਤਰ ਚੁਣਿਆ

### ਸਮੁੱਚੀਆਂ ਪੰਥਕ ਧਿਰਾਂ ਨੂੰ ਨਾਲ ਲੈ ਕੇ ਪੰਥਕ ਮਜ਼ਬੂਤੀ ਤੇ ਚੜ੍ਹਦੀ ਕਲਾ ਲਈ ਯਤਨ ਕੀਤੇ ਜਾਣਗੇ -ਸ. ਗੋਬਿੰਦ ਸਿੰਘ ਲੌਂਗੋਵਾਲ

ਅੰਮ੍ਰਿਤਸਰ, -ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਦਫਤਰ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸਾਲਾਨਾ ਜਨਰਲ ਇਜਲਾਸ ਦੌਰਾਨ ਸ. ਗੋਬਿੰਦ ਸਿੰਘ ਲੌਂਗੋਵਾਲ ਸ਼੍ਰੋਮਣੀ ਕਮੇਟੀ ਦੇ ੪੨ਵੇਂ ਪ੍ਰਧਾਨ ਚੁਣ ਲਏ ਗਏ। ਜਨਰਲ ਇਜਲਾਸ ਦੀ ਆਰੰਭਤਾ ਸਮੇਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਅਰਦਾਸ ਕੀਤੀ ਅਤੇ ਪਾਵਨ ਹੁਕਮਨਾਮਾ ਗਿਆਨੀ ਹਰਮਿੱਤਰ ਸਿੰਘ ਨੇ ਲਿਆ। ਜਨਰਲ ਹਾਊਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ, ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਅਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਮੌਜੂਦ ਸਨ।

ਜਨਰਲ ਇਜਲਾਸ ਦੀ ਕਾਰਵਾਈ ਆਰੰਭ ਕਰਦਿਆਂ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੂੰ ਅਗਲੀ ਕਾਰਵਾਈ ਚਲਾਉਣ ਦਾ ਸੱਦਾ ਦਿੱਤਾ, ਜਿਸ 'ਤੇ ਉਨ੍ਹਾਂ ਨੇ ਅਕਾਲ ਚਲਾਣਾ ਕਰ ਚੁੱਕੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਮੱਲ ਸਿੰਘ, ਮਾਰਸ਼ਲ ਅਰਜਨ ਸਿੰਘ, ਸ਼੍ਰੋਮਣੀ ਕਮੇਟੀ ਦੇ ਸਾਬਕਾ ਮੈਂਬਰ ਸ. ਸੁਖਬੀਰ ਸਿੰਘ ਸੁਲਤਾਨਵਿੰਡ ਅਤੇ ਸ. ਜੋਗਿੰਦਰ ਸਿੰਘ ਸਾਹਨੀ ਚੰਡੀਗੜ੍ਹ ਸਬੰਧੀ ਸ਼ੋਕ ਮਤੇ ਪੇਸ਼ ਕੀਤੇ। ਇਸ ਉਪਰੰਤ ਪ੍ਰੋ: ਬਡੂੰਗਰ ਨੇ ਪ੍ਰਧਾਨਗੀ ਪਦ ਲਈ ਨਾਮ ਦੀ ਮੰਗ ਕੀਤੀ ਜਿਸ 'ਤੇ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਜਗੀਰ ਕੌਰ ਨੇ ਸ. ਗੋਬਿੰਦ ਸਿੰਘ ਲੌਂਗੋਵਾਲ ਦਾ ਨਾਮ ਪੇਸ਼ ਕੀਤਾ। ਸ. ਲੌਂਗੋਵਾਲ ਦੇ ਨਾਮ ਦੀ ਤਾਈਦ ਸ. ਗੁਰਬਚਨ ਸਿੰਘ ਕਰਮੂੰਵਾਲਾ ਅਤੇ ਤਾਈਦ ਮਜੀਦ ਭਾਈ ਮਨਜੀਤ ਸਿੰਘ ਨੇ ਕੀਤੀ। ਸ. ਲੌਂਗੋਵਾਲ ਦੇ ਮੁਕਾਬਲੇ 'ਤੇ ਸ. ਜਸਵੰਤ ਸਿੰਘ ਪੁੜੈਣ ਨੇ ਜਥੇਦਾਰ ਅਮਰੀਕ ਸਿੰਘ ਸ਼ਾਹਪੁਰ ਦਾ ਨਾਮ ਪੇਸ਼ ਕੀਤਾ, ਜਿਸਦੀ ਤਾਈਦ ਸ. ਕੁਲਦੀਪ ਸਿੰਘ ਨੱਸੂਪੁਰ ਅਤੇ ਤਾਈਦ ਮਜੀਦ ਸ. ਮਹਿੰਦਰ ਸਿੰਘ ਹੁਸੈਨਪੁਰ ਨੇ ਕੀਤੀ। ਇਸ ਦੌਰਾਨ ਕੁੱਲ ਪਈਆਂ ੧੬੯ ਵੋਟਾਂ ਵਿਚੋਂ ਸ. ਗੋਬਿੰਦ ਸਿੰਘ ਲੌਂਗੋਵਾਲ ਨੇ ੧੫੪ ਵੋਟਾਂ ਪ੍ਰਾਪਤ ਕਰਕੇ ਜਿੱਤ ਹਾਸਲ ਕੀਤੀ। ਵਿਰੋਧੀ ਧਿਰ ਦੇ ਉਮੀਦਵਾਰ ਸ. ਅਮਰੀਕ ਸਿੰਘ ਸ਼ਾਹਪੁਰ ਨੂੰ ਕੇਵਲ ੧੫ ਵੋਟਾਂ ਹੀ ਮਿਲ ਸਕੀਆਂ। ਇਸ ਤਰ੍ਹਾਂ ਸ਼੍ਰੋਮਣੀ ਕਮੇਟੀ ਦੇ ੪੨ਵੇਂ ਪ੍ਰਧਾਨ ਵਜੋਂ ਸ. ਗੋਬਿੰਦ ਸਿੰਘ ਲੌਂਗੋਵਾਲ ਦੇ ਨਾਮ ਦਾ ਐਲਾਨ ਕਰ ਦਿੱਤਾ ਗਿਆ।

ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਦੇ ਪਦ ਲਈ ਸ. ਰਘੂਜੀਤ ਸਿੰਘ ਕਰਨਾਲ ਨੂੰ ਚੁਣਿਆ ਗਿਆ, ਜਿਨ੍ਹਾਂ ਦਾ ਨਾਮ ਜਥੇਦਾਰ ਤੋਤਾ ਸਿੰਘ ਨੇ ਪੇਸ਼ ਕੀਤਾ। ਉਨ੍ਹਾਂ ਦੇ ਨਾਮ ਦੀ ਤਈਦ ਸ. ਸੁਰਿੰਦਰ ਸਿੰਘ ਭੁਲੇਵਾਲ ਰਾਠਾਂ ਅਤੇ

ਮਜੀਦ ਸ. ਪਰਮਜੀਤ ਸਿੰਘ ਖਾਲਸਾ ਨੇ ਕੀਤੀ। ਜੂਨੀਅਰ ਮੀਤ ਪ੍ਰਧਾਨ ਵਜੋਂ ਸ. ਹਰਪਾਲ ਸਿੰਘ ਜੱਲਾ ਨੂੰ ਚੁਣਿਆ ਗਿਆ। ਉਨ੍ਹਾਂ ਦਾ ਨਾਮ ਭਾਈ ਅਮਰਜੀਤ ਸਿੰਘ ਚਾਵਲਾ ਨੇ ਪੇਸ਼ ਕੀਤਾ, ਤਈਦ ਸ. ਪ੍ਰੀਤਮ ਸਿੰਘ ਮਲਸੀਹਾਂ ਅਤੇ ਤਾਈਦ ਮਜੀਦ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਨੇ ਕੀਤੀ। ਇਸੇ ਤਰ੍ਹਾਂ ਜਨਰਲ ਸਕੱਤਰ ਦੇ ਪਦ ਲਈ ਸ. ਗੁਰਬਚਨ ਸਿੰਘ ਕਰਮੂੰਵਾਲਾ ਚੁਣੇ ਗਏ। ਉਨ੍ਹਾਂ ਦਾ ਨਾਮ ਸ. ਅਲਵਿੰਦਰਪਾਲ ਸਿੰਘ ਪੱਖੋਕੇ ਨੇ ਪੇਸ਼ ਕੀਤਾ, ਤਾਈਦ ਸ. ਗੁਰਪ੍ਰੀਤ ਸਿੰਘ ਝੱਬਰ ਅਤੇ ਤਾਈਦ ਮਜੀਦ ਸ. ਗੁਰਮੇਲ ਸਿੰਘ ਸੰਗਤਪੁਰਾ ਨੇ ਕੀਤੀ।

ਇਸ ਉਪਰੰਤ ਨਵੇਂ ਚੁਣੇ ਗਏ ਪ੍ਰਧਾਨ ਸ. ਗੋਬਿੰਦ ਸਿੰਘ ਲੌਂਗੋਵਾਲ ਨੇ ਅੰਤ੍ਰਿੰਗ ਕਮੇਟੀ ਦੇ ਮੈਂਬਰਾਂ ਦਾ ਐਲਾਨ ਕੀਤਾ। ਅੰਤ੍ਰਿੰਗ ਕਮੇਟੀ ਦੇ ਇਨ੍ਹਾਂ ਮੈਂਬਰਾਂ ਵਿਚ ਸ. ਸੱਜਣ ਸਿੰਘ ਬੱਜੂਮਾਨ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਲਖਬੀਰ ਸਿੰਘ ਅਰਾਈਆਂਵਾਲਾ, ਬੀਬੀ ਗੁਰਪ੍ਰੀਤ ਕੌਰ ਕਪੂਰਥਲਾ, ਸ. ਗੁਰਤੇਜ ਸਿੰਘ ਢੱਡੇ, ਸ. ਹਰਦੇਵ ਸਿੰਘ ਰੋਗਲਾ, ਸ. ਰਵਿੰਦਰ ਸਿੰਘ ਚੱਕਮੁਕੇਰੀਆਂ, ਸ. ਗੁਰਮੀਤ ਸਿੰਘ ਬੂਹ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸ. ਨਵਤੇਜ ਸਿੰਘ ਕਾਉਣੀ ਤੇ ਸ. ਅਮਰੀਕ ਸਿੰਘ ਸ਼ਾਹਪੁਰ ਨੂੰ ਚੁਣਿਆ ਗਿਆ।

ਜਨਰਲ ਹਾਊਸ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਨਵੇਂ ਚੁਣੇ ਗਏ ਪ੍ਰਧਾਨ ਸ. ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਉਨ੍ਹਾਂ ਨੂੰ ਇਹ ਸੇਵਾ ਗੁਰੂ ਸਾਹਿਬ ਦੀ ਬਖਸ਼ਿਸ਼ ਸਦਕਾ ਪ੍ਰਾਪਤ ਹੋਈ ਹੈ, ਜਿਸਨੂੰ ਉਹ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਨੇ ਸ਼੍ਰੋਮਣੀ ਅਕਾਲੀ ਦਲ ਦੇ ਸਰਪ੍ਰਸਤ ਸ. ਪ੍ਰਕਾਸ਼ ਸਿੰਘ ਬਾਦਲ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਅਤੇ ਸ਼੍ਰੋਮਣੀ ਕਮੇਟੀ ਦੇ ਸਮੁੱਚੇ ਮੈਂਬਰਾਂ ਦਾ ਧੰਨਵਾਦ ਕੀਤਾ। ਪੁੱਛੇ ਗਏ ਇਕ ਸਵਾਲ ਦੇ ਜਵਾਬ ਵਿਚ ਉਨ੍ਹਾਂ ਕਿਹਾ ਕਿ ਸਮੁੱਚੀਆਂ ਪੰਥਕ ਧਿਰਾਂ ਨੂੰ ਨਾਲ ਲੈ ਕੇ ਉਹ ਸਿੱਖ ਕੌਮ ਦੀ ਚੜ੍ਹਦੀ ਕਲਾ ਅਤੇ ਪੰਥਕ ਮਜ਼ਬੂਤੀ ਲਈ ਯਤਨ ਕਰਨਗੇ। ਉਨ੍ਹਾਂ ਕਿਹਾ ਕਿ ਕੌਮ ਨੂੰ ਦਰਪੇਸ਼ ਚੁਣੌਤੀਆਂ ਨੂੰ ਰਲ-ਮਿਲ ਕੇ ਨਜਿੱਠਿਆ ਜਾਵੇਗਾ ਅਤੇ ਧਰਮ ਪ੍ਰਚਾਰ ਦੀ ਲਹਿਰ ਨੂੰ ਹੋਰ ਪ੍ਰਚੰਡ ਕੀਤਾ ਜਾਵੇਗਾ। ਉਨ੍ਹਾਂ ਸਾਬਕਾ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਵੱਲੋਂ ਗੁਰਮਤਿ ਦੇ ਪ੍ਰਚਾਰ ਪ੍ਰਸਾਰ ਲਈ ਕੀਤੇ ਗਏ ਕਾਰਜਾਂ ਦੀ ਪ੍ਰਸ਼ੰਸਾ ਵੀ ਕੀਤੀ। ਇਸ ਉਪਰੰਤ ਸ. ਗੋਬਿੰਦ ਸਿੰਘ ਲੌਂਗੋਵਾਲ ਨੇ ਚੁਣੇ ਗਏ ਹੋਰ ਅਹੁਦੇਦਾਰਾਂ ਸਮੇਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਸ਼ੁਕਰਾਨਾ ਕੀਤਾ। ਉਨ੍ਹਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਅਤੇ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਗਿਆਨੀ ਗੁਰਬਚਨ ਸਿੰਘ ਨੇ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਬਖਸ਼ਿਸ਼ ਕੀਤੇ।

ਜਨਰਲ ਹਾਊਸ ਦੌਰਾਨ ਸ਼੍ਰੋਮਣੀ ਕਮੇਟੀ ਦੇ ੧੭੦ ਮੈਂਬਰਾਂ ਨੇ ਸ਼ਮੂਲੀਅਤ ਕੀਤੀ, ਜਿਨ੍ਹਾਂ ਵਿਚ ਜਥੇਦਾਰ ਤੋਤਾ ਸਿੰਘ, ਬੀਬੀ ਜਗੀਰ ਕੌਰ, ਜਥੇਦਾਰ ਅਵਤਾਰ ਸਿੰਘ ਮੱਕੜ, ਭਾਈ ਅਮਰਜੀਤ ਸਿੰਘ ਚਾਵਲਾ, ਜਥੇਦਾਰ ਦਿਆਲ ਸਿੰਘ ਕੋਲਿਆਂਵਾਲੀ, ਸ. ਸੁਰਜੀਤ ਸਿੰਘ ਭਿੱਟੇਵਡ, ਬੀਬੀ ਕਿਰਨਜੋਤ ਕੌਰ, ਸ. ਬਲਦੇਵ ਸਿੰਘ ਕਾਇਮਪੁਰ, ਬਾਬਾ ਬੂਟਾ ਸਿੰਘ, ਸ. ਕੇਵਲ ਸਿੰਘ ਬਾਦਲ, ਸੰਤ ਬਲਬੀਰ ਸਿੰਘ ਘੁੰਨਸ, ਭਾਈ ਰਜਿੰਦਰ ਸਿੰਘ ਮਹਿਤਾ, ਬੀਬੀ ਹਰਜਿੰਦਰ ਕੌਰ ਚੰਡੀਗੜ੍ਹ, ਭਾਈ ਰਾਮ ਸਿੰਘ, ਭਾਈ ਗੁਰਚਰਨ ਸਿੰਘ ਗਰੇਵਾਲ, ਭਾਈ ਮਨਜੀਤ ਸਿੰਘ, ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਗੁਰਿੰਦਰਪਾਲ ਸਿੰਘ ਲਾਲੀ ਰਣੀਕੇ, ਸ. ਜੋਧ ਸਿੰਘ ਸਮਰਾ, ਸ. ਬਲਜੀਤ ਸਿੰਘ ਜਲਾਲਉਸਮਾਂ ਆਦਿ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ, ਸ. ਮਨਜੀਤ ਸਿੰਘ, ਸ. ਹਰਭਜਨ ਸਿੰਘ ਮਨਾਵਾਂ ਤੇ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾ ਕੋਹਨਾ, ਸ. ਬਿਜੈ ਸਿੰਘ, ਸ. ਦਿਲਜੀਤ ਸਿੰਘ ਬੇਦੀ ਤੇ ਸ. ਬਲਵਿੰਦਰ ਸਿੰਘ ਜੌੜਾ ਸਿੰਘਾ, ਮੀਤ ਸਕੱਤਰ ਮੀਡੀਆ ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਕੱਤਰ ਸਿੰਘ ਤੇ ਸ. ਜਗਜੀਤ ਸਿੰਘ ਜੱਗੀ ਸਮੇਤ ਹੋਰ ਹਾਜ਼ਰ ਸਨ। ੨੯ ਨਵੰਬਰ

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਦਰਸ਼ਨੀ ਡਿਓਢੀ ਦੀ ਕਾਰ ਸੇਵਾ ਆਰੰਭ

ਅੰਮ੍ਰਿਤਸਰ, - ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਪ੍ਰਵੇਸ਼ ਦੁਆਰ ਵਿਖੇ ਦਰਸ਼ਨੀ ਡਿਓਢੀ ਦੇ ਨਵੀਨੀਕਰਨ ਦੀ ਕਾਰ ਸੇਵਾ ਅੱਜ ਆਰੰਭ ਕਰ ਦਿੱਤੀ ਗਈ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ,

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵੱਲੋਂ ਇਸ ਦੀ ਰਸਮੀ ਸ਼ੁਰੂਆਤ ਕੀਤੀ ਗਈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਹ ਸੇਵਾ ਬਾਬਾ ਕਸ਼ਮੀਰ ਸਿੰਘ ਕਾਰ ਸੇਵਾ ਭੂਰੀ ਵਾਲਿਆਂ ਨੂੰ ਦਿੱਤੀ ਗਈ ਹੈ। ਕਾਰ ਸੇਵਾ ਆਰੰਭ ਕਰਨ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸ੍ਰੀ ਅਨੰਦ ਸਾਹਿਬ ਦੇ ਪਾਠ ਉਪਰੰਤ ਅਰਦਾਸ ਕੀਤੀ। ਇਸ ਮੌਕੇ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਨੇ ਕਿਹਾ ਕਿ ਗੁਰੂ ਸਾਹਿਬ ਦੀ ਅਪਾਰ ਬਖ਼ਸ਼ਿਸ਼ ਸਦਕਾ ਉਨ੍ਹਾਂ ਨੂੰ ਇਹ ਸੇਵਾ ਮਿਲੀ ਹੈ, ਜਿਸ ਨੂੰ ਉਹ ਸੰਗਤਾਂ ਦੇ ਸਹਿਯੋਗ ਨਾਲ ਜਲਦੀ ਹੀ ਸੰਪੰਨ ਕਰਨਗੇ। ਉਨ੍ਹਾਂ ਕਿਹਾ ਕਿ ਇਸ ਸੇਵਾ ਸਮੇਂ ਮਾਹਿਰਾਂ ਦੀ ਮਦਦ ਲਈ ਜਾਵੇਗੀ।

ਇਸ ਮੌਕੇ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਭਿੱਟੇਵਡ ਤੇ ਭਾਈ ਰਾਮ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ, ਸ. ਰਜਿੰਦਰ ਸਿੰਘ ਮਹਿਤਾ, ਜਥੇ: ਬਾਵਾ ਸਿੰਘ ਗੁਮਾਨਪੁਰਾ, ਸ. ਹਰਜਾਪ ਸਿੰਘ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਅਜਾਇਬ ਸਿੰਘ ਅਭਿਆਸੀ ਮੈਂਬਰ ਧਰਮ ਪ੍ਰਚਾਰ ਕਮੇਟੀ, ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ, ਸ. ਮਨਜੀਤ ਸਿੰਘ, ਸ. ਹਰਭਜਨ ਸਿੰਘ ਮਨਾਵਾਂ, ਸ. ਮਹਿੰਦਰ ਸਿੰਘ ਆਹਲੀ, ਬਾਬਾ ਹਰਭਜਨ ਸਿੰਘ ਭਲਵਾਨ, ਬਾਬਾ ਸੋਹਣ ਸਿੰਘ ਬੀੜ ਸਾਹਿਬ ਵਾਲੇ, ਸੰਤ ਜਸਪਾਲ ਸਿੰਘ ਨਿਰਮਲ ਕੁਟੀਆ ਜੋਹਲਾਂ, ਬਾਬਾ ਗੁਰਪਿੰਦਰ ਸਿੰਘ ਸਤਲਾਣੀ ਸਾਹਿਬ ਵਾਲੇ, ਬਾਬਾ ਪ੍ਰੇਮ ਸਿੰਘ, ਮਹੰਤ ਗੋਪਾਲ ਸਿੰਘ ਕੁਠਾਰੀ, ਬਾਬਾ ਅਵਤਾਰ ਸਿੰਘ ਧੱਤਲ, ਬਾਬਾ ਗੁਰਨਾਮ ਸਿੰਘ, ਬਾਬਾ ਮੇਜਰ ਸਿੰਘ ਵਾਂ,ਸੰਤ ਬਾਬਾ ਗੁਰਦੇਵ ਸਿੰਘ ਕੂਲੀ ਵਾਲੇ, ਭਾਈ ਅਮਰੀਕ ਸਿੰਘ, ਬਾਬਾ ਨਾਹਰ ਸਿੰਘ ਆਦਿ ਹਾਜ਼ਰ ਸਨ।

# ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਨਾਲ ਪ੍ਰਬੰਧਾਂ ਸਬੰਧੀ ਕੀਤੀ ਇਕੱਤਰਤਾ

## ਪਹਿਲੀ ਵਾਰ ਦਫਤਰ ਪੁੱਜਣ ’ਤੇ ਅਧਿਕਾਰੀਆਂ ਨੇ ਕੀਤਾ ਸਵਾਗਤ

ਅੰਮ੍ਰਿਤਸਰ, -ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਧਾਨ ਬਣਨ ਤੋਂ ਬਾਅਦ ਅੱਜ ਪਹਿਲੀ ਵਾਰ ਸ਼੍ਰੋਮਣੀ ਕਮੇਟੀ ਦੇ ਮੁੱਖ ਦਫਤਰ ਵਿਖੇ ਪਹੁੰਚਣ 'ਤੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਦਾ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਨੇ ਜ਼ੋਰਦਾਰ ਸਵਾਗਤ ਕੀਤਾ। ਇਸ ਤੋਂ ਪਹਿਲਾਂ ਉਨ੍ਹਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਸ਼ੁਕਰਾਨਾ ਕੀਤਾ ਤੇ ਅਸੀਸ ਪ੍ਰਾਪਤ ਕੀਤੀ।

ਇਸੇ ਦੌਰਾਨ ਭਾਈ ਲੌਂਗੋਵਾਲ ਨੇ ਸ਼੍ਰੋਮਣੀ ਕਮੇਟੀ ਮੁੱਖ ਦਫਤਰ ਦੇ ਇਕੱਤਰਤਾ ਘਰ ਵਿਖੇ ਅਧਿਕਾਰੀਆਂ ਨਾਲ ਮੀਟਿੰਗ ਕਰ ਕੇ ਪ੍ਰਬੰਧਕੀ ਕਾਰਜਾਂ ਸਬੰਧੀ ਜਾਣਕਾਰੀ ਪ੍ਰਾਪਤ ਕੀਤੀ। ਇਸ ਮੌਕੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਜਿੱਥੇ ਉਨ੍ਹਾਂ ਦੀ ਵੱਖ-ਵੱਖ ਅਧਿਕਾਰੀਆਂ ਨਾਲ ਜਾਣ ਪਛਾਣ ਕਰਵਾਈ ਉਥੇ ਹੀ ਪ੍ਰਬੰਧਕੀ ਸੇਵਾਵਾਂ ਲਈ ਵਿਸ਼ਵਾਸ ਦਿਵਾਇਆ। ਇਕੱਤਰਤਾ ਮੌਕੇ ਭਾਈ ਲੋਂਗੋਵਾਲ ਨੇ ਅਧਿਕਾਰੀਆਂ ਨੂੰ ਸੰਬੋਧਤ ਹੁੰਦਿਆਂ ਆਪਸੀ ਸਹਿਯੋਗ ਨਾਲ ਸੇਵਾ ਨਿਭਾਉਣ ਦੀ ਪ੍ਰੇਰਨਾ ਕੀਤੀ ਅਤੇ ਸਮਰਪਣ ਭਾਵਨਾ ਅਨੁਸਾਰ ਕੰਮ ਕਰਨ ਨੂੰ ਤਰਜੀਹੀ ਤੌਰ 'ਤੇ ਅਪਣਾਉਣ ਲਈ ਕਿਹਾ। ਉਨ੍ਹਾਂ ਨੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਪ੍ਰਕਾਸ਼ ਪੁਰਬ ਮਨਾਉਣ ਅਤੇ ਗੁਰੂ ਸਾਹਿਬ ਦੇ ਵੱਡੇ ਤੇ ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜਿਆਂ ਸਮੇਂ ਪੁੱਜਣ ਵਾਲੀਆਂ ਸੰਗਤਾਂ ਦੇ ਪ੍ਰਬੰਧਾਂ ਲਈ ਮੁਲਾਜ਼ਮਾਂ ਦੀਆਂ ਡਿਊਟੀਆਂ ਲਗਾਉਣ ਦੇ ਆਦੇਸ਼ ਕੀਤੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ ਨੇ ਵੀ ਅਧਿਕਾਰੀਆਂ ਨੂੰ ਆਪਸੀ ਤਾਲਮੇਲ ਨਾਲ ਪ੍ਰਬੰਧਕੀ ਸੇਵਾਵਾਂ ਨਿਭਾਉਣ ਲਈ ਪ੍ਰੇਰਨਾ ਕੀਤੀ।

*(ਬਾਕੀ ਪੰਨਾ ੫੧ 'ਤੇ)*



ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਹਾਇਕ ਬਣੇ ਸ. ਜਗਜੀਤ ਸਿੰਘ ਜੱਗੀ ਨੂੰ ਨਵੀਂ ਜ਼ਿੰਮੇਵਾਰੀ ਸੌਂਪਦੇ ਹੋਏ ਜਥੇਦਾਰ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਕਮੇਟੀ, ਸ਼੍ਰੋਮਣੀ ਕਮੇਟੀ ਮੈਂਬਰਾਨ ਅਤੇ ਅਧਿਕਾਰੀ।



ਸ. ਦਿਲਜੀਤ ਸਿੰਘ ਬੇਦੀ, ਐਡੀ. ਸਕੱਤਰ ਵੱਲੋਂ ਸੰਪਾਦਿਤ ਪੁਸਤਕ 'ਦਸਮ ਪਾਤਸ਼ਾਹ ਦਾ ਵਿਸ਼ਵ ਦ੍ਰਿਸ਼ਟੀਕੋਣ' ਲੋਕ ਅਰਪਣ ਕਰਦੇ ਹੋਏ ਸ਼੍ਰੋਮਣੀ ਕਮੇਟੀ ਪ੍ਰਧਾਨ ਜਥੇਦਾਰ ਗੋਬਿੰਦ ਸਿੰਘ ਲੌਂਗੋਵਾਲ, ਉਨ੍ਹਾਂ ਨਾਲ ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਭਾਈ ਰਜਿੰਦਰ ਸਿੰਘ ਮਹਿਤਾ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ ਅਤੇ ਹੋਰ।



ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਨਤਮਸਤਕ ਹੋਣ ਤੇ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਪ੍ਰਾਪਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰ ਸਾਹਿਬਾਨ ਤੇ ਅੰਤ੍ਰਿਗ ਕਮੇਟੀ ਮੈਂਬਰ।



ਬੇਬੇ ਨਾਨਕੀ ਜੀ ਨਿਵਾਸ ਤੇ ਕਵਰ ਪਾਰਕਿੰਗ ਦੇ ਨੀਂਹ ਪੱਥਰ ਤੋਂ ਪਰਦਾ ਹਟਾਉਂਦੇ ਹੋਏ ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਕਮੇਟੀ, ਸ. ਗੁਰਬਚਨ ਸਿੰਘ ਕਰਮੂੰਵਾਲਾ, ਬੀਬੀ ਗੁਰਪ੍ਰੀਤ ਕੌਰ, ਸ. ਗੁਰਮੀਤ ਸਿੰਘ ਬੂਹ, ਡਾ. ਰੂਪ ਸਿੰਘ ਮੁੱਖ ਸਕੱਤਰ ਅਤੇ ਹੋਰ।



ਦੇਸ਼ ਦੇ ਰਾਸ਼ਟਰਪਤੀ ਸ੍ਰੀ ਰਾਮਨਾਥ ਕੋਵਿੰਦ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਸਮੇਂ ਪ੍ਰਸ਼ਾਦ ਰੂਪੀ ਸਿਰੋਪਾਓ ਅਤੇ ਫੁੱਲ ਬਖਸ਼ਿਸ਼ ਕਰਦੇ ਹੋਏ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਮੁੱਖ ਗ੍ਰੰਥੀ।



ਸੁਲਤਾਨਪੁਰ ਲੋਧੀ ਵਿਖੇ ਬੇਬੇ ਨਾਨਕੀ ਜੀ ਨਿਵਾਸ ਤੇ ਕਾਰ ਪਾਰਕਿੰਗ ਦਾ ਟੱਕ ਲਗਾ ਕੇ ਕਾਰ ਸੇਵਾ ਦੀ ਸ਼ੁਰੂਆਤ ਕਰਦੇ ਹੋਏ ਬਾਬਾ ਬਲਵੰਤ ਸਿੰਘ, ਬਾਬਾ ਮਹਿੰਦਰ ਸਿੰਘ, ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਕਮੇਟੀ, ਸ. ਗੁਰਬਚਨ ਸਿੰਘ ਕਰਮੂੰਵਾਲਾ ਤੇ ਹੋਰ।



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਥਾਪਨਾ ਦਿਵਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ
ਜਥੇਦਾਰ ਗਿਆਨੀ ਗੁਰਬਚਨ ਸਿੰਘ, ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਤੇ ਡਾ. ਰੂਪ ਸਿੰਘ ਮੁੱਖ ਸਕੱਤਰ।



ਸ. ਗੁਲਜ਼ਾਰ ਸਿੰਘ ਰਣੀਕੇ ਦੀ ਅਗਵਾਈ ਹੇਠ ਹਲਕਾ ਅਟਾਰੀ ਦੀਆਂ ਸੰਗਤਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ
ਸ੍ਰੀ ਗੁਰੂ ਰਾਮਦਾਸ ਜੀ ਲੰਗਰ ਘਰ ਵਿਚ ਸੇਵਾ ਕਰਦੀਆਂ ਹੋਈਆਂ।



ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨੂੰ ਸਮਰਪਿਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਏ ਗਏ ਨਗਰ ਕੀਰਤਨ ਦਾ ਅਲੌਕਿਕ ਦ੍ਰਿਸ਼।



ਗਿਆਨੀ ਗੁਰਬਖਸ਼ ਸਿੰਘ ਗੁਲਸ਼ਨ ਦੀ ਪੁਸਤਕ 'ਜ਼ਫ਼ਰਨਾਮਹ-ਅਰਥ ਤੇ ਵਿਆਖਿਆ' ਜਾਰੀ ਕਰਦੇ ਹੋਏ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ,ਗਿਆਨੀ ਰਘਬੀਰ ਸਿੰਘ, ਗਿਆਨੀ ਇਕਬਾਲ ਸਿੰਘ, ਬਾਬਾ ਬਲਬੀਰ ਸਿੰਘ ਮੁੱਖੀ ਬੁੱਢਾ ਦਲ, ਬੀਬੀ ਕਿਰਨਜੋਤ ਕੌਰ, ਡਾ, ਰੂਪ ਸਿੰਘ, ਸ. ਦਿਲਜੀਤ ਸਿੰਘ ਬੇਦੀ ਤੇ ਹੋਰ।



ਲੰਡਨ ਦੇ ਮੇਅਰ ਸ੍ਰੀ ਸਾਦਿਕ ਖਾਨ ਨੂੰ ਸੂਚਨਾ ਕੇਂਦਰ ਸ੍ਰੀ ਦਰਬਾਰ ਸਾਹਿਬ ਵਿਖੇ ਸਨਮਾਨਿਤ ਕਰਦੇ ਹੋਏ
ਅੰਤ੍ਰਿੰਗ ਮੈਂਬਰ ਐਡਵੋਕੇਟ ਸ. ਭਗਵੰਤ ਸਿੰਘ ਸਿਆਲਕਾ, ਮੁੱਖ ਸਕੱਤਰ ਡਾ. ਰੂਪ ਸਿੰਘ, ਸ. ਜਗਜੀਤ ਸਿੰਘ, ਸ. ਸੁਲੱਖਣ ਸਿੰਘ ਭੰਗਾਲੀ ਅਤੇ ਹੋਰ।



ਕੇਂਦਰੀ ਸਿੱਖ ਅਜਾਇਬ ਘਰ ਵਿਖੇ ਚਾਰ ਸ਼ਖ਼ਸੀਅਤਾਂ ਦੀਆਂ ਤਸਵੀਰਾਂ ਲਗਾਉਣ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ,
ਸ਼੍ਰੋਮਣੀ ਕਮੇਟੀ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਗਿਆਨੀ ਜਗਤਾਰ ਸਿੰਘ, ਗਿਆਨੀ ਮਾਨ ਸਿੰਘ, ਭਾਈ ਅਮਰਜੀਤ ਸਿੰਘ ਚਾਵਲਾ,
ਜਥੇਦਾਰ ਤੋਤਾ ਸਿੰਘ, ਭਾਈ ਗੁਰਚਰਨ ਸਿੰਘ ਗਰੇਵਾਲ, ਭਾਈ ਰਾਮ ਸਿੰਘ, ਸ. ਸੁਰਜੀਤ ਸਿੰਘ ਭਿੱਟੇਵਡ ਅਤੇ ਹੋਰ।



'ਵਰਲਡ ਬੁੱਕ ਆਫ ਰੀਕਾਰਡਜ਼', ਲੰਡਨ (ਯੂ.ਕੇ.) ਤੋਂ ਆਏ ਬੀਬੀ ਸੁਰਭੀ ਕੌਲ ਤੇ ਸ. ਰਨਦੀਪ ਸਿੰਘ ਕੋਹਲੀ ਨੂੰ ਸਨਮਾਨਿਤ ਕਰਦੇ ਹੋਏ ਅੰਤ੍ਰਿੰਗ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਭਿੱਟੇਵਡ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਸਾਹਿਬਾਨ ਅਤੇ ਹੋਰ



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤ ਦੇ ਠਹਿਰਾਉ ਲਈ ਸਰਾਵਾਂ ਦੇ ਰੰਗ-ਰੋਗਨ ਦੀ ਰਸਮੀ ਸ਼ੁਰੂਆਤ ਕਰਦੇ ਹੋਏ ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ, ਭਾਈ ਰਾਮ ਸਿੰਘ, ਸ. ਸੁਰਜੀਤ ਸਿੰਘ ਭਿੱਟੇਵਡ, ਡਾ. ਰੂਪ ਸਿੰਘ ਅਤੇ ਹੋਰ।




ਸ਼੍ਰੋਮਣੀ ਕਮੇਟੀ ਦੇ ਸੇਵਾ-ਮੁਕਤ ਹੋਏ ਸੁਪਰਵਾਈਜ਼ਰ ਸ. ਜਗੀਰ ਸਿੰਘ, ਸਹਾਇਕ ਇੰਚਾਰਜ ਗੱਡੀਆਂ ਸ. ਗੁਰਵੇਲ ਸਿੰਘ ਅਤੇ ਸੇਵਾਦਾਰ ਸ. ਗੁਰਮੁੱਖ ਸਿੰਘ ਨੂੰ ਵਿਦਾਇਗੀ ਦਿੰਦੇ ਹੋਏ ਸ਼੍ਰੋਮਣੀ ਕਮੇਟੀ ਅਧਿਕਾਰੀ ਅਤੇ ਕਰਮਚਾਰੀ।

(ਪੰਨਾ ੪੨ ਦਾ ਬਾਕੀ)

ਇਸ ਮੌਕੇ ਹੋਰਨਾਂ ਤੋਂ ਇਲਾਵਾ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਕਮੇਟੀ ਮੈਂਬਰ ਬਾਬਾ ਗੁਰਮੀਤ ਸਿੰਘ ਤਰਲੋਕੇਵਾਲਾ ਅਤੇ ਸ. ਗੁਰਮੀਤ ਸਿੰਘ ਬੂਹ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ, ਸ. ਮਨਜੀਤ ਸਿੰਘ, ਸ. ਹਰਭਜਨ ਸਿੰਘ ਮਨਾਵਾਂ, ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਸੁਖਦੇਵ ਸਿੰਘ ਭੂਰਾ ਕੋਹਨਾ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਕੇਵਲ ਸਿੰਘ ਭੂਰਾ ਕੋਹਨਾ, ਸ. ਬਿਜੈ ਸਿੰਘ, ਸ. ਸੁਲੱਖਣ ਸਿੰਘ ਮੈਨੇਜਰ ਸ੍ਰੀ ਦਰਬਾਰ ਸਾਹਿਬ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਜਗਜੀਤ ਸਿੰਘ ਜੱਗੀ, ਸ. ਸਕੱਤਰ ਸਿੰਘ, ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਸਤਿੰਦਰ ਸਿੰਘ, ਸ. ਮਹਿੰਦਰ ਸਿੰਘ, ਸ. ਚਾਨਣ ਸਿੰਘ, ਸ. ਹਰਿੰਦਰਪਾਲ ਸਿੰਘ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਮਲਕੀਤ ਸਿੰਘ ਬਹਿੜਵਾਲ ਸਹਾਇਕ ਸੁਪ੍ਰਿੰਟੈਂਡੈਂਟ ਆਦਿ ਹਾਜ਼ਰ ਸਨ। ੦੫ ਦਸੰਬਰ

# ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ 'ਦਸਮ ਪਾਤਸ਼ਾਹ ਦਾ ਵਿਸ਼ਵ ਦ੍ਰਿਸ਼ਟੀਕੋਣ' ਲੋਕ ਅਰਪਣ ਕੀਤੀ

ਅੰਮ੍ਰਿਤਸਰ, -ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸਿੱਖ ਇਤਿਹਾਸ ਰੀਸਰਚ ਬੋਰਡ ਵੱਲੋਂ ਪ੍ਰਕਾਸ਼ਤ ਅਤੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਦੁਆਰਾ ਸੰਪਾਦਤ ਪੁਸਤਕ 'ਦਸਮ ਪਾਤਸ਼ਾਹ ਦਾ ਵਿਸ਼ਵ ਦ੍ਰਿਸ਼ਟੀਕੋਣ' ਲੋਕ ਅਰਪਣ ਕੀਤੀ। ਇਸ ਮੌਕੇ ਉਨ੍ਹਾਂ ਨੇ ਸ. ਦਿਲਜੀਤ ਸਿੰਘ ਬੇਦੀ ਨੂੰ ਪੁਸਤਕ ਦੀ ਸੰਪਾਦਨਾ ਲਈ ਮੁਬਾਰਕਬਾਦ ਦਿੰਦਿਆਂ ਆਸ ਪ੍ਰਗਟ ਕੀਤੀ ਕਿ ਇਸ ਪੁਸਤਕ ਤੋਂ ਸੰਗਤਾਂ ਅਤੇ ਖੋਜਕਾਰ ਭਰਪੂਰ ਲਾਹਾ ਪ੍ਰਾਪਤ ਕਰਨਗੇ।

ਇਸ ਮੌਕੇ ਪੁਸਤਕ ਦੇ ਸੰਪਾਦਕ ਸ. ਦਿਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਪੁਸਤਕ ਵਿਚ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਦਰਸ਼ਨ ਨਾਲ ਸਬੰਧਤ ੫੦ ਦੇ ਲਗਭਗ ਵੱਖ-ਵੱਖ ਪ੍ਰਸਿੱਧ ਲੇਖਕਾਂ ਦੇ ਖੋਜ ਭਰਪੂਰ ਲੇਖ ਸ਼ਾਮਲ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਪੁਸਤਕ ਅੰਦਰ ਦਸਮ ਗੁਰੂ ਸਾਹਿਬ ਦੇ ਜੀਵਨ, ਉਨ੍ਹਾਂ ਦੀ ਘਾਲਣਾ ਅਤੇ ਉਨ੍ਹਾਂ ਦੀ ਵਿਚਾਰਧਾਰਾ ਨੂੰ ਉਭਾਰਿਆ ਗਿਆ ਹੈ। ਪੁਸਤਕ ਵਿਚ ਸ਼ਾਮਲ ਲੇਖਾਂ ਦੇ ਲੇਖਕਾਂ ਬਾਰੇ ਸ. ਬੇਦੀ ਨੇ ਦੱਸਿਆ ਕਿ ਜਿੱਥੇ ਇਸ ਵਿਚ ਸਾਬਕਾ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਸਮੇਤ ਡਾ. ਧਰਮ ਸਿੰਘ, ਡਾ. ਹਰਚੰਦ ਸਿੰਘ ਬੇਦੀ, ਡਾ. ਗੁਰਬੀਰ ਸਿੰਘ, ਪ੍ਰੋ: ਪ੍ਰਭਜੋਤ ਕੌਰ, ਡਾ. ਗੁਰਤੇਜ ਸਿੰਘ ਠੀਕਰੀਵਾਲਾ, ਡਾ. ਬਲਵਿੰਦਰ ਸਿੰਘ ਥਿੰਦ, ਡਾ. ਸਤਿੰਦਰਪਾਲ ਸਿੰਘ, ਡਾ. ਗੁਲਜਾਰ ਸਿੰਘ ਕੰਗ, ਡਾ. ਜੋਗੇਸ਼ਵਰ ਸਿੰਘ, ਡਾ. ਅਮਰਜੀਤ ਸਿੰਘ, ਡਾ. ਤਜਿੰਦਰਪਾਲ ਸਿੰਘ, ਡਾ. ਪਰਮਵੀਰ ਸਿੰਘ, ਡਾ. ਮਨਵਿੰਦਰ ਸਿੰਘ, ਡਾ. ਜਸਬੀਰ ਸਿੰਘ ਸਰਨਾ ਆਦਿ ਦੇ ਮੌਲਕ ਲੇਖ ਦਿੱਤੇ ਗਏ ਹਨ, ਉਥੇ ਹੀ ਕੁਝ ਬਹੁਤ ਹੀ ਬਿਹਤਰੀਨ ਅਤੇ ਖੋਜ ਭਰਪੂਰ ਪੁਰਾਤਨ ਲੇਖਾਂ ਨੂੰ ਵੀ ਥਾਂ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਕੁੱਲ ਮਿਲਾ ਕੇ ਪੁਸਤਕ ਅੰਦਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਨਾਲ ਸਬੰਧਤ ਹਰ ਪੱਖ ਨੂੰ ਉਭਾਰਨ ਦਾ ਯਤਨ ਕੀਤਾ ਗਿਆ ਹੈ।

ਇਸ ਮੌਕੇ ਹੋਰਨਾ ਤੋਂ ਇਲਾਵਾ ਅੰਤ੍ਰਿੰਗ ਕਮੇਟੀ ਮੈਂਬਰ ਬਾਬਾ ਗੁਰਮੀਤ ਸਿੰਘ ਤਰਲੋਕੇਵਾਲਾ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ, ਵਧੀਕ ਸਕੱਤਰ ਸ. ਬਿਜੈ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਹਾਇਕ ਸ. ਜਗਜੀਤ ਸਿੰਘ ਜੱਗੀ, ਪ੍ਰੋ: ਸੁਖਦੇਵ ਸਿੰਘ, ਸ. ਕਿਰਪਾਲ ਸਿੰਘ ਸਕਾਲਰ, ਸ. ਰਵੇਲ ਸਿੰਘ ਚੇਅਰਮੈਨ, ਸ. ਗੁਰਦਰਸ਼ਨ ਸਿੰਘ ਸਾਬਕਾ ਐਡੀਸ਼ਨਲ ਸਕੱਤਰ ਆਦਿ ਹਾਜ਼ਰ ਸਨ। ੦੫ ਦਸੰਬਰ

# ਸ. ਜਗਜੀਤ ਸਿੰਘ ਜੱਗੀ ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਹਾਇਕ ਬਣੇ

ਅੰਮ੍ਰਿਤਸਰ, – ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿੱਜੀ ਸਹਾਇਕ

ਵਜੋਂ ਮੀਤ ਸਕੱਤਰ ਸ. ਜਗਜੀਤ ਸਿੰਘ ਜੱਗੀ ਸੇਵਾ ਨਿਭਾਉਣਗੇ। ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਅੱਜ ਮੁੱਖ ਦਫਤਰ ਪਹੁੰਚੇ ਭਾਈ ਲੌਂਗੋਵਾਲ ਨੇ ਸੌਂਪੀ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਜਿੱਥੇ ਸ. ਜਗਜੀਤ ਸਿੰਘ ਨੂੰ ਉਨ੍ਹਾਂ ਦੀ ਨਵੀਂ ਜ਼ਿੰਮੇਵਾਰੀ ਦੀ ਕੁਰਸੀ 'ਤੇ ਬਿਠਾਇਆ ਉਥੇ ਹੀ ਉਨ੍ਹਾਂ ਨੂੰ ਭਵਿੱਖ ਵਿਚ ਸੰਸਥਾ ਦੀ ਬੇਹਤਰੀ ਲਈ ਸੇਵਾਵਾਂ ਨਿਭਾਉਣ ਲਈ ਸ਼ੁੱਭ ਕਾਮਨਾਵਾਂ ਵੀ ਭੇਟ ਕੀਤੀਆਂ। ਇਸ ਮੌਕੇ ਨਿੱਜੀ ਸਹਾਇਕ ਬਣੇ ਸ. ਜਗਜੀਤ ਸਿੰਘ ਜੱਗੀ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਇਸ ਜਿੰਮੇਵਾਰੀ ਨੂੰ ਤਨਦੇਹੀ ਅਤੇ ਸਪਰਪਣ ਭਾਵਨਾ ਨਾਲ ਨਿਭਾਉਣਗੇ। ਦੱਸਣਾ ਬਣਦਾ ਹੈ ਕਿ ਸ. ਜਗਜੀਤ ਸਿੰਘ ਜੱਗੀ ਇਸ ਤੋਂ ਪਹਿਲਾਂ ਧਰਮ ਪ੍ਰਚਾਰ ਕਮੇਟੀ ਵਿਖੇ ਬਤੌਰ ਮੀਤ ਸਕੱਤਰ ਸੇਵਾ ਨਿਭਾਅ ਰਹੇ ਸਨ। ੧੯੮੨ ਵਿਚ ਭਰਤੀ ਹੋਏ ਸ. ਜਗਜੀਤ ਸਿੰਘ ਨੇ ਆਪਣੀ ਲੰਮੀ ਸੇਵਾ ਦੌਰਾਨ ਵੱਖ-ਵੱਖ ਜ਼ਿੰਮੇਵਾਰ ਪਦਵੀਆਂ 'ਤੇ ਰਹਿੰਦਿਆਂ ਸੰਸਥਾ ਲਈ ਕੰਮ ਕੀਤਾ ਹੈ।

ਇਸ ਮੌਕੇ ਹੋਰਨਾ ਤੋਂ ਇਲਾਵਾ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਕਮੇਟੀ ਮੈਂਬਰ ਬਾਬਾ ਗੁਰਮੀਤ ਸਿੰਘ ਤਰਲੋਕੇਵਾਲਾ, ਸ. ਗੁਰਮੀਤ ਸਿੰਘ ਬੂਹ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਮਨਜੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ, ਸ. ਮਨਜੀਤ ਸਿੰਘ, ਸ. ਹਰਭਜਨ ਸਿੰਘ ਮਨਾਵਾਂ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾ ਕੋਹਨਾ, ਸ. ਬਿਜੈ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਸੁਲੱਖਣ ਸਿੰਘ ਮੈਨੇਜਰ ਸ੍ਰੀ ਦਰਬਾਰ ਸਾਹਿਬ, ਸ. ਮਲਕੀਤ ਸਿੰਘ ਬਹਿੜਵਾਲ ਸਹਾਇਕ ਸੁਪ੍ਰਿੰਟੈਂਡੈਂਟ, ਸ. ਰਵੇਲ ਸਿੰਘ ਚੇਅਰਮੈਨ, ਸ. ਗੁਰਦਰਸ਼ਨ ਸਿੰਘ ਸਾਬਕਾ ਐਡੀਸ਼ਨਲ ਸਕੱਤਰ ਆਦਿ ਹਾਜ਼ਰ ਸਨ। ੫ ਦਸੰਬਰ

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਭਾਰਤ ਦੇ ਰਾਸ਼ਟਰਪਤੀ ਸ੍ਰੀ ਰਾਮਨਾਥ ਕੋਵਿੰਦ ਨਤਮਸਤਕ ਹੋਏ

ਅੰਮ੍ਰਿਤਸਰ -ਭਾਰਤ ਦੇ ਰਾਸ਼ਟਰਪਤੀ ਸ੍ਰੀ ਰਾਮਨਾਥ ਕੋਵਿੰਦ ਨੇ ਅੱਜ ਰੂਹਾਨੀਅਤ ਦੇ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਆਪਣੀ ਸ਼ਰਧਾ ਭਾਵਨਾ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਰਾਜਪਾਲ ਸ੍ਰੀ ਵੀ.ਪੀ. ਸਿੰਘ ਬਦਨੌਰ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰ ਵੀ ਉਨ੍ਹਾਂ ਦੇ ਨਾਲ ਸਨ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪਹੁੰਚਣ 'ਤੇ ਸ੍ਰੀ ਰਾਮਨਾਥ ਕੋਵਿੰਦ ਦਾ ਘੰਟਾ ਘਰ ਦੇ ਬਾਹਰ ਪਲਾਜ਼ਾ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ, ਕੇਂਦਰੀ ਮੰਤਰੀ ਬੀਬੀ ਹਰਸਿਮਰਤ ਕੌਰ ਬਾਦਲ, ਜਨਰਲ ਸਕੱਤਰ ਭਾਈ ਅਮਰਜੀਤ ਸਿੰਘ ਚਾਵਲਾ ਸਮੇਤ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰਾਂ ਅਤੇ ਅਧਿਕਾਰੀਆਂ ਨੇ ਫੁੱਲਾਂ ਦੇ ਗੁਲਦਸਤੇ ਦੇ ਕੇ ਸਵਾਗਤ ਕੀਤਾ। ਇਸ ਤੋਂ ਬਾਅਦ ਉਹ ਸ੍ਰੀ ਗੁਰੂ ਰਾਮਦਾਸ ਲੰਗਰ ਘਰ ਵਿਖੇ ਗਏ ਅਤੇ ਪੰਗਤ ਵਿਚ ਬੈਠ ਕੇ ਪ੍ਰਸ਼ਾਦਾ ਛਕਿਆ। ਪ੍ਰਕਰਮਾਂ ਕਰਦਿਆਂ ਸ੍ਰੀ ਰਾਮਨਾਥ ਕੋਵਿੰਦ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਇਥੇ ਸਥਿਤ ਹੋਰ ਅਸਥਾਨਾਂ ਸਬੰਧੀ ਰੁਚੀ ਪੂਰਵਕ ਜਾਣਕਾਰੀ ਪ੍ਰਾਪਤ ਕੀਤੀ। ਉਨ੍ਹਾਂ ਨੇ ਕੜਾਹ ਪ੍ਰਸ਼ਾਦਿ ਦੀ ਦੇਗ ਵੀ ਕਰਵਾਈ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਸਮੇਂ ਰਾਸ਼ਟਰਪਤੀ ਸ੍ਰੀ ਰਾਮਨਾਥ ਕੋਵਿੰਦ, ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਅਤੇ ਗਵਰਨਰ ਸ੍ਰੀ ਵੀ.ਪੀ. ਸਿੰਘ ਬਦਨੌਰ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਪ੍ਰਸ਼ਾਦ ਰੂਪ ਵਿਚ ਸਿਰੋਪਾਓ ਅਤੇ ਫੁੱਲਾਂ ਦਾ ਹਾਰ ਬਖਸ਼ਿਸ਼ ਕੀਤਾ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਸ੍ਰੀ ਦਰਬਾਰ ਸਾਹਿਬ ਦੇ ਨਵੇਂ ਬਣੇ ਸੂਚਨਾ ਕੇਂਦਰ ਵਿਖੇ ਰਾਸ਼ਟਰਪਤੀ ਸ੍ਰੀ ਰਾਮਨਾਥ ਕੋਵਿੰਦ, ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਅਤੇ ਰਾਜਪਾਲ ਸ੍ਰੀ ਵੀ.ਪੀ. ਸਿੰਘ ਬਦਨੌਰ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ, ਲੋਈ/ਸ਼ਾਲ ਅਤੇ ਧਾਰਮਿਕ ਪੁਸਤਕਾਂ ਦਾ ਸੈੱਟ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸ੍ਰੀ ਰਾਮਨਾਥ ਕੋਵਿੰਦ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਵਿਜ਼ਟਰ ਬੁੱਕ ਵਿਚ ਆਪਣੇ ਅਨੁਭਵ ਦਰਜ ਕਰਦਿਆਂ ਲਿਖਿਆ ਕਿ ਮੈਨੂੰ ਇਥੇ ਨਤਮਸਤਕ ਹੋਣ 'ਤੇ ਸੰਗਤ, ਪੰਗਤ ਅਤੇ ਲੰਗਰ ਵਿਚ ਸਾਰੇ ਭੇਦ-ਭਾਵ ਮਿਟਾਉਣ ਦੀ ਸ਼ਕਤੀ ਦਾ ਅਨੁਭਵ ਹੋਇਆ ਹੈ। ਇਥੇ ਸ਼ਰਧਾਲੂਆਂ ਅੰਦਰ ਸਰਬੱਤ ਦੇ ਭਲੇ ਲਈ ਸਮਰਪਣ ਭਾਵਨਾ ਦੇਖ ਕੇ ਮਨੁੱਖਤਾਵਾਦੀ ਸੇਵਾ ਦਾ ਮਾਣ ਮਹਿਸੂਸ ਹੋਇਆ ਹੈ। ਉਨ੍ਹਾਂ

ਲਿਖਿਆ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼ਰਧਾ ਨਾਲ ਮੱਥਾ ਟੇਕ ਕੇ ਉਨ੍ਹਾਂ ਨੂੰ ਜੋ ਅਨੁਭਵ ਹੋਇਆ ਉਸ ਨੂੰ ਪਰਮਾਤਮਾ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਸ਼ੀਰਵਾਦ ਵਜੋਂ ਮਹਿਸੂਸ ਕਰਦੇ ਹਨ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਅਮਰਜੀਤ ਸਿੰਘ ਚਾਵਲਾ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਭਿੱਟੇਵਡ, ਭਾਈ ਰਾਮ ਸਿੰਘ ਤੇ ਸ. ਜੈਪਾਲ ਸਿੰਘ ਮੰਡੀਆਂ, ਮੈਂਬਰ ਸ. ਭਗਵੰਤ ਸਿੰਘ ਸਿਆਲਕਾ, ਸ. ਰਜਿੰਦਰ ਸਿੰਘ ਮਹਿਤਾ, ਭਾਈ ਮਨਜੀਤ ਸਿੰਘ, ਸ. ਦਿਆਲ ਸਿੰਘ ਕੋਲਿਆਂਵਾਲੀ, ਸ. ਅਜਾਇਬ ਸਿੰਘ ਅਭਿਆਸੀ, ਸ. ਹਰਪਾਲ ਸਿੰਘ ਜੱਲਾ ਤੇ ਸ. ਅਵਤਾਰ ਸਿੰਘ ਵਣਵਾਲਾ, ਪੰਜਾਬ ਦੇ ਕੈਬਨਿਟ ਮੰਤਰੀ ਰਾਣਾ ਗੁਰਜੀਤ ਸਿੰਘ, ਸ਼੍ਰੋਮਣੀ ਕਮੇਟੀ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ, ਸ. ਮਨਜੀਤ ਸਿੰਘ, ਸ. ਹਰਭਜਨ ਸਿੰਘ ਮਨਾਵਾਂ ਤੇ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ ਤੇ ਸ. ਬਿਜੈ ਸਿੰਘ, ਸ. ਵਿਰਸਾ ਸਿੰਘ ਵਲਟੋਹਾ, ਸ. ਹਰਮੀਤ ਸਿੰਘ, ਸ. ਗੁਰਪ੍ਰਤਾਪ ਸਿੰਘ ਟਿੱਕਾ ਆਦਿ ਹਾਜ਼ਰ ਸਨ।

੧੯ ਨਵੰਬਰ

# ਲੰਡਨ ਦੇ ਮੇਅਰ ਸ੍ਰੀ ਸਾਦਿਕ ਖਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ

## ਸੂਚਨਾ ਕੇਂਦਰ ਵਿੱਖੇ ਐਡਵੋਕੇਟ ਸਿਆਲਕਾ ਅਤੇ ਡਾ. ਰੂਪ ਸਿੰਘ ਨੇ ਕੀਤਾ ਸਨਮਾਨਿਤ

ਅੰਮ੍ਰਿਤਸਰ -ਮਾਨਵਤਾ ਲਈ ਧਾਰਮਿਕ ਸ਼ਰਧਾ ਦੇ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਅੱਜ ਲੰਡਨ ਦੇ ਮੇਅਰ ਸ੍ਰੀ ਸਾਦਿਕ ਖਾਨ ਨੇ ਨਤਮਸਤਕ ਹੋ ਕੇ ਸ਼ਰਧਾ ਭਾਵ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਦੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਣ ਸਮੇਂ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਐਡਵੋਕੇਟ ਸ. ਭਗਵੰਤ ਸਿੰਘ ਸਿਆਲਕਾ ਤੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਉਨ੍ਹਾਂ ਨੂੰ ਜੀ-ਆਇਆਂ ਆਖਿਆ। ਉਨ੍ਹਾਂ ਨੇ ਸ੍ਰੀ ਗੁਰੂ ਰਾਮਦਾਸ ਜੀ ਲੰਗਰ ਵਿਖੇ ਪ੍ਰਸ਼ਾਦਾ ਛਕਿਆ ਅਤੇ ਕੁਝ ਸਮਾਂ ਬਰਤਨ ਸਾਫ਼ ਕਰਨ ਦੀ ਸੇਵਾ ਵੀ ਕੀਤੀ। ਇਸ ਦੌਰਾਨ ਉਹ ਤਿਆਰ ਹੁੰਦਾ ਲੰਗਰ ਵੀ ਦੇਖਣ ਗਏ। ਪਰਕਰਮਾਂ ਕਰਦਿਆਂ ਮੁੱਖ ਸਕੱਤਰ ਡਾ. ਰੂਪ ਸਿੰਘ ਤੇ ਸੂਚਨਾ ਅਧਿਕਾਰੀ ਸ. ਜਸਵਿੰਦਰ ਸਿੰਘ ਜੱਸੀ ਨੇ ਮੇਅਰ ਸ੍ਰੀ ਸਾਦਿਕ ਖਾਨ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਇਥੇ ਸਥਿਤ ਹੋਰ ਅਸਥਾਨਾਂ ਦੇ ਇਤਿਹਾਸ ਬਾਰੇ ਜਾਣਕਾਰੀ ਦਿੱਤੀ। ਡਾ. ਰੂਪ ਸਿੰਘ ਨੇ ਉਨ੍ਹਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਜ਼ਦੀਕ ਡਿਓਢੀ 'ਤੇ ਜੂਨ ੧੯੮੪ ਦੌਰਾਨ ਫ਼ੌਜੀ ਹਮਲੇ ਸਮੇਂ ਲੱਗੀਆਂ ਗੋਲੀਆਂ ਦੇ ਨਿਸ਼ਾਨ ਦਿਖਾਏ ਅਤੇ ਇਸ ਦੁਖਾਂਤ ਦੇ ਸੱਚ ਬਾਰੇ ਦੱਸਿਆ। ਇਸ ਮੌਕੇ ਆਪਣੇ ਅਨੁਭਵ ਸਾਂਝੇ ਕਰਦਿਆਂ ਸ੍ਰੀ ਸਾਦਿਕ ਖਾਨ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੁਨੀਆ ਦਾ ਮਹਾਨ ਧਾਰਮਿਕ ਅਸਥਾਨ ਹੈ ਅਤੇ ਇਥੇ ਹਰ ਧਰਮ ਦੇ ਲੋਕ ਸ਼ਰਧਾ ਨਾਲ ਪੁੱਜਦੇ ਹਨ। ਉਨ੍ਹਾਂ ਕਿਹਾ ਕਿ ਇਸ ਅਸਥਾਨ ਦੇ ਦਰਸ਼ਨ ਕਰਕੇ ਉਨ੍ਹਾਂ ਨੂੰ ਮਾਨਸਿਕ ਸਕੂਨ ਪ੍ਰਾਪਤ ਹੋਇਆ ਹੈ। ਉਨ੍ਹਾਂ ਇੰਗਲੈਂਡ ਦੀ ਤਰੱਕੀ ਵਿਚ ਸਿੱਖਾਂ ਦੇ ਯੋਗਦਾਨ ਦੀ ਸਰਾਹਨਾ ਵੀ ਕੀਤੀ।

ਇਸ ਦੌਰਾਨ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਸ੍ਰੀ ਸਾਦਿਕ ਖਾਨ ਨੂੰ ਐਡਵੋਕੇਟ ਸ. ਭਗਵੰਤ ਸਿੰਘ ਸਿਆਲਕਾ, ਮੁੱਖ ਸਕੱਤਰ ਡਾ. ਰੂਪ ਸਿੰਘ, ਨਿੱਜੀ ਸਹਾਇਕ ਸ. ਜਗਜੀਤ ਸਿੰਘ ਜੱਗੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ ਨੇ ਲੋਈ, ਸਿਰੋਪਾਓ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਅੰਤ੍ਰਿੰਗ ਮੈਂਬਰ ਐਡਵੋਕੇਟ ਸ. ਭਗਵੰਤ ਸਿੰਘ ਸਿਆਲਕਾ, ਮੁੱਖ ਸਕੱਤਰ ਡਾ. ਰੂਪ ਸਿੰਘ ਦੇ ਨਾਲ ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਹਾਇਕ ਸ. ਜਗਜੀਤ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ, ਸੂਚਨਾ ਅਧਿਕਾਰੀ ਸ. ਜਸਵਿੰਦਰ ਸਿੰਘ ਜੱਸੀ, ਸ. ਹਰਪ੍ਰੀਤ ਸਿੰਘ, ਸ. ਅੰਮ੍ਰਿਤਪਾਲ ਸਿੰਘ, ਸ. ਸੁਖਬੀਰ ਸਿੰਘ ਐਡੀਸ਼ਨਲ ਮੈਨੇਜਰ ਆਦਿ ਹਾਜ਼ਰ ਸਨ। ੬ ਦਸੰਬਰ

# ਜਥੇਦਾਰ ਗੁਲਜ਼ਾਰ ਸਿੰਘ ਰਣੀਕੇ ਦੀ ਅਗਵਾਈ 'ਚ ਹਲਕਾ ਅਟਾਰੀ ਦੀਆਂ ਸੰਗਤਾਂ ਨੇ ਸ੍ਰੀ ਗੁਰੂ ਰਾਮਦਾਸ ਲੰਗਰ ਵਿਖੇ ਕੀਤੀ ਸੇਵਾ

ਅੰਮ੍ਰਿਤਸਰ -ਸਿੱਖ ਕੌਮ ਦੇ ਕੇਂਦਰੀ ਧਾਰਮਿਕ ਅਸਥਾਨ ਅਤੇ ਸਮੁੱਚੀ ਮਨੁੱਖਤਾ ਦੇ ਅਧਿਆਤਮਕ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਖੇ ਹਲਕਾ ਅਟਾਰੀ ਤੋਂ ਅਕਾਲੀ ਆਗੂ ਅਤੇ ਸਾਬਕਾ ਕੈਬਨਿਟ ਮੰਤਰੀ ਜਥੇਦਾਰ ਗੁਲਜ਼ਾਰ ਸਿੰਘ ਰਣੀਕੇ ਨੇ ਸਮੁੱਚੇ ਹਲਕੇ ਦੀਆਂ ਸੰਗਤਾਂ ਸਮੇਤ ਅੱਜ ਲੰਗਰ ਸੇਵਾ ਸ਼ੁਰੂ ਕੀਤੀ। ਉਨ੍ਹਾਂ ਵੱਲੋਂ ਇਹ ਲੰਗਰ ਸੇਵਾ ਭਲਕੇ ੫ ਦਸੰਬਰ ਤੱਕ ਚੱਲੇਗੀ। ਬੀਤੇ ਸਮੇਂ ਸ੍ਰੀ ਗੁਰੂ ਰਾਮਦਾਸ ਜੀ ਲੰਗਰ ਵਿਖੇ ਹਲਕਾ ਪੱਧਰ ਦੀਆਂ ਸੰਗਤਾਂ ਵੱਲੋਂ ਸਮੂਹਿਕ ਰੂਪ ਵਿਚ ਇਕੱਤਰ ਹੋ ਕੇ ਸੇਵਾ ਕਰਨ ਦੀ ਸ਼ੁਰੂਆਤ ਬੀਬੀ ਸੁਰਿੰਦਰ ਕੌਰ ਬਾਦਲ ਵੱਲੋਂ ਕੀਤੀ ਗਈ ਸੀ ਜੋ ਲੰਮਾ ਸਮਾਂ ਜਾਰੀ ਰਹੀ। ਅੱਜ ਕਾਫ਼ੀ ਸਮੇਂ ਬਾਅਦ ਜਥੇਦਾਰ ਗੁਲਜ਼ਾਰ ਸਿੰਘ ਰਣੀਕੇ ਦੀ ਅਗਵਾਈ ਵਿਚ ਫਿਰ ਲੰਗਰ ਸੇਵਾ ਕਰਨ ਪਹੁੰਚੀਆਂ ਹਲਕਾ ਅਟਾਰੀ ਦੀਆਂ ਸੰਗਤਾਂ ਵਿਚ ਭਾਰੀ ਉਤਸ਼ਾਹ ਸੀ। ਇਸ ਮੌਕੇ ਗੱਲਬਾਤ ਕਰਦਿਆਂ ਜਥੇਦਾਰ ਗੁਲਜ਼ਾਰ ਸਿੰਘ ਰਣੀਕੇ ਨੇ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦੇ ਲੰਗਰ ਵਿਚੋਂ ਰੋਜ਼ਾਨਾਂ ਲੱਖਾਂ ਸੰਗਤਾਂ ਪ੍ਰਸ਼ਾਦਾ ਛਕ ਕੇ ਤ੍ਰਿਪਤ ਹੁੰਦੀਆਂ ਹਨ ਅਤੇ ਗੁਰੂ ਸਾਹਿਬ ਦੀ ਬਖ਼ਸ਼ਿਸ਼ ਸਦਕਾ ਉਨ੍ਹਾਂ ਨੂੰ ਹਲਕੇ ਦੀਆਂ ਸੰਗਤਾਂ ਸਮੇਤ ਅੱਜ ਲੰਗਰ ਸੇਵਾ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ। ਉਨ੍ਹਾਂ ਕਿਹਾ ਕਿ ਬੀਬੀ ਸੁਰਿੰਦਰ ਕੌਰ ਬਾਦਲ ਦੀ ਪ੍ਰੇਰਣਾ ਨਾਲ ਸ਼ੁਰੂ ਹੋਈ ਹਲਕਾ ਪੱਧਰੀ ਲੰਗਰ ਸੇਵਾ ਨਾਲ ਸੰਗਤਾਂ ਨੂੰ ਇਕਜੁੱਟ ਹੋ ਕੇ ਗੁਰੂ ਘਰ ਅੰਦਰ ਸੇਵਾ ਕਰਨ ਦਾ ਮੌਕਾ ਮਿਲਦਾ ਹੈ। ਉਨ੍ਹਾਂ ਕਿਹਾ ਕਿ ਜਿਹੜੀਆਂ ਸੰਗਤਾਂ ਨੂੰ ਆਪ ਸੇਵਾ ਕਰਨ ਲਈ ਪਹੁੰਚਣ ਵਿਚ ਮੁਸ਼ਕਲ ਆਉਂਦੀ ਹੈ, ਹਲਕੇ ਦੀਆਂ ਸੰਗਤਾਂ ਦੇ ਸਾਥ ਨਾਲ ਸੇਵਾ ਕਰਕੇ ਉਹ ਆਪਣੇ ਆਪ ਨੂੰ ਧੰਨਤਾਯੋਗ ਸਮਝੀਆਂ ਹਨ। ਜਥੇਦਾਰ ਰਣੀਕੇ ਨੇ ਹਲਕੇ ਦੀਆਂ ਸੰਗਤਾਂ ਦਾ ਸੇਵਾ ਵਿਚ ਵਧ-ਚੜ੍ਹ ਕੇ ਯੋਗਦਾਨ ਪਾਉਣ ਲਈ ਹਾਰਦਿਕ ਧੰਨਵਾਦ ਵੀ ਕੀਤਾ।

ਉਨ੍ਹਾਂ ਦੱਸਿਆ ਕਿ ਲੰਗਰ ਸੇਵਾ ਲਈ ਹਲਕੇ ਦੀਆਂ ਸੰਗਤਾਂ ਵੱਲੋਂ ੬੦ ਕੁਇੰਟਲ ਆਟਾ, ੧੧ ਕੁਇੰਟਲ ਚੌਲ, ੧੦ ਕੁਇੰਟਲ ਦਾਲ, ੯ ਕੁਇੰਟਲ ਪਿਆਜ਼, ੭ ਕੁਇੰਟਲ ਦੇਸੀ ਘਿਓ, ੧੨ ਕੁਇੰਟਲ ਖੰਡ, ੩ ਕੁਇੰਟਲ ਪਨੀਰ, ੧੦ ਕੁਇੰਟਲ ਹਰੇ ਮਟਰ, ੨੫ ਕੁਇੰਟਲ ਦੁੱਧ, ੧੦ ਕੁਇੰਟਲ ਗਾਜਰ, ੩੦ ਕਿਲੋਂ ਚਾਹ ਪੱਤੀ, ੮੦ ਕਿਲੋਂ ਲਸਨ ਸਮੇਤ ਹੋਰ ਵੱਖ-ਵੱਖ ਰਸਦਾਂ ਲਿਆਂਦੀਆਂ ਗਈਆਂ ਹਨ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰਪਾਲ ਸਿੰਘ ਲਾਲੀ ਰਣੀਕੇ, ਬਾਬਾ ਨਿਰਮਲ ਸਿੰਘ ਨੌਸ਼ਿਹਰਾ ਢਾਲਾ ਤੇ ਸ. ਮੰਗਵਿੰਦਰ ਸਿੰਘ ਖਾਪੜਖੇੜੀ, ਬੀਬੀ ਕੰਵਲਜੀਤ ਕੌਰ ਰਣੀਕੇ, ਹਰਸਿਮਰਨ ਕੌਰ ਰਣੀਕੇ, ਅੰਜਨਾ ਸੇਠ, ਬਾਬਾ ਮੇਜਰ ਸਿੰਘ ਲੁਧਿਆਣਾ ਤਰਨਾ ਦਲ, ਬਾਬਾ ਗੁਰਪਿੰਦਰ ਸਿੰਘ ਵਡਾਲਾ, ਸ. ਹਰਦਲਬੀਰ ਸਿੰਘ ਸ਼ਾਹ, ਸ. ਸੁੱਚਾ ਸਿੰਘ ਧਰਮੀ ਫ਼ੌਜੀ, ਸ. ਪ੍ਰਗਟ ਸਿੰਘ ਬਨਵਾਲੀਪੁਰ, ਬਾਬਾ ਬਲਬੀਰ ਸਿੰਘ ਭਕਨਾ, ਸ. ਰਘਬੀਰ ਸਿੰਘ ਮੰਡ ਮੈਨੇਜਰ ਲੰਗਰ ਸ੍ਰੀ ਗੁਰੂ ਰਾਮਦਾਸ ਜੀ, ਸ. ਹਰਜਿੰਦਰ ਸਿੰਘ ਤੇ ਸ. ਰਾਜਿੰਦਰ ਸਿੰਘ ਅਟਾਰੀ ਐਡੀਸ਼ਨਲ ਮੈਨੇਜਰ, ਬਾਬਾ ਪ੍ਰਗਟ ਸਿੰਘ, ਸ. ਦਰਸ਼ਨ ਸਿੰਘ, ਸ. ਹਰਬੰਸ ਸਿੰਘ ਸਮੇਤ ਵੱਡੀ ਗਿਣਤੀਆਂ ਵਿਚ ਸੰਗਤਾਂ ਮੌਜੂਦ ਸਨ।

੪ ਦਸੰਬਰ

# ਸ਼੍ਰੋਮਣੀ ਕਮੇਟੀ ਵੱਲੋਂ ਮਨਾਇਆ ਗਿਆ ਬਾਬਾ ਗੁਰਬਖ਼ਸ਼ ਸਿੰਘ ਦਾ ਸ਼ਹੀਦੀ ਦਿਹਾੜਾ

ਅੰਮ੍ਰਿਤਸਰ, -ਸਿੱਖ ਕੌਮ ਦੇ ਮਹਾਨ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਦਾ ਸ਼ਹੀਦੀ ਦਿਹਾੜਾ ਅੱਜ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਸਥਿਤ ਉਨ੍ਹਾਂ ਨਾਲ ਸਬੰਧਤ ਅਸਥਾਨ ਵਿਖੇ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕਾਰਜ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਸਰਵਣ ਕਰਵਾਇਆ ਅਤੇ ਅਰਦਾਸ ਉਪਰੰਤ ਪਾਵਨ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਲਿਆ। ਇਸ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ

ਗਿਆਨੀ ਗੁਰਬਚਨ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਸਮਾਗਮ ਉਪਰੰਤ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੇ ਗੱਲਬਾਤ ਕਰਦਿਆਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਪਵਿੱਤਰਤਾ ਨੂੰ ਬਰਕਰਾਰ ਰੱਖਣ ਲਈ ਬਾਬਾ ਗੁਰਬਖ਼ਸ਼ ਸਿੰਘ ਨੇ ਅਹਿਮਦ ਸ਼ਾਹ ਅਬਦਾਲੀ ਦੀ ਤੀਹ ਹਜ਼ਾਰ ਫ਼ੌਜ ਦਾ ਮੁਕਾਬਲਾ ਆਪਣੇ ਕੇਵਲ ਕੁਝ ਕੁ ਸਾਥੀਆਂ ਨਾਲ ਕੀਤਾ। ਉਨ੍ਹਾਂ ਕਿਹਾ ਕਿ ਸਮੁੱਚਾ ਸਿੱਖ ਇਤਿਹਾਸ ਸ਼ਹਾਦਤਾਂ ਦੀ ਅਦੁੱਤੀ ਦਾਸਤਾਨ ਹੈ, ਜਿਸ ਦਾ ਮੁਕਾਬਲਾ ਦੁਨੀਆਂ ਦੇ ਇਤਿਹਾਸ ਵਿਚ ਹੋਰ ਕਿਧਰੇ ਨਹੀਂ ਮਿਲਦਾ। ਉਨ੍ਹਾਂ ਕਿਹਾ ਕਿ ਬਾਬਾ ਗੁਰਬਖ਼ਸ਼ ਸਿੰਘ ਦਾ ਜੀਵਨ ਅਤੇ ਉਨ੍ਹਾਂ ਦੀ ਸ਼ਹਾਦਤ ਆਪਣੇ ਧਰਮ ਅਸਥਾਨਾਂ ਦੀ ਰਾਖੀ ਲਈ ਸਿੱਖ ਕੌਮ ਨੂੰ ਅਗਵਾਈ ਦੇਣ ਵਾਲੀ ਹੈ ਅਤੇ ਅਜੋਕੀ ਸਿੱਖ ਨੌਜੁਆਨੀ ਨੂੰ ਉਨ੍ਹਾਂ ਦੀ ਦੇਣ ਤੋਂ ਪ੍ਰੇਰਣਾ ਪ੍ਰਾਪਤ ਕਰਨੀ ਚਾਹੀਦੀ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ, ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੇ ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਕੱਤਰ ਸਿੰਘ, ਸ. ਚਾਨਣ ਸਿੰਘ, ਸ. ਤੇਜਿੰਦਰ ਸਿੰਘ ਪੱਡਾ, ਸ. ਸੁਲੱਖਣ ਸਿੰਘ ਭੰਗਾਲੀ ਮੈਨੇਜਰ ਸ੍ਰੀ ਦਰਬਾਰ ਸਾਹਿਬ, ਸ. ਸਤਨਾਮ ਸਿੰਘ ਸੁਪ੍ਰਿੰਟੈਂਡੈਂਟ, ਇੰਚਾਰਜ ਸ. ਗੁਰਬਚਨ ਸਿੰਘ ਲੇਹਲ, ਸ. ਸੁਖਬੀਰ ਸਿੰਘ, ਸ. ਨਿਰਮਲ ਸਿੰਘ, ਸ. ਗੁਰਨਾਮ ਸਿੰਘ, ਸ. ਪਲਵਿੰਦਰ ਸਿੰਘ, ਐਡੀਸ਼ਨਲ ਮੈਨੇਜਰ ਸ. ਬਘੇਲ ਸਿੰਘ, ਸ. ਸਤਨਾਮ ਸਿੰਘ, ਸ. ਹਰਪ੍ਰੀਤ ਸਿੰਘ, ਸ. ਲਖਵਿੰਦਰ ਸਿੰਘ ਬੱਦੋਵਾਲ ਸਮੇਤ ਸ਼੍ਰੋਮਣੀ ਕਮੇਟੀ ਅਤੇ ਸ੍ਰੀ ਦਰਬਾਰ ਸਾਹਿਬ ਦਾ ਸਟਾਫ਼ ਅਤੇ ਸੰਗਤਾਂ ਹਾਜ਼ਰ ਸਨ।

੦੪ ਦਸੰਬਰ

## ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਭਗਤ ਸੈਣ ਜੀ ਦਾ ਜਨਮ ਦਿਹਾੜਾ ਮਨਾਇਆ

ਅੰਮ੍ਰਿਤਸਰ, -ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਗਤ ਸੈਣ ਜੀ ਦਾ ਜਨਮ ਦਿਹਾੜਾ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਉਪਰੰਤ ਭਾਈ ਅਮਨਦੀਪ ਸਿੰਘ ਦੇ ਰਾਗੀ ਜੱਥੇ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਅਰਦਾਸ ਭਾਈ ਸਤਨਾਮ ਸਿੰਘ ਨੇ ਕੀਤੀ ਅਤੇ ਹੁਕਮਨਾਮਾ ਭਾਈ ਹਰਮਿੱਤਰ ਸਿੰਘ ਨੇ ਲਿਆ।

ਇਸ ਸਮੇਂ ਹਾਜ਼ਰ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਦੇ ਕਥਾਵਾਚਕ ਭਾਈ ਹਰਮਿੱਤਰ ਸਿੰਘ ਨੇ ਕਿਹਾ ਕਿ ਭਗਤ ਸੈਣ ਜੀ ਦੀ ਬਾਣੀ ਮਾਨਵਤਾ ਲਈ ਰਾਹ ਦਸੇਰਾ ਹੈ ਜਿਸ 'ਤੇ ਚੱਲ ਕੇ ਅਸੀਂ ਆਪਣਾ ਜੀਵਨ ਸਵਾਰ ਸਕਦੇ ਹਾਂ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਅੰਦਰ ਜਿਨ੍ਹਾਂ ਸਤਿਕਾਰਤ ੧੫ ਭਗਤਾਂ ਦੀ ਬਾਣੀ ਦਰਜ ਹੈ ਉਨ੍ਹਾਂ ਵਿਚੋਂ ਭਗਤ ਸੈਣ ਜੀ ਵੀ ਇੱਕ ਹਨ। ਭਾਈ ਹਰਮਿੱਤਰ ਸਿੰਘ ਨੇ ਕਿਹਾ ਕਿ ਭਗਤ ਸਾਹਿਬਾਨ ਨੇ ਆਪਣੇ ਆਪ ਨੂੰ ਪ੍ਰਭੂ ਰੰਗਤ ਵਿਚ ਰੰਗ ਕੇ ਮਾਨਵਤਾ ਨੂੰ ਜੀਵਨ ਦੇ ਮੁੱਲਵਾਨ ਸਰੋਕਾਰਾਂ ਬਾਰੇ ਪ੍ਰੇਰਨਾ ਕੀਤੀ। ਉਨ੍ਹਾਂ ਨੇ ਅਜੋਕੀ ਨੌਜੁਆਨੀ ਨੂੰ ਗੁਰਬਾਣੀ ਦੇ ਲੜ ਲੱਗਣ ਦੀ ਵੀ ਅਪੀਲ ਕੀਤੀ।

ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ ਤੇ ਸ. ਰਘਬੀਰ ਸਿੰਘ ਮੰਡ, ਐਡੀਸ਼ਨਲ ਮੈਨੇਜਰ ਸ. ਨਰਿੰਦਰ ਸਿੰਘ, ਸ. ਰਾਜਿੰਦਰ ਸਿੰਘ ਰੂਬੀ ਅਟਾਰੀ, ਸ. ਬਘੇਲ ਸਿੰਘ ਤੇ ਸ. ਲਖਬੀਰ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ ਸਹਾਇਕ ਸੁਪ੍ਰਿੰਟੈਂਡੈਂਟ, ਸ. ਕਾਬਲ ਸਿੰਘ ਲੁਹਾਰਕਾ, ਸ. ਮਨਜੀਤ ਸਿੰਘ ਚੇਅਰਮੈਨ ਸੈਣ ਸਮਾਜ ਪੰਜਾਬ, ਸ. ਨਰਿੰਦਰ ਸਿੰਘ ਸੇਖਵਾਂ, ਸ. ਜਗਤਾਰ ਸਿੰਘ ਮੋਹਰਸਿੰਘ ਵਾਲਾ, ਸ. ਜਰਗ ਸਿੰਘ, ਸ. ਦਰਸ਼ਨ ਸਿੰਘ ਚਾਵਲਾ ਚੇਅਰਮੈਨ ਭਗਤ ਸੈਣ ਸਭਾ ਅਤੇ ਸੰਗਤਾਂ ਹਾਜ਼ਰ ਸਨ। ੦੩ ਦਸੰਬਰ

## ਸ਼੍ਰੋਮਣੀ ਕਮੇਟੀ ਨੇ ਭਾਈ ਮਰਦਾਨਾ ਜੀ ਦਾ ਅਕਾਲ ਚਲਾਣਾ ਦਿਵਸ ਮਨਾਇਆ

ਅੰਮ੍ਰਿਤਸਰ, -ਗੁਰੂ ਘਰ ਦੇ ਮਹਾਨ ਰਬਾਬੀ ਭਾਈ ਮਰਦਾਨਾ ਜੀ ਦਾ ਅਕਾਲ ਚਲਾਣਾ ਦਿਵਸ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ

ਗਿਆ। ਇਸ ਸਮੇਂ ਭਾਈ ਕਾਰਜ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ। ਉਪਰੰਤ ਅਰਦਾਸ ਭਾਈ ਕੁਲਵਿੰਦਰ ਸਿੰਘ ਨੇ ਕੀਤੀ ਅਤੇ ਹੁਕਮਨਾਮਾ ਭਾਈ ਹਰਮਿੱਤਰ ਸਿੰਘ ਨੇ ਲਿਆ।

ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੇ ਕਿਹਾ ਕਿ ਭਾਈ ਮਰਦਾਨਾ ਜੀ ਗੁਰੂ ਘਰ ਦੇ ਪਹਿਲੇ ਰਬਾਬੀ ਕੀਰਤਨੀਏ ਸਨ ਜਿਨ੍ਹਾਂ ਨੂੰ ਲੰਮਾਂ ਸਮਾਂ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਸਾਥ ਪ੍ਰਾਪਤ ਹੋਇਆ। ਉਨ੍ਹਾਂ ਕਿਹਾ ਕਿ ਭਾਈ ਮਰਦਾਨਾ ਜੀ ਸਿਦਕ ਤੇ ਸਮਰਪਣ ਦੀ ਮਿਸਾਲ ਸਨ। ਗੁਰੂ ਸਾਹਿਬ ਨਾਲ ਸੱਚੇ ਸਾਥੀ ਵਜੋਂ ਦੇਸ਼-ਦੇਸ਼ਾਂਤਰਾਂ ਦਾ ਭਰਮਣ ਕੀਤਾ ਅਤੇ ਕੀਰਤਨ ਦੀ ਉੱਤਮ ਸੇਵਾ ਨਿਭਾਈ। ਉਨ੍ਹਾਂ ਨੂੰ ਪਹਿਲੇ ਪਾਤਸ਼ਾਹ ਜੀ ਦੇ ਮੁਖ ਤੋਂ ਨਿਰੰਕਾਰੀ ਬਾਣੀ ਸੁਣਨ ਦਾ ਸੁਭਾਗ ਪ੍ਰਾਪਤ ਹੋਇਆ ਅਤੇ ਉਹ ਗੁਰੂ ਸਾਹਿਬ ਦੀ ਕਿਰਪਾ ਦੇ ਮਹਾਨ ਪਾਤਰ ਬਣੇ। ਉਨ੍ਹਾਂ ਕਿਹਾ ਕਿ ਭਾਈ ਮਰਦਾਨਾ ਜੀ ਦਾ ਅਕਾਲ ਚਲਾਣਾ ਦਿਵਸ ਮਨਾਉਣ ਦੀ ਆਰੰਭਤਾ ਪਿਛਲੇ ਸਾਲ ਕੀਤੀ ਗਈ ਸੀ ਅਤੇ ਅੱਗੇ ਤੋਂ ਵੀ ਇਹ ਦਿਹਾੜਾ ਹਰ ਸਾਲ ਮਨਾਇਆ ਜਾਵੇਗਾ। ਸਮਾਗਮ ਵਿਚ ਹਾਜ਼ਰ ਹੋਣ ਪੁੱਜੇ ਭਾਈ ਮਰਦਾਨਾ ਜੀ ਵਿਸ਼ਵ ਰਬਾਬੀ ਸੁਸਾਇਟੀ ਪੰਜਾਬ ਦੇ ਨੁਮਾਇੰਦਿਆਂ ਨੇ ਇਸ ਮੌਕੇ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੂੰ ਸਨਮਾਨਿਤ ਕੀਤਾ ਅਤੇ ਭਾਈ ਮਰਦਾਨਾ ਜੀ ਦੀ ਯਾਦ ਹਰ ਸਾਲ ਮਨਾਉਣ ਦੇ ਫੈਸਲੇ ਲਈ ਧੰਨਵਾਦ ਕੀਤਾ।

ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ ਤੇ ਸ. ਹਰਭਜਨ ਸਿੰਘ ਮਨਾਵਾਂ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾ ਕੋਹਨਾ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਕੇਵਲ ਸਿੰਘ ਭੂਰਾ ਕੋਹਨਾ, ਸ. ਬਿਜੈ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਹਰਿੰਦਰਪਾਲ ਸਿੰਘ ਤੇ ਸ. ਜਗਜੀਤ ਸਿੰਘ, ਭਾਈ ਮਰਦਾਨਾ ਜੀ ਸੁਸਾਇਟੀ ਦੇ ਅਹੁਦੇਦਾਰਾਂ ਵਿਚੋਂ ਸ੍ਰੀ ਜੀਤਾ ਜੀ, ਸ੍ਰੀ ਮੰਗਲ ਜੀ, ਸ. ਰਘਬੀਰ ਸਿੰਘ ਬੋਦਲਾ, ਸ. ਦਿਲਾਰ ਸਿੰਘ ਕੈਪਟਨ, ਸ. ਬਲਦੇਵ ਸਿੰਘ ਕਾਦੀਆਂ, ਸ. ਸਰਦਾਰਾ ਸਿੰਘ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

੨੮ ਨਵੰਬਰ

# ਸਿੱਖ ਰਾਜ ਦੀ ਪਹਿਲੀ ਰਾਜਧਾਨੀ ਕਿਲ੍ਹਾ ਲੋਹਗੜ੍ਹ ਸਾਹਿਬ ਦੀ ਸ਼ਾਨ ਨੂੰ ਮੁੜ ਸੁਰਜੀਤ ਕੀਤਾ ਜਾਵੇਗਾ

## ਕਿਲ੍ਹੇ ਦੇ ਸਥਾਨ 'ਤੇ ਦਰਬਾਰ ਸਾਹਿਬ ਦੀ ਉਸਾਰੀ ਲਈ ਰੱਖਿਆ ਨੀਂਹ ਪੱਥਰ

ਮੁਖਲਿਸਗੜ੍ਹ (ਹਰਿਆਣਾ) -ਮਹਾਨ ਸਿੱਖ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਸਥਾਪਤ ਕੀਤੀ ਗਈ ਸਿੱਖ ਰਾਜ ਦੀ ਪਹਿਲੀ ਰਾਜਧਾਨੀ ਕਿਲ੍ਹਾ ਲੋਹਗੜ੍ਹ ਸਾਹਿਬ, ਮੁਖਲਿਸਗੜ੍ਹ (ਹਰਿਆਣਾ) ਦੀ ਸ਼ਾਨ ਨੂੰ ਮੁੜ ਸੁਰਜੀਤ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕੋਈ ਕਸਰ ਨਹੀਂ ਛੱਡੇਗੀ। ਇਹ ਪ੍ਰਗਟਾਵਾ ਕਿਲ੍ਹਾ ਲੋਹਗੜ੍ਹ ਸਾਹਿਬ ਦੇ ਸਥਾਨ ਤੇ ਦਰਬਾਰ ਸਾਹਿਬ ਦੀ ਉਸਾਰੀ ਲਈ ਨੀਂਹ ਪੱਥਰ ਰੱਖਣ ਲਈ ਪਹੁੰਚੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਵੱਲੋਂ ਕੀਤਾ ਗਿਆ। ਨੀਂਹ ਪੱਥਰ ਤੋਂ ਪਰਦਾ ਹਟਾਉਣ ਉਪਰੰਤ ਸੰਗਤਾਂ ਦੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਸਿੱਖ ਵਿਰਾਸਤ ਦੀ ਸਾਂਭ-ਸੰਭਾਲ ਲਈ ਸ਼੍ਰੋਮਣੀ ਕਮੇਟੀ ਵਿਸ਼ੇਸ਼ ਯਤਨ ਕਰ ਰਹੀ ਹੈ ਅਤੇ ਇਸੇ ਤਹਿਤ ਹੀ ਇਤਿਹਾਸਕ ਅਸਥਾਨ ਕਿਲ੍ਹਾ ਲੋਹਗੜ੍ਹ ਸਾਹਿਬ ਦੇ ਇਤਿਹਾਸ ਨੂੰ ਸੰਗਤਾਂ ਵਿਚ ਉਭਾਰਨ ਲਈ ਇਥੇ ਗੁਰਦੁਆਰਾ ਸਾਹਿਬ ਦੇ ਦਰਬਾਰ ਦਾ ਨੀਂਹ ਪੱਥਰ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਨੇ ਮੁਗ਼ਲ ਹਕੂਮਤ ਨਾਲ ਟੱਕਰ ਲੈ ਕੇ ਜਿਥੇ ਜਬਰ ਜੁਲਮ ਦਾ ਖ਼ਾਤਮਾ ਕੀਤਾ ਉਥੇ ਹੀ ਮਜਲੂਮਾਂ ਅਤੇ ਗਰੀਬਾਂ ਦਾ ਮਸੀਹਾਂ ਬਣ ਕੇ ਉਨ੍ਹਾਂ ਦੇ ਬਣਦੇ ਹੱਕਾਂ ਲਈ ਵੀ ਕਰੜਾ ਸੰਘਰਸ਼ ਕੀਤਾ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਸਾਰੇ ਦੇਸ ਦਾ ਸਾਂਝਾ ਨਾਇਕ ਸੀ, ਜਿਸ ਦੀ ਲੜ੍ਹਾਈ ਨਿੱਜ ਲਈ ਨਹੀਂ ਸਗੋਂ ਲੋਕਾਈ ਨੂੰ ਸੁਖਦ ਜੀਵਨ ਜਿਊਣ ਦਾ ਹੱਕ ਦੇਣ ਲਈ ਸੀ। ਪ੍ਰੋ. ਬਡੂੰਗਰ ਨੇ ਆਖਿਆ ਕਿ ਸਿੱਖ ਕੌਮ ਦੀ ਵਿਰਾਸਤ ਨਾਲ ਅਜੋਕੀ ਪੀੜ੍ਹੀ ਨੂੰ ਜੋੜਨਾ ਸਮੇਂ ਦੀ ਮੁੱਖ ਲੋੜ ਹੈ ਅਤੇ ਸਿੱਖ ਕਾਰਜ ਲਈ ਸਾਨੂੰ ਸੰਯੁਕਤ ਉਪਰਾਲੇ ਕਰਨੇ ਪੈਣਗੇ। ਉਨ੍ਹਾਂ ਕਿਹਾ ਕਿ ਕਿਲ੍ਹਾ ਲੋਹਗੜ੍ਹ ਸਾਹਿਬ ਲਈ ਸੇਵਾ ਪੰਥ ਰਤਨ ਬਾਬਾ ਹਰਬੰਸ ਸਿੰਘ ਕਾਰ ਸੇਵਾ ਦਿੱਲੀ ਵਾਲਿਆਂ ਵੱਲੋਂ ਵਰੋਸਾਏ ਬਾਬਾ ਬਚਨ ਸਿੰਘ ਅਤੇ ਬਾਬਾ ਸੁੱਖਾ ਸਿੰਘ ਕਰਨਾਲ ਵਾਲਿਆਂ ਨੂੰ

ਸੌਂਪੀ ਗਈ ਹੈ। ਉਨ੍ਹਾਂ ਸਮਾਗਮ ਦੀ ਸਫਲਤਾ ਲਈ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਾਇਮਪੁਰ ਨੂੰ ਮੁਬਾਰਕਬਾਦ ਵੀ ਦਿੱਤੀ।

ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਮੈਂਬਰ ਪਾਰਲੀਮੈਂਟ ਪ੍ਰੋ. ਪ੍ਰੇਮ ਸਿੰਘ ਚੰਦੂਮਾਜ਼ਰਾ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਸ. ਬਲਵਿੰਦਰ ਸਿੰਘ ਭੂੰਦੜ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਦੇ ਯਤਨਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕਿਲ੍ਹਾ ਲੋਹਗੜ੍ਹ ਸਾਹਿਬ ਸਿੱਖ ਇਤਿਹਾਸ ਦੀ ਅਨਮੋਲ ਵਿਰਾਸਤ ਹੈ ਅਤੇ ਇਸ ਦੀ ਸ਼ਾਨ ਨੂੰ ਮੁੜ ਉਭਾਰਨ ਲਈ ਯਤਨ ਇੱਕ ਇਤਿਹਾਸਿਕ ਕਾਰਜ ਹੈ। ਇਸ ਮੌਕੇ ਹਲਕਾ ਵਿਧਾਇਕ ਸ. ਬਖਸ਼ੀਸ਼ ਸਿੰਘ ਵਿਰਕ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੀਤ ਪ੍ਰਧਾਨ ਸ. ਹਰਮੀਤ ਸਿੰਘ ਕਾਲਕਾ ਨੇ ਵੀ ਸੰਬੋਧਨ ਕੀਤਾ।

ਇਸ ਤੋਂ ਪਹਿਲਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਤੇ ਸਮਾਗਮ ਦੇ ਆਯੋਜਿਕ ਸ. ਬਲਦੇਵ ਸਿੰਘ ਕਾਇਮਪੁਰ ਨੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਜੀ ਆਇਆਂ ਆਖਦਿਆਂ ਪੁੱਜੀਆਂ ਦਾ ਧੰਨਵਾਦ ਕੀਤਾ।

ਸਮਾਗਮ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਪ੍ਰੋ. ਪ੍ਰੇਮ ਸਿੰਘ ਚੰਦੂਮਾਜ਼ਰਾ, ਸ. ਬਲਵਿੰਦਰ ਸਿੰਘ ਭੂੰਦੜ ਅਤੇ, ਸ. ਬਖਸ਼ੀਸ਼ ਸਿੰਘ ਵਿਰਕ ਨੂੰ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਾਇਮਪੁਰ ਅਤੇ ਹਰਿਆਣਾ ਰਾਜ ਨਾਲ ਸਬੰਧਤ ਸ਼੍ਰੋਮਣੀ ਕਮੇਟੀ ਮੈਂਬਰਾਂ ਨੇ ਸਨਮਾਨਿਤ ਵੀ ਕੀਤਾ।

ਸਮਾਗਮ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਹਜ਼ੂਰੀ ਰਾਗੀ ਭਾਈ ਸੁਖਜਿੰਦਰ ਸਿੰਘ ਤੋਂ ਇਲਾਵਾ ਭਾਈ ਹਰਪਾਲ ਸਿੰਘ ਢੰਡ ਅਤੇ ਭਾਈ ਗੁਰਪ੍ਰੀਤ ਸਿੰਘ ਲਾਂਡਰਾਂ ਦੇ ਢਾਡੀ ਜਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਅਤੇ ਸਿੱਖ ਇਤਿਹਾਸ ਨਾਲ ਜੋੜਿਆ।

